ਬੁੱਧਵਾਰ, 10 ਜੂਨ, 2026
27 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 9

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • WEDNESDAY, 10 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹਿੰਦੂ ਵਪਾਰੀਆਂ ਨੂੰ ਤੰਗ ਕਰ ਰਹੀ ਈ ਡੀ ਪਾਰਟੀ : ਕੇਜਰੀਵਾਲ, ਮਾਨ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਦੇ ਵਪਾਰੀਆਂ 'ਤੇ ਮੰਗਲਵਾਰ ਇੱਕ ਵਾਰ ਫਿਰ ਈ ਡੀ ਦੀ ਰੇਡ ਪੈਣ 'ਤੇ ਆਮ ਆਦਮੀ ਪਾਰਟੀ ਅਤੇ ਉਸ ਦੀ ਪੰਜਾਬ ਸਰਕਾਰ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਪੰਜਾਬ ਸਰਕਾਰ ਨੇ ਵਪਾਰੀਆਂ ਨੂੰ ਪੰਜਾਬ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਉਨ੍ਹਾਂ ਦੇ ਨਾਲ ਖੜ੍ਹੇ ਹੋਣ ਦੀ ਗੱਲ ਕਹੀ ਹੈ।ਦੂਜੇ ਪਾਸੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕੇਂਦਰ ਦੀ ਸੱਤਾ ਵਿੱਚ ਬੈਠੀ ਭਾਜਪਾ 'ਤੇ ਤਿੱਖਾ ਹਮਲਾ ਬੋਲਿਆ ਹੈ।ਉਨ੍ਹਾ ਕਿਹਾ ਕਿ ਈ ਡੀ ਪਾਰਟੀ ਪੰਜਾਬ ਦੇ ਹਿੰਦੂ ਵਪਾਰੀਆਂ 'ਤੇ ਈਡੀ ਦੀ ਰੇਡ ਕਰਵਾ ਕੇ ਉਨ੍ਹਾਂ ਨੂੰ ਤੰਗ ਕਰ ਰਹੀ ਹੈ। ਉਨ੍ਹਾ ਸਾਰੇ ਵਪਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਈ ਵੀ ਵਪਾਰੀ ਘਬਰਾਏ ਨਾ, ਪੂਰਾ ਪੰਜਾਬ ਤੁਹਾਡੇ ਨਾਲ ਖੜ੍ਹਾ ਹੈ।ਅਸੀਂ ਸਭ ਮਿਲ ਕੇ ਈ ਡੀ ਪਾਰਟੀ ਦਾ ਮੁਕਾਬਲਾ ਕਰਾਂਗੇ।

ਕੇਜਰੀਵਾਲ ਨੇ ਐਕਸ 'ਤੇ ਕਿਹਾ ਕਿ ਈ ਡੀ ਪਾਰਟੀ ਮੰਗਲਵਾਰ ਨੂੰ ਇੱਕ ਵਾਰ ਫਿਰ ਪੰਜਾਬ ਦੇ ਹਿੰਦੂ ਵਪਾਰੀਆਂ 'ਤੇ ਈਡੀ ਦੀ ਰੇਡ ਕਰ ਰਹੀ ਹੈ। ਈ ਡੀ ਪਾਰਟੀ ਪੰਜਾਬ ਦੇ ਛੋਟੇ-ਛੋਟੇ ਹਿੰਦੂ ਵਪਾਰੀਆਂ ਨੂੰ ਤੰਗ ਕਰ ਰਹੀ ਹੈ।ਮੇਰੀ ਸਾਰੇ ਵਪਾਰੀਆਂ ਨੂੰ ਅਪੀਲ ਹੈ ਕਿ ਘਬਰਾਉਣ ਦੀ ਕੋਈ ਲੋੜ ਨਹੀਂ, ਪੂਰਾ ਪੰਜਾਬ ਅਤੇ ਪੰਜਾਬ ਸਰਕਾਰ ਤੁਹਾਡੇ ਨਾਲ ਹੈ, ਅਸੀਂ ਸਭ ਮਿਲ ਕੇ ਈ ਡੀ ਪਾਰਟੀ ਦਾ ਮੁਕਾਬਲਾ ਕਰਾਂਗੇ।

ਉਹਨਾ ਅਕਾਲੀ ਦਲ ਅਤੇ ਭਾਜਪਾ ਵਿਚਾਲੇ ਗਠਜੋੜ ਨੂੰ ਲੈ ਕੇ ਚੱਲ ਰਹੀ ਚਰਚਾ 'ਤੇ ਕਿਹਾ ਕਿ ਸੁਣਿਆ ਹੈ ਕਿ ਈ ਡੀ ਪਾਰਟੀ ਪੰਜਾਬ ਦੀ ਬੇਅਦਬੀ ਪਾਰਟੀ/ਚਿੱਟਾ ਪਾਰਟੀ ਨਾਲ ਗਠਜੋੜ ਕਰਨ ਲਈ ਬਹੁਤ ਬੇਚੈਨ ਹੈ, ਪਰ ਬੇਅਦਬੀ ਪਾਰਟੀ/ ਚਿੱਟਾ ਪਾਰਟੀ ਉਨ੍ਹਾਂ ਨੂੰ ਘਾਹ ਨਹੀਂ ਪਾ ਰਹੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਈ ਡੀ ਦੀ ਰੇਡ 'ਤੇ ਕਿਹਾ ਕਿ ਪੰਜਾਬ ਦੇ ਹਿੰਦੂ ਵਪਾਰੀ ਸਾਡੇ ਸੂਬੇ ਦੇ ਆਰਥਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਹਨ ਅਤੇ 'ਰੰਗਲਾ ਪੰਜਾਬ' ਬਣਾਉਣ ਵਿੱਚ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ।ਈ ਡੀ ਪਾਰਟੀ ਸੈਂਟਰਲ ਏਜੰਸੀਆਂ ਦੀ ਗਲਤ ਵਰਤੋਂ ਕਰਕੇ ਸਾਡੇ ਵਪਾਰੀਆਂ ਨੂੰ ਪਰੇਸ਼ਾਨ ਕਰਨਾ ਚਾਹੁੰਦੀ ਹੈ। ਅਜਿਹਾ ਕਰਕੇ ਉਹ ਸਿਆਸੀ ਦਬਾਅ ਪਾ ਕੇ ਉਨ੍ਹਾਂ ਨੂੰ ਆਪਣੇ ਨਾਲ ਮਿਲਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਿਸ ਨੂੰ ਪੰਜਾਬੀ ਬਿਲਕੁਲ ਬਰਦਾਸ਼ਤ ਨਹੀਂ ਕਰਨਗੇ, ਅਸੀਂ ਆਪਣੇ ਵਪਾਰੀਆਂ ਦੇ ਨਾਲ ਖੜ੍ਹੇ ਹਾਂ।

ਉੱਥੇ ਹੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਕਿ ਵਪਾਰੀਆਂ ਨੂੰ ਈਡੀ ਰੇਡ ਨਾਲ ਬਰਬਾਦ ਕਰ ਦਿੱਤਾ ਅਤੇ ਨੌਜਵਾਨਾਂ ਨੂੰ ਪ੍ਰੀਖਿਆ ਘੁਟਾਲਿਆਂ ਨਾਲ, ਮੋਦੀ ਜੀ ਤੁਸੀਂ ਮਹਾਨ ਹੋ।ਪਰ ਦੇਸ਼ ਨੂੰ ਇਨੋਵੇਸ਼ਨ ਇਕਾਨਮੀ ਚਾਹੀਦੀ ਹੈ, ਈਡੀ ਇਕਾਨਮੀ ਨਹੀਂ।ਲੱਛੇਦਾਰ ਭਾਸ਼ਣਾਂ ਅਤੇ ਮੀਡੀਆ ਮੈਨੇਜਮੈਂਟ ਨਾਲ ਆਰਥਿਕਤਾ ਦਾ ਸੱਚ ਜ਼ਿਆਦਾ ਦਿਨ ਤੱਕ ਨਹੀਂ ਛੁਪ ਸਕਦਾ।

ਮਨੀਸ਼ ਸਿਸੋਦੀਆ ਨੇ ਕਿਹਾ ਕਿ 26 ਸਾਲਾਂ ਵਿੱਚ ਪਹਿਲੀ ਵਾਰ ਐੱਮ ਐੱਸ ਸੀ ਆਈ ਇਮਰਜਿੰਗ ਮਾਰਕੀਟਸ ਇੰਡੈਕਸ ਦੀਆਂ ਟੌਪ 10 ਕੰਪਨੀਆਂ ਵਿੱਚੋਂ ਭਾਰਤ ਦੀਆਂ ਕੰਪਨੀਆਂ ਬਾਹਰ ਹੋ ਗਈਆਂ ਹਨ। ਐੱਮ ਐੱਸ ਸੀ ਆਈ ਇਮਰਜਿੰਗ ਮਾਰਕੀਟਸ ਇੰਡੈਕਸ ਦੁਨੀਆ ਦੇ ਸਭ ਤੋਂ ਵੱਡੇ ਨਿਵੇਸ਼ ਸੂਚਕਾਂਕਾਂ ਵਿੱਚੋਂ ਇੱਕ ਹੈ। ਦੁਨੀਆ ਭਰ ਦੇ ਸੈਂਕੜੇ ਅਰਬ ਡਾਲਰ ਦੇ ਫੰਡ ਇਸੇ ਇੰਡੈਕਸ ਨੂੰ ਦੇਖ ਕੇ ਨਿਵੇਸ਼ ਕਰਦੇ • ਬਾਕੀ ਸਫਾ 2 'ਤੇ

## ਈਰਾਨ ਨਾਲ ਦੁਬਾਰਾ ਜੰਗ ਛੇੜੀ ਤਾਂ ਨੇਤਨਯਾਹੂ ਦਾ ਸਾਥ ਛੱਡ ਦੇਵਾਂਗੇ : ਟਰੰਪ

**ਦੁਬਈ** : ਈਰਾਨ ਤੇ ਇਜ਼ਰਾਈਲ ਨੇ ਸੋਮਵਾਰ ਨੂੰ ਕਿਹਾ ਕਿ ਉਨ੍ਹਾਂ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਪੀਲ ਤੋਂ ਬਾਅਦ ਇੱਕ-ਦੂਜੇ 'ਤੇ ਹਮਲੇ ਰੋਕ ਦਿੱਤੇ ਹਨ, ਹਾਲਾਂਕਿ ਤਹਿਰਾਨ (ਈਰਾਨ) ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਜ਼ਰਾਈਲ ਨੇ ਲਿਬਨਾਨ ਵਿੱਚ ਹਿਜ਼ਬੁੱਲਾ 'ਤੇ ਹਮਲੇ ਜਾਰੀ ਰੱਖੇ ਤਾਂ ਉਹ ਦੁਬਾਰਾ ਜੰਗ ਸ਼ੁਰੂ ਕਰ ਦੇਵੇਗਾ। ਉੱਥੇ ਹੀ ਟਰੰਪ ਨੇ ਕਿਹਾ ਕਿ ਇਜ਼ਰਾਈਲ ਅਤੇ ਈਰਾਨ ਦੋਵੇਂ ਤੁਰੰਤ ਜੰਗਬੰਦੀ ਚਾਹੁੰਦੇ ਹਨ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ 'ਸ਼ਾਂਤੀ' ਬਹਾਲ ਕਰਨ ਲਈ ਆਖਰੀ ਦੌਰ ਦੀ ਗੱਲਬਾਤ ਚੱਲ ਰਹੀ ਹੈ, ਪਰ ਅਜਿਹਾ ਤਾਂ ਹੀ ਹੋ ਸਕੇਗਾ ਜੇਕਰ ਕਿਸੇ ਦੀ ਨਾਸਮਝੀ ਜਾਂ ਮੂਰਖਤਾ ਇਸ ਦੇ ਰਸਤੇ ਵਿੱਚ ਰੁਕਾਵਟ ਨਾ ਬਣੇ। ਸੋਮਵਾਰ ਨੂੰ ਸਾਹਮਣੇ ਆਈ 'ਐਕਸੀਓਸ' ਦੀ ਇੱਕ ਇੰਟਰਵਿਊ ਵਿੱਚ ਟਰੰਪ ਨੇ ਦੱਸਿਆ ਕਿ ਉਨ੍ਹਾਂ ਨੇ ਨੇਤਨਯਾਹੂ ਨੂੰ ਸਾਫ਼ ਚਿਤਾਵਨੀ ਦਿੱਤੀ ਹੈ। ਟਰੰਪ ਮੁਤਾਬਕ ਜੇਕਰ ਇਜ਼ਰਾਈਲੀ ਆਗੂ ਨ • ਬਾਕੀ ਸਫਾ 2 'ਤੇ

## ਜ਼ੋਜੀਲਾ ਸੁਰੰਗ ਦੀ ਖੁਦਾਈ ਦਾ ਕੰਮ ਮੁਕੰਮਲ



**ਸ੍ਰੀਨਗਰ** : ਦੁਨੀਆ ਵਿੱਚ ਸਭ ਤੋਂ ਵੱਧ ਉਚਾਈ 'ਤੇ ਸਥਿਤ 'ਜ਼ੋਜੀਲਾ ਸੁਰੰਗ' ਦੀ ਆਖਰੀ ਖੁਦਾਈ ਦਾ ਕੰਮ ਮੰਗਲਵਾਰ ਨੂੰ ਸਫ਼ਲਤਾਪੂਰਵਕ ਪੂਰਾ ਹੋ ਗਿਆ ਹੈ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਜ਼ੋਜੀਲਾ ਵਿਖੇ ਹੋਏ ਇਸ ਇਤਿਹਾਸਕ ਪ੍ਰੋਗਰਾਮ ਵਿੱਚ ਸ਼ਾਮਲ ਹੋਏ।

ਇਸ ਮੌਕੇ ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਵੀ ਮੌਜੂਦ ਸਨ। ਪ੍ਰੋਜੈਕਟ ਨੂੰ ਬਣਾਉਣ ਵਾਲੀ ਕੰਪਨੀ 'ਮੇਘਾ ਇੰਜੀਨੀਅਰਿੰਗ ਐਂਡ ਇਨਫਰਾਸਟਰਕਚਰ ਲਿਮਟਿਡ' ਨੇ ਕਿਹਾ ਕਿ 13.153 ਕਿਲੋਮੀਟਰ ਲੰਮੀ ਜ਼ੋਜੀਲਾ ਸੁਰੰਗ ਦੀ ਇਹ ਸਫ਼ਲਤਾ ਭਾਰਤ ਦੇ ਬੁਨਿਆਦੀ ਢਾਂਚੇ ਦੇ ਇਤਿਹਾਸ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਹੈ। ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਬਾਲਟਾਲ (ਸੋਨਮਾਰਗ) ਅਤੇ ਮੀਨਾਮਾਰਗ (ਦਰਾਸ-ਕਾਰਗਿਲ) ਵਿਚਕਾਰ ਜ਼ੋਜੀਲਾ ਖੇਤਰ ਵਿੱਚ ਇਹ ਪ੍ਰੋਜੈਕਟ ਤਿਆਰ ਕੀਤਾ ਜਾ ਰਿਹਾ ਹੈ। ਇਸ ਦਾ ਮਕਸਦ ਭਾਰਤ ਦੇ ਸਭ ਤੋਂ ਚੁਣੌਤੀਪੂਰਨ ਹਿਮਾਲੀਅਨ ਲਾਂਘੇ 'ਤੇ ਹਰ ਮੌਸਮ ਵਿੱਚ ਨਿਰਵਿਘਨ ਆਵਾਜਾਈ ਯਕੀਨੀ ਬਣਾਉਣਾ ਹੈ, ਜੋ ਹਰ ਸਾਲ ਭਾਰੀ ਬਰਫ਼ਬਾਰੀ, ਬਰਫ਼ ਦੇ ਤੋਦੇ ਡਿੱਗਣ ਅਤੇ ਖ਼ਰਾਬ ਮੌਸਮ ਕਾਰਨ ਲੰਮੇ ਸਮੇਂ ਲਈ ਬਾਕੀ ਦੇਸ਼ ਨਾਲੋਂ ਬਿਲਕੁਲ ਕੱਟਿਆ ਰਹਿੰਦਾ ਹੈ।

# ਪੰਜਾਬ ਦੇਸ਼ ਦੀ ਸਟਾਰਟਅੱਪ ਹੱਬ ਵਜੋਂ ਉਭਰ ਰਿਹਾ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**




ਮੌਜੂਦਾ ਸਮੇਂ ਪੰਜਾਬ ਨਵੀਨ ਵਿਚਾਰਾਂ, ਵਿਲੱਖਣ ਸੋਚ ਅਤੇ ਉਦਮੀ ਨੌਜਵਾਨਾਂ ਵੱਲੋਂ ਲੀਹੋਂ ਹਟਵੀਆਂ ਪਹਿਲਕਦਮੀਆਂ ਕਰਨ ਨਾਲ ਵਿਕਾਸ ਦੀ ਨਵੀਂ ਕਹਾਣੀ ਸਿਰਜ ਰਿਹਾ ਹੈ, ਜਿਸ ਸਦਕਾ ਸੂਬਾ, ਦੇਸ਼ ਭਰ ਵਿੱਚ ਸਭ ਤੋਂ ਪਸੰਦੀਦਾ ਸਟਾਰਟਅੱਪ ਸਥਾਨ ਵਜੋਂ ਉਭਰ ਰਿਹਾ ਹੈ, ਜਿੱਥੇ ਨੌਜਵਾਨ ਆਪਣੇ ਵਿਚਾਰਾਂ ਨੂੰ ਕਾਰੋਬਾਰ ਅਤੇ ਰੁਜ਼ਗਾਰ ਦੇ ਮੌਕਿਆਂ ਵਿੱਚ ਬਦਲ ਰਹੇ ਹਨ। ਇਸ ਸੋਚ ਦੀ ਪੈਰਵੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ 31 ਸਟਾਰਟਅੱਪਜ਼ ਅਤੇ ਉਨ੍ਹਾਂ ਦੇ ਸੰਸਥਾਪਕਾਂ ਨੂੰ 1.07 ਕਰੋੜ ਰੁਪਏ ਦੀ ਸੀਡ ਗ੍ਰਾਂਟ ਵੰਡੀ। ਉਨ੍ਹਾ ਕਿਹਾ ਕਿ ਸਫਲ ਉਦਮੀਆਂ ਦੀ ਅਗਲੀ ਪੀੜ੍ਹੀ ਨਾ ਸਿਰਫ਼ ਪੰਜਾਬ ਵਿੱਚੋਂ ਆਵੇ, ਸਗੋਂ ਪੰਜਾਬ ਵਿੱਚ ਆਪਣੀਆਂ ਕੰਪਨੀਆਂ ਵੀ ਸਥਾਪਤ ਕਰੇ, ਜਿਸ ਨਾਲ ਸੂਬੇ ਦੇ ਅੰਦਰ ਹੀ ਨੌਕਰੀਆਂ ਅਤੇ ਕਮਾਈ ਦੇ ਮੌਕੇ ਪੈਦਾ ਹੋਣ। ਸਟਾਰਟਅੱਪ ਨੂੰ ਪੰਜਾਬ ਦੇ ਭਵਿੱਖੀ ਆਰਥਿਕ ਵਿਕਾਸ ਦਾ ਮੁੱਖ ਥੰਮ੍ਹ ਦੱਸਦਿਆਂ ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਕਿਸੇ ਵੀ ਸ਼ਾਨਦਾਰ ਉਦਮ ਨੂੰ ਵਿੱਤੀ ਸਹਾਇਤਾ ਦੀ ਘਾਟ ਕਾਰਨ ਛੱਡਿਆ ਨਾ ਜਾਵੇ।ਮੁੱਖ ਮੰਤਰੀ ਨੇ ਕਿਹਾ ਕਿ 'ਪੰਜਾਬ ਸਟਾਰਟਅੱਪ ਅਤੇ ਇੰਡਸਟ੍ਰੀਅਲ ਪਾਲਿਸੀ-2026' ਤਹਿਤ ਸੀਡ ਗ੍ਰਾਂਟ 3 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਕਰ ਦਿੱਤੀ ਗਈ ਹੈ, ਜਿਸ ਵਿੱਚ 7 ਸਟਾਰਟਅੱਪਸ ਨੂੰ 5-5 ਲੱਖ ਰੁਪਏ ਅਤੇ 24 ਸਟਾਰਟਅੱਪਸ ਨੂੰ 3-3 ਲੱਖ ਰੁਪਏ ਦੀ ਗ੍ਰਾਂਟ ਮਿਲ ਰਹੀ ਹੈ।

ਉਨ੍ਹਾ ਆਸ ਪ੍ਰਗਟਾਈ ਕਿ ਇਹ ਉਦਮ ਰੁਜ਼ਗਾਰ ਦੇ ਹਜ਼ਾਰਾਂ ਮੌਕੇ ਪੈਦਾ ਕਰਨਗੇ ਅਤੇ ਨੌਜਵਾਨਾਂ ਦਰਮਿਆਨ ਨੌਕਰੀਆਂ ਦੀ ਭਾਲ ਵਿੱਚ ਵਿਦੇਸ਼ ਜਾਣ ਦੇ ਰੁਝਾਨ ਨੂੰ ਘਟਾਉਣ ਵਿੱਚ ਮਦਦ ਕਰਨਗੇ।

ਨੌਜਵਾਨ ਉਦਮੀਆਂ ਨਾਲ ਭਾਵਨਾਤਮਕ ਸਾਂਝ ਜ਼ਾਹਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਦੇ ਵੀ ਛੋਟਾ ਨਾ ਸੋਚੋ। ਵੱਡੇ ਸੁਪਨੇ ਦੇਖੋ। ਆਪਣੀਆਂ ਨਜ਼ਰਾਂ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਵਾਲੀਆਂ ਆਲਮੀ ਕੰਪਨੀਆਂ ਬਣਾਉਣ 'ਤੇ ਰੱਖੋ। ਜਦੋਂ ਤੁਸੀਂ ਸਫਲ ਹੋਵੋਗੇ, ਤਾਂ ਤੁਸੀਂ ਇਕੱਲੇ ਸਫਲ ਨਹੀਂ ਹੋਵੋਗੇ, ਤੁਸੀਂ ਆਪਣੇ ਮਾਪਿਆਂ, ਆਪਣੇ ਭਾਈਚਾਰੇ ਅਤੇ ਪੰਜਾਬ ਦਾ ਮਾਣ ਵਧਾਓਗੇ।

## ਇਯਾਲੀ ਅਕਾਲੀ ਦਲ ਵਾਰਿਸ ਦਾ ਬਣਿਆ



**ਚੰਡੀਗੜ੍ਹ** : ਪੰਜਾਬ ਦੇ ਵਿਧਾਨ ਸਭਾ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਮੰਗਲਵਾਰ ਨੂੰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦਾ ਪੱਲਾ ਫੜ ਲਿਆ ਹੈ। ਮਨਪ੍ਰੀਤ ਸਿੰਘ ਇਯਾਲੀ ਨੂੰ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਪ੍ਰਮੁੱਖ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਸਿਰੋਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸ ਮੌਕੇ ਇਯਾਲੀ ਨੇ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਲਈ ਖੇਤਰੀ ਪਾਰਟੀ ਦਾ ਮਜ਼ਬੂਤ ਹੋਣਾ ਜ਼ਰੂਰੀ ਹੈ, ਇਸ ਲਈ ਉਹ ਲਗਾਤਾਰ ਪੰਥਕ ਏਕੇ ਲਈ ਯਤਨਸ਼ੀਲ ਰਹਿਣਗੇ। ਦੇਸ਼ ਵਿੱਚ ਕੇਂਦਰੀ ਜਾਂਚ ਏਜੰਸੀਆਂ ਦੀ ਵੱਡੇ ਪੱਧਰ 'ਤੇ ਹੋ ਰਹੀ ਵਰਤੋਂ ਬਾਰੇ ਉਨ੍ਹਾਂ ਸਵਾਲ ਚੁੱਕਦਿਆਂ ਕਿਹਾ ਕਿ ਕੇਂਦਰੀ ਏਜੰਸੀਆਂ ਚੋਣਾਂ ਦੌਰਾਨ ਹੀ ਸਰਗਰਮ ਕਿਉਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਜਾਂਚ ਏਜੰਸੀਆਂ ਨੂੰ ਸੁਤੰਤਰ, ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਕੰਮ ਕਰਨ ਦੇਣਾ ਚਾਹੀਦਾ ਹੈ। ਇਯਾਲੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵੀ ਹਰ ਪੰਜ ਸਾਲ ਬਾਅਦ ਨਿਯਮਾਂ ਅਨੁਸਾਰ ਹੋਣੀਆਂ ਚਾਹੀਦੀਆਂ ਹਨ, ਪਰ ਪੰਜਾਬ ਵਿੱਚ ਸਾਲ 2011 ਤੋਂ ਬਾਅਦ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ ਹਨ, ਜਿਨ੍ਹਾਂ ਨੂੰ ਜਲਦੀ ਤੋਂ ਜਲਦੀ ਕਰਵਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਐਲਾਨ ਕੀਤਾ ਕਿ ਭਾਜਪਾ ਨਾਲ ਕੋਈ ਗਠਜੋੜ ਨਹੀਂ ਕੀਤਾ ਜਾਵੇਗਾ।

## ਕਾਂਗਰਸੀ ਉਮੀਦਵਾਰ ਦੇ ਕਾਗਜ਼ ਰੱਦ



**ਭੋਪਾਲ** : ਮੱਧ ਪ੍ਰਦੇਸ਼ ਦੀਆਂ ਰਾਜ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਨਾਮਜ਼ਦਗੀ ਦੇ ਅਗਲੇ ਹੀ ਦਿਨ ਮੰਗਲਵਾਰ ਵੱਡਾ ਝਟਕਾ ਲੱਗਾ, ਜਦੋਂ ਤੀਜੀ ਸੀਟ ਲਈ ਕਾਂਗਰਸ ਉਮੀਦਵਾਰ ਮੀਨਾਕਸ਼ੀ ਨਟਰਾਜਨ ਦੇ ਨਾਮਜ਼ਦਗੀ ਕਾਗਜ਼ ਰਿਟਰਨਿੰਗ ਅਧਿਕਾਰੀ ਨੇ ਰੱਦ ਕਰ ਦਿੱਤੇ। ਭਾਜਪਾ ਨੇ ਦੋਸ਼ ਲਾਇਆ ਸੀ ਕਿ ਮੀਨਾਕਸ਼ੀ ਨੇ ਅਦਾਲਤ ਵਿੱਚ ਚੱਲ ਰਹੇ ਮਾਮਲੇ ਦਾ ਜ਼ਿਕਰ ਨਾਮਜ਼ਦਗੀ ਦਸਤਾਵੇਜ਼ਾਂ ਵਿੱਚ ਨਹੀਂ ਕੀਤਾ, ਜਦਕਿ ਅਜਿਹੀ ਜਾਣਕਾਰੀ ਦੇਣਾ ਲਾਜ਼ਮੀ ਹੁੰਦਾ ਹੈ।

## ਸਰਬਜੀਤ ਸਿੰਘ ਸਮਾਣਾ ਬਣੇ ਮੁਹਾਲੀ ਦੇ ਨਵੇਂ ਮੇਅਰ



**ਮੁਹਾਲੀ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਮੁਹਾਲੀ ਨਗਰ ਨਿਗਮ ਦੇ ਨਵੇਂ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਮੰਗਲਵਾਰ ਕਰਵਾਈ ਗਈ। ਵਿਧਾਇਕ ਕੁਲਵੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਸਮਾਣਾ ਨੂੰ ਨਗਰ ਨਿਗਮ ਮੁਹਾਲੀ ਦਾ ਨਵਾਂ ਮੇਅਰ ਚੁਣ ਲਿਆ ਗਿਆ। ਇਸ ਦੇ ਨਾਲ ਹੀ ਆਰ ਪੀ ਸ਼ਰਮਾ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਹਰਪਾਲ ਸਿੰਘ ਚੰਨਾ ਨੂੰ ਡਿਪਟੀ ਮੇਅਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਸਮਾਗਮ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਉਚੇਚੇ ਤੌਰ 'ਤੇ ਪਹੁੰਚੇ। ਸਰਬਜੀਤ ਸਿੰਘ ਸਮਾਣਾ ਅਤੇ ਹੋਰਨਾਂ ਅਹੁਦੇਦਾਰਾਂ ਨੇ ਰਸਮੀ ਤੌਰ 'ਤੇ ਆਪਣਾ ਅਹੁਦਾ ਸੰਭਾਲ ਲਿਆ ਹੈ।

## ਬਰਾਬਰ ਅੰਕ 'ਤੇ ਬਰਾਬਰ ਰੈਂਕ ਦੇਣ ਦਾ ਫੈਸਲਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ ਐੱਸ ਈ ਬੀ) ਦੀ ਪੇਪਰ ਮੁਲਾਂਕਣ ਪ੍ਰਣਾਲੀ ਵਿੱਚ ਬਦਲਾਅ ਕਰਦਿਆਂ, ਬੋਰਡ ਪ੍ਰੀਖਿਆਵਾਂ ਵਿੱਚ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਹੁਣ ਬਰਾਬਰ ਰੈਂਕ ਦੇਣ ਦਾ ਫੈਸਲਾ ਕੀਤਾ ਹੈ।ਇਸ ਫੈਸਲੇ ਨਾਲ ਜਨਮ ਮਿਤੀ ਨੂੰ ਟਾਈ-ਬ੍ਰੇਕਰ ਵਜੋਂ ਵਰਤਣ ਦੀ ਲੰਬੇ ਸਮੇਂ ਤੋਂ ਪ੍ਰਚੱਲਿਤ ਰਵਾਇਤ ਖ਼ਤਮ ਹੋ ਜਾਵੇਗੀ।ਇਹ ਅਹਿਮ ਫੈਸਲਾ ਮੰਗਲਵਾਰ ਪੀ ਐਸ ਈ ਬੀ ਦੀ ਬੋਰਡ ਮੀਟਿੰਗ ਦੌਰਾਨ ਲਿਆ ਗਿਆ।31 ਮਈ ਨੂੰ ਕਰਵਾਏ ਗਏ ਸੂਬਾ ਪੱਧਰੀ ਸਨਮਾਨ ਸਮਾਰੋਹ 'ਸਿਤਾਰੇ ਜ਼ਮੀਨ 'ਤੇ' ਦੌਰਾਨ ਕੁਝ ਵਿਦਿਆਰਥੀਆਂ ਨੇ ਇਹ ਨੁਕਤਾ ਚੁੱਕਿਆ ਸੀ। ਇਸ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਜ਼ਿਲ੍ਹਾ ਟਾਪਰਾਂ ਨੂੰ ਸਨਮਾਨਿਤ ਕੀਤਾ ਅਤੇ ਇਸ ਸਮੇਂ ਗੱਲਬਾਤ ਦੌਰਾਨ, ਕੁਝ • ਬਾਕੀ ਸਫਾ 2 'ਤੇ

# ਪੀ ਆਰ ਟੀ ਸੀ ਦੇ ਰਿਟਾਇਰਡ ਮੁਲਾਜ਼ਮਾਂ ਵੱਲੋਂ ਜ਼ੋਰਦਾਰ ਰੋਸ ਰੈਲੀ

**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**



ਇੱਥੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਮੁਹੰਮਦ ਖਲੀਲ, ਨਿਰਮਲ ਸਿੰਘ ਧਾਲੀਵਾਲ, ਸੁਖਦੇਵ ਰਾਮ ਸੁਖੀ, ਗੁਰਵਿੰਦਰ ਸਿੰਘ ਗੋਲਡੀ ਅਤੇ ਰਮੇਸ਼ ਕੁਮਾਰ ਦੀ ਅਗਵਾਈ ਵਿੱਚ ਸੇਵਾ-ਮੁਕਤ ਕਰਮਚਾਰੀਆਂ ਦੀਆਂ ਮੰਗਾਂ ਅਤੇ ਪੀ ਆਰ ਟੀ ਸੀ ਨੂੰ ਪੰਜਾਬ ਸਰਕਾਰ ਦੀਆਂ ਨੀਤੀਆਂ ਕਾਰਨ ਪਹੁੰਚਾਏ ਜਾ ਰਹੇ ਨੁਕਸਾਨ ਦੇ ਸੰਬੰਧ ਵਿੱਚ ਮੰਗਲਵਾਰ ਇੱਥੇ ਰੋਸ ਰੈਲੀ ਕੀਤੀ ਗਈ, ਜਿਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸੇਵਾ-ਮੁਕਤ ਕਰਮਚਾਰੀਆਂ ਨੇ ਭਾਗ ਲਿਆ ਅਤੇ ਪੀ ਆਰ ਟੀ ਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਗਟ ਕੀਤਾ ਗਿਆ।

ਧਾਲੀਵਾਲ ਤੇ ਖਲੀਲ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲ ਮੁਫ਼ਤ ਸਫਰ ਸਹੂਲਤਾ ਦਾ 700 ਕਰੋੜ ਰੁਪਏ ਤੋਂ ਵੱਧ ਦੀ ਰਕਮ ਖੜੀ ਹੋਣ ਦੇ ਬਾਵਜੂਦ ਵਰਕਰਾਂ ਨੂੰ ਹਰ ਇੱਕ ਮਹੀਨੇ ਪੈਨਸ਼ਨ ਦੀ ਸਮੇਂ ਸਿਰ ਅਦਾਇਗੀ ਕਰਨ ਲਈ ਸੰਘਰਸ਼ ਕਰਨਾ ਪੈਂਦਾ ਹੈ, ਤਾਂ ਵੀ ਕਦੇ-ਕਦਾਈਂ ਪੂਰੀ ਤਨਖਾਹ, ਪੈਨਸ਼ਨ ਦੀ ਅਦਾਇਗੀ ਸਮੇਂ ਸਿਰ ਕਰਨ ਨੂੰ ਛੱਡ ਕੇ ਬਾਕੀ ਮਹੀਨਿਆਂ ਵਿੱਚ ਕਦੇ ਅੱਧੀ, ਕਦੇ ਪੌਣੀ ਤਨਖਾਹ-ਪੈਨਸ਼ਨ ਹੀ ਦਿੱਤੀ ਜਾਂਦੀ ਹੈ। ਮੈਨੇਜਮੈਂਟ ਦਾ ਇੱਕੋ ਜਵਾਬ ਹੁੰਦਾ ਹੈ ਕਿ ਸਰਕਾਰ ਤੋਂ ਪੈਸੇ ਨਹੀਂ ਆਉਂਦੇ। ਸੇਵਾ-ਮੁਕਤ ਹੋਏ ਬਹੁਤ ਸਾਰੇ ਕਰਮਚਾਰੀਆਂ ਨੂੰ ਸਾਲਾਂਬੱਧੀ ਸਮੇਂ ਤੋਂ ਸੇਵਾ-ਮੁਕਤੀ ਲਾਭ ਨਹੀਂ ਦਿੱਤੇ ਗਏ। ਮੈਡੀਕਲ • ਬਾਕੀ ਸਫਾ 2 'ਤੇ

## ਮੰਗਾਂ ਨਾ ਮੰਨੀਆਂ ਤਾਂ ਪੀ ਆਰ ਟੀ ਸੀ ਕਾਮੇ ਵਿਸ਼ਾਲ ਰੋਸ ਧਰਨਾ ਦੇਣਗੇ : ਧਾਲੀਵਾਲ

**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**

ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਤੇ ਮੈਂਬਰਾਂ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਕਿਹਾ ਕਿ ਪੰਜਾਬ ਸਰਕਾਰ ਦੇ ਰਵੱਈਏ ਅਤੇ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਪੀ ਆਰ ਟੀ ਸੀ ਦੀ ਮੈਨੇਜਮੈਂਟ ਅਤੇ ਸਰਕਾਰ ਦੋਵਾਂ ਵੱਲੋਂ ਪੀ ਆਰ ਟੀ ਸੀ ਦੇ ਵਰਕਰਾਂ ਦੇ ਕਾਨੂੰਨੀ ਹੱਕਾਂ ਨੂੰ ਬੁਰੀ ਤਰ੍ਹਾਂ ਕੁਚਲਿਆ ਜਾ ਰਿਹਾ ਹੈ ਅਤੇ ਮਹਿਕਮੇ ਦੀ ਬਿਹਤਰੀ ਲਈ ਵੀ ਕੋਈ ਸਾਰਥਕ ਕਦਮ ਨਹੀਂ ਚੁੱਕੇ ਜਾ ਰਹੇ। ਵਰਕਰਾਂ ਦੀਆਂ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਕਈ ਵਾਰੀ ਮੈਮੋਰੰਡਮ ਅਤੇ ਮੰਗ ਪੱਤਰ ਦੇ ਕੇ ਮੀਟਿੰਗਾਂ ਲਈ ਸਮਾਂ ਮੰਗ ਕੇ ਵਰਕਰਾਂ ਦੀਆਂ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਦਾ ਨਿਆਂਪੂਰਨ ਨਿਪਟਾਰਾ ਕਰਨ ਲਈ ਕਿਹਾ ਗਿਆ ਹੈ, ਪਰ ਮੈਨੇਜਮੈਂਟ ਲਾਪਰਵਾਹ ਰਵੱਈਏ ਨਾਲ ਵਰਕਰਾਂ ਦੇ ਕਾਨੂੰਨੀ ਅਤੇ ਵਾਜਬ ਮਸਲਿਆਂ ਨੂੰ ਜਾਣ ਬੁੱਝ ਕੇ ਅਣਡਿੱਠ ਕਰਦੀ ਆ ਰਹੀ। ਇਸੇ ਤਰ੍ਹਾਂ ਪੰਜਾਬ ਸਰਕਾਰ ਨੇ ਮੁਫਤ ਸਫਰ ਸਹੂਲਤਾਂ ਦਾ ਪੈਸਾ ਪੀ ਆਰ ਟੀ ਸੀ ਨੂੰ ਨਾ ਦੇ ਕੇ ਵਰਕਰਾਂ ਨੂੰ ਤਨਖਾਹ-ਪੈਨਸ਼ਨ, ਮੈਡੀਕਲ ਬਿੱਲ ਅਤੇ ਸੇਵਾ-ਮੁਕਤੀ ਦੇ ਲਾਭਾਂ ਦੇ ਭੁਗਤਾਨ ਦਾ ਵਿੱਤੀ ਸੰਕਟ ਖੜ੍ਹਾ ਕੀਤਾ ਹੋਇਆ ਹੈ। ਇਸ ਤੋਂ ਇਲਾਵਾ ਪਿਛਲੇ 4 ਸਾਲ ਦੇ ਅਰਸੇ ਵਿੱਚ ਇੱਕ ਵੀ ਨਵੀਂ ਬੱਸ ਪੀ ਆਰ ਟੀ ਸੀ ਨੂੰ ਆਪਣੀ ਮਾਲਕੀ ਵਾਲੀ ਨਹੀਂ ਖਰੀਦਣ ਦਿੱਤੀ ਗਈ, ਜਦ ਕਿ ਬੱਸਾਂ ਦੀ ਖਰੀਦ ਲਈ ਸਰਕਾਰ ਨੇ ਕੋਈ ਪੈਸਾ ਵੀ ਆਪਣੇ ਕੋਲੋਂ ਨਹੀਂ ਦੇਣਾ, ਜਿਸ ਦਾ ਸਿੱਧਾ ਫਾਇਦਾ ਪ੍ਰਾਈਵੇਟ ਬੱਸ ਮਾਫੀਏ ਨੂੰ ਮਿਲ ਰਿਹਾ ਹੈ।

ਵਰਕਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪੀ ਆਰ ਟੀ ਸੀ ਨੇ ਅਜੇ ਤੱਕ ਐੱਨ ਪੀ ਐੱਸ ਲਾਗੂ ਨਾ ਕਰਕੇ ਵਰਕਰਾਂ ਦਾ ਭਾਰੀ ਨੁਕਸਾਨ ਕੀਤਾ ਹੈ। ਇੱਕ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਪੰਜਾਬ ਸਰਕਾਰ ਵੱਲੋਂ ਡੀ ਏ ਦੇ ਰਿਵਾਈਜ਼ਡ ਦਰ ਲਾਗੂ ਨਹੀਂ ਕੀਤੇ, ਜਨਵਰੀ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮ ਜਿਨ੍ਹਾਂ ਅਪਲਾਈ 2004 ਤੋਂ ਪਹਿਲਾਂ ਕੀਤਾ ਹੋਇਆ ਸੀ, ਉਹਨਾਂ ਉਪਰ ਸਰਕਾਰ ਦੇ ਫੈਸਲੇ ਦੇ ਬਾਵਜੂਦ ਅਜੇ ਤੱਕ ਪੁਰਾਣੀ ਪੈਨਸ਼ਨ ਲਾਗੂ ਨਹੀਂ ਕੀਤੀ, ਚਿਰਾਂ ਤੋਂ ਡਿਊ ਪਈਆਂ • ਬਾਕੀ ਸਫਾ 2 'ਤੇ

## ਟੈਰਿਫ ਦੁੱਗਣਾ ਕਰਨ ਕਰਕੇ ਸੋਨੇ ਦੀ ਸਮੱਗਲਿੰਗ ਵਧੀ

**ਮੁੰਬਈ (ਨ ਜ਼ ਸ)**-ਭਾਰਤ ਵੱਲੋਂ ਸੋਨੇ ਦੇ ਦਰਾਮਦ ਟੈਰਿਫ ਵਿੱਚ ਚੋਖੇ ਵਾਧੇ ਕਾਰਨ ਸਮਗਲਿੰਗ ਵਧ ਗਈ ਹੈ ਤੇ ਇਹ ਇਸ ਸਾਲ 100 ਮੀਟ੍ਰਿਕ ਟਨ ਤੋਂ ਵੱਧ ਹੋ ਸਕਦੀ ਹੈ। ਸੋਨੇ ਦੇ ਚੀਨ ਤੋਂ ਬਾਅਦ ਦੁਨੀਆ ਦੇ ਸਭ ਤੋਂ ਵੱਡੇ ਬਾਜ਼ਾਰ ਭਾਰਤ ਨੇ ਮਈ ਵਿੱਚ ਮੰਗ ਨੂੰ ਘਟਾਉਣ, ਵਪਾਰ ਘਾਟੇ ਨੂੰ ਘਟਾਉਣ ਅਤੇ ਰੁਪਏ 'ਤੇ ਦਬਾਅ ਘੱਟ ਕਰਨ ਲਈ ਦਰਾਮਦ ਡਿਊਟੀ ਨੂੰ ਦੁੱਗਣਾ ਕਰਕੇ 15 ਫੀਸਦੀ ਕਰ ਦਿੱਤਾ ਸੀ, ਪਰ ਇਸ ਕਦਮ ਨੇ ਸਮੱਗਲਰਾਂ ਲਈ ਮੌਕਾ ਪੈਦਾ ਕਰ ਦਿੱਤਾ ਹੈ, ਜੋ ਅਜਿਹੀਆਂ ਕੀਮਤਾਂ ਦੀ ਪੇਸ਼ਕਸ਼ ਕਰਨ ਦੇ ਯੋਗ ਹਨ, ਜੋ ਜਾਇਜ਼ ਦਰਾਮਦਕਾਰ ਨਹੀਂ ਕਰ ਸਕਦੇ।

ਮੁੰਬਈ ਸਥਿਤ ਇੱਕ ਨਿੱਜੀ ਗੋਲਡ ਇੰਪੋਰਟਿੰਗ ਬੈਂਕ ਦੀ ਸਰਾਫਾ ਡਵੀਜ਼ਨ ਦੇ ਮੁਖੀ ਨੇ ਦੱਸਿਆ ਕਿ ਬਾਜ਼ਾਰੀ ਛੋਟ 200 ਡਾਲਰ ਪ੍ਰਤੀ ਔਂਸ ਜਾਂ 4 ਫੀਸਦੀ ਤੋਂ ਵੱਧ ਹੋ ਗਈ ਹੈ। ਬੈਂਕ 10 ਡਾਲਰ ਦੀ ਵੀ ਛੋਟ ਨਹੀਂ ਦੇ ਸਕਦੇ। ਇੱਕ ਹੋਰ ਡੀਲਰ ਨੇ ਦੱਸਿਆ ਕਿ ਅਣਅਧਿਕਾਰਤ ਬਾਜ਼ਾਰ ਵਿੱਚ ਹਾਲ ਹੀ ਵਿੱਚ ਹੋਏ ਉਭਾਰ ਤੋਂ ਪਤਾ ਚੱਲਦਾ ਹੈ ਕਿ 2026 ਵਿੱਚ ਗੈਰ-ਕਾਨੂੰਨੀ ਦਰਾਮਦ 100 ਟਨ ਤੋਂ ਵੱਧ ਹੋ ਸਕਦੀ ਹੈ। ਮੌਜੂਦਾ ਕੀਮਤਾਂ 'ਤੇ, 100 ਟਨ ਸੋਨੇ ਦੀ ਕੀਮਤ ਲਗਭਗ 14.35 ਅਰਬ ਡਾਲਰ ਹੋਵੇਗੀ, ਜਿਸ ਦਾ ਅਰਥ ਹੈ ਕਿ ਲਗਭਗ 2.65 ਅਰਬ ਡਾਲਰ ਟੈਰਿਫ ਅਤੇ ਵਿਕਰੀ ਟੈਕਸ ਦਾ ਨੁਕਸਾਨ।

ਸਰਾਫਾ ਡੀਲਰਾਂ ਨੇ ਕਿਹਾ ਕਿ ਸਮੱਗਲਰ ਭਾਰੀ ਛੋਟਾਂ ਦੀ ਪੇਸ਼ਕਸ਼ ਕਰ ਸਕਦੇ ਹਨ, ਕਿਉਂਕਿ ਉਹ ਸੋਨੇ 'ਤੇ ਟੈਕਸ ਨਹੀਂ ਦਿੰਦੇ, ਜਿਸ ਵਿੱਚ ਦਰਾਮਦੀ ਟੈਰਿਫ ਅਤੇ ਵਸਤੂਆਂ ਤੇ ਸੇਵਾਵਾਂ ਟੈਕਸ ਸ਼ਾਮਲ ਹਨ, ਜੋ ਕੁੱਲ 18.45 ਫੀਸਦੀ ਬਣਦੇ ਹਨ। ਇੱਕ ਕਿਲੋ ਬਾਰ ਲਿਆਉਣ 'ਤੇ • ਬਾਕੀ ਸਫਾ 2 'ਤੇ

## ਮਕਬੂਜ਼ਾ ਕਸ਼ਮੀਰ 'ਚ ਹਿੰਸਾ ਹੋਰ ਫੈਲੀ, 30 ਤੋਂ ਵੱਧ ਮੌਤਾਂ

**ਨਵੀਂ ਦਿੱਲੀ** : ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਹਿੰਸਾ ਹੋਰ ਜ਼ਿਆਦਾ ਵਧ ਗਈ ਹੈ। ਇੱਥੋਂ ਦੇ ਪ੍ਰਦਰਸ਼ਨਕਾਰੀ ਸਮੂਹਾਂ ਨੇ ਦਾਅਵਾ ਕੀਤਾ ਹੈ ਕਿ ਪੂਰੇ ਖੇਤਰ ਵਿੱਚ ਆਰਥਿਕ ਤੰਗੀ, ਪ੍ਰਸ਼ਾਸਨਿਕ ਸਮੱਸਿਆਵਾਂ ਅਤੇ ਸਿਆਸੀ ਨੁਮਾਇੰਦਗੀ ਖ਼ਿਲਾਫ਼ ਚੱਲ ਰਹੇ ਅੰਦੋਲਨ ਨੂੰ ਦਬਾਉਣ ਲਈ ਕੀਤੀ ਗਈ ਪੁਲਸ ਕਾਰਵਾਈ ਦੌਰਾਨ 30 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਲਗਭਗ 200 ਲੋਕ ਜ਼ਖ਼ਮੀ ਹੋਏ ਹਨ। ਇਹ ਸਾਰਾ ਵਿਵਾਦ 'ਜਾਇੰਟ ਅਵਾਮੀ ਐਕਸ਼ਨ ਕਮੇਟੀ' ਦੁਆਲੇ ਘੁੰਮ ਰਿਹਾ ਹੈ। ਇਹ ਆਮ ਲੋਕਾਂ ਦਾ ਇੱਕ ਅਜਿਹਾ ਸੰਗਠਨ ਹੈ, ਜਿਸ ਨੇ ਮਹਿੰਗਾਈ, ਬਿਜਲੀ ਦੇ ਵਧੇ ਰੇਟਾਂ, ਬੇਰੁਜ਼ਗਾਰੀ ਅਤੇ ਸਿਆਸੀ ਹੱਕਾਂ ਨੂੰ ਲੈ ਕੇ ਅੰਦੋਲਨ ਛੇੜਿਆ ਹੋਇਆ ਹੈ।

ਮੰਗਲਵਾਰ ਇਸ ਸੰਗਠਨ ਵੱਲੋਂ ਪੂਰੇ ਇਲਾਕੇ ਵਿੱਚ ਹੜਤਾਲ ਕਰਨ ਦੀ ਤਿਆਰੀ ਕੀਤੀ ਜਾ ਰਹੀ ਸੀ, ਪਰ ਉਸ ਤੋਂ ਪਹਿਲਾਂ ਹੀ ਪ੍ਰਸ਼ਾਸਨ ਨੇ ਇਸ ਸੰਗਠਨ 'ਤੇ ਪਾਬੰਦੀ ਲਗਾ ਦਿੱਤੀ ਅਤੇ ਇਸ ਦੇ ਸਮਰਥਕਾਂ ਉਤੇ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ, ਜਿਸ ਕਾਰਨ ਤਣਾਅ ਹੋਰ ਜ਼ਿਆਦਾ ਵਧ ਗਿਆ। ਕੌਮਾਂਤਰੀ ਮੀਡੀਆ ਵੱਲੋਂ ਜਾਰੀ ਰਿਪੋਰਟਾਂ ਮੁਤਾਬਕ ਰਾਵਲਕੋਟ ਇਲਾਕੇ ਵਿੱਚ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਭਾਰੀ ਝੜਪਾਂ ਹੋਈਆਂ। ਇਨ੍ਹਾਂ ਝੜਪਾਂ ਵਿੱਚ ਘੱਟੋ-ਘੱਟ 11 ਲੋਕਾਂ ਦੀ ਮੌਤ ਹੋ ਗਈ ਅਤੇ 70 ਤੋਂ ਵੱਧ ਲੋਕ ਜ਼ਖ਼ਮੀ ਹੋਏ ਹਨ। ਪ੍ਰਦਰਸ਼ਨਕਾਰੀਆਂ ਅਤੇ ਸੋਕ ਸਭਾ ਵਿੱਚ ਸ਼ਾਮਲ ਲੋਕਾਂ 'ਤੇ ਸੁਰੱਖਿਆ ਬਲਾਂ ਨੇ ਅੰਨ੍ਹੇਵਾਹ ਗੋਲੀਬਾਰੀ ਕੀਤੀ, ਜਿਸ ਕਾਰਨ ਦਰਜਨਾਂ ਲੋਕਾਂ ਦੀ ਮੌਤ ਹੋ ਗਈ ਅਤੇ ਸੈਂਕੜੇ ਲੋਕ ਜ਼ਖ਼ਮੀ ਹੋਏ।

## ਅੱਜ-ਨਾਮਾ

ਭੇਦ ਕੁਦਰਤ ਦਾ ਕਦੇ ਨਾ ਕਿਸੇ ਪਾਇਆ,
ਕਰ ਦੇਊ ਕਦੋਂ ਕੋਈ ਥੱਲ-ਪੁਥੱਲ ਬੇਲੀ।
ਕਿਧਰੇ ਆਉਂਦੇ ਤੂਫਾਨ ਨਾ ਪਤਾ ਲੱਗਣ,
ਆ ਗਈ ਕਿੱਥੋਂ ਮੁਸੀਬਤ ਹੈ ਚੱਲ ਬੇਲੀ।
ਇਹੋ ਈ ਗੱਲ ਭੂਚਾਲਾਂ ਦੀ ਜਾਣ ਲਈਏ,
ਕਦੋਂ ਧਰਤ ਹਿੱਲੂ, ਕਿਨ੍ਹਾਂ ਦੇ ਵੱਲ ਬੇਲੀ।
ਡਿੱਗਦੇ ਜਾਣ ਆਕਾਸ਼ਾਂ ਤੱਕ ਖੜੇ ਗੁੰਬਦ,
ਸਕਦਾ ਕੋਈ ਨਾ ਡਿੱਗਦਿਆਂ ਠੱਲ੍ਹ ਬੇਲੀ।
ਕੱਲ੍ਹ ਫਿਲਪੀਨਜ਼ ਦੇ ਵੱਲ ਭੂਚਾਲ ਜਿੱਦਾਂ,
ਲੈ ਲਈ ਕਈਆਂ ਦੀ ਦੱਸਦੇ ਜਾਨ ਬੇਲੀ।
ਕਰਨੀ ਚਾਹੀਦੀ ਅਕਲ ਆ ਸਾਰਿਆਂ ਨੂੰ,
ਨਾਲ ਇਨਸਾਨ ਦੇ ਖੜੇ ਇਨਸਾਨ ਬੇਲੀ।

-ਤੀਸ ਮਾਰ ਖਾਂ

# ਕਾਂਗਰਸ ਨੇ ਮੋਦੀ ਸਰਕਾਰ ਦੇ ਪ੍ਰਚਾਰ ਦੀ ਕੱਢੀ ਫੂਕ

**ਨਵੀਂ ਦਿੱਲੀ (ਨ ਜ਼ ਸ)**

ਮੋਦੀ ਸਰਕਾਰ ਦੇ ਲਗਾਤਾਰ 12 ਸਾਲ ਪੂਰੇ ਹੋਣ 'ਤੇ ਕਾਂਗਰਸ ਨੇ ਮੰਗਲਵਾਰ 'ਵਾਅਦਾ ਬਨਾਮ ਹਕੀਕਤ' ਦਸਤਾਵੇਜ਼ ਜਾਰੀ ਕੀਤਾ, ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਪਿਛਲੇ 12 ਸਾਲ ਵੱਡੇ ਐਲਾਨਾਂ, ਵੱਡੇ ਬਿਆਨਾਂ ਅਤੇ ਸੁਰਖੀਆਂ ਨਾਲ ਭਰੇ ਰਹੇ ਹਨ, ਪਰ ਸਰਕਾਰ ਲੋਕਾਂ ਦੇ ਜੀਵਨ ਨੂੰ ਬਦਲਣ ਵਿੱਚ ਅਸਫਲ ਰਹੀ ਹੈ।

ਕਾਂਗਰਸ ਆਗੂਆਂ ਰਾਜੀਵ ਗੌੜਾ ਅਤੇ ਅਮਿਤਾਭ ਦੂਬੇ ਨੇ ਕਾਂਗਰਸ ਦੇ ਖੋਜ ਵਿਭਾਗ ਵੱਲੋਂ ਤਿਆਰ ਕੀਤਾ ਗਿਆ 75 ਪੰਨਿਆਂ ਦਾ ਦਸਤਾਵੇਜ਼ ਜਾਰੀ ਕੀਤਾ, ਜਿਸ ਵਿੱਚ ਅਰਥਵਿਵਸਥਾ, ਰੁਜ਼ਗਾਰ, ਵਿਦੇਸ਼ ਨੀਤੀ, ਊਰਜਾ, ਵਾਤਾਵਰਣ, ਜਲਵਾਯੂ ਪਰਿਵਰਤਨ, ਖੇਤੀਬਾੜੀ, ਐੱਮ ਐੱਸ ਐੱਮ ਈ, ਬੁਨਿਆਦੀ ਢਾਂਚਾ, ਸ਼ਹਿਰੀ ਵਿਕਾਸ, ਸਮਾਜਿਕ ਖੇਤਰ, ਨਾਗਰਿਕ ਆਜ਼ਾਦੀਆਂ, ਘੱਟਗਿਣਤੀ ਭਲਾਈ, ਸ਼ਾਸਨ ਅਤੇ ਕਾਨੂੰਨ ਵਰਗੇ ਮੁੱਦਿਆਂ 'ਤੇ ਸਰਕਾਰ ਦੇ ਪ੍ਰਚਾਰ ਨੂੰ ਝੁਠਲਾਉਂਦਾ ਹੈ।

ਕਾਂਗਰਸ ਖੋਜ ਵਿਭਾਗ ਦੇ ਮੁਖੀ ਗੌੜਾ ਨੇ ਕਿਹਾ ਕਿ ਮੋਦੀ ਸਰਕਾਰ ਨੇ ਐਲਾਨ ਕੀਤਾ ਹੈ ਕਿ ਉਹ ਉੱਜਵਲਾ ਲਾਭਪਾਤਰੀਆਂ ਨੂੰ ਦਿੱਤੇ ਜਾਣ ਵਾਲੇ ਐੱਲ ਪੀ ਜੀ ਸਿਲੰਡਰਾਂ ਦੀ ਗਿਣਤੀ ਨੌਂ ਤੋਂ ਘਟਾ ਕੇ ਚਾਰ ਕਰ ਰਹੀ ਹੈ, ਜਦੋਂ ਕਿ ਸਿਰਫ ਦਸ ਸਾਲ ਪਹਿਲਾਂ ਇਹ ਐਲਾਨ ਕੀਤਾ ਗਿਆ ਸੀ ਕਿ ਭਾਰਤ ਦੀਆਂ ਔਰਤਾਂ ਨੂੰ ਹੁਣ ਖਾਣਾ ਪਕਾਉਣ ਦੇ ਖਤਰਨਾਕ ਅਤੇ ਨੁਕਸਾਨਦੇਹ ਤਰੀਕਿਆਂ 'ਤੇ ਨਿਰਭਰ ਨਹੀਂ ਕਰਨਾ ਪਵੇਗਾ। ਉਦੋਂ ਉੱਜਵਲਾ ਪ੍ਰੋਗਰਾਮ ਦੇ ਹਰੇਕ ਲਾਭਪਾਤਰੀ ਨੂੰ 12 ਸਿਲੰਡਰ ਦੇਣ ਦਾ ਵਾਅਦਾ ਕੀਤਾ ਸੀ।




ਕਾਂਗਰਸ ਨੇਤਾ ਰਾਜੀਵ ਗੌੜਾ (ਖੱਬੇ) ਅਤੇ ਅਮਿਤਾਭ ਦੂਬੇ (ਸੱਜੇ) ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ।

ਪਿਛਲੇ ਸਾਲ, 12 ਸਿਲੰਡਰਾਂ ਨੂੰ ਘਟਾ ਕੇ 9 ਕਰ ਦਿੱਤਾ ਗਿਆ ਸੀ। ਹੁਣ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਦੀ ਵਰ੍ਹੇਗੰਢ ਨੂੰ ਉਨ੍ਹਾ ਨੇ ਭਾਰਤ ਦੀਆਂ ਔਰਤਾਂ ਅਤੇ ਪਰਵਾਰਾਂ 'ਤੇ ਇਹ ਵਾਰ ਕਰਨ ਲਈ ਚੁਣਿਆ ਹੈ। ਉਨ੍ਹਾ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਕੀਤੇ ਗਏ ਐਲਾਨਾਂ ਵਿੱਚੋਂ ਕੋਈ ਵੀ ਅਜਿਹਾ ਨਹੀਂ, ਜਿਸ ਨੇ ਲੋਕਾਂ ਦੇ ਜੀਵਨ ਨੂੰ ਅਰਥਪੂਰਨ ਰੂਪ ਵਿੱਚ ਬਦਲਿਆ ਹੋਵੇ। ਮੋਦੀ ਸਰਕਾਰ ਨੇ ਭਾਰਤ ਨੂੰ ਰੁਜ਼ਗਾਰ ਪੈਦਾ ਕਰਨ ਲਈ ਇੱਕ ਵਿਸ਼ਵਵਿਆਪੀ ਕੇਂਦਰ ਵਿੱਚ ਬਦਲਣ ਦਾ ਵਾਅਦਾ ਕੀਤਾ ਸੀ, ਪਰ ਅਸਲੀਅਤ ਇਹ ਹੈ ਕਿ ਦਸ ਵਿੱਚੋਂ ਚਾਰ ਗ੍ਰੈਜੂਏਟ ਬੇਰੁਜ਼ਗਾਰ ਹਨ।

ਸ਼ਹਿਰੀ ਨੌਜਵਾਨਾਂ ਦੀ ਬੇਰੁਜ਼ਗਾਰੀ ਦਰ 18.4 ਪ੍ਰਤੀਸ਼ਤ ਹੈ ਅਤੇ ਸਿਰਫ 7 ਪ੍ਰਤੀਸ਼ਤ ਬੇਰੁਜ਼ਗਾਰ ਗ੍ਰੈਜੂਏਟ ਇੱਕ ਸਾਲ ਦੇ ਅੰਦਰ ਸਥਾਈ ਤਨਖਾਹ ਵਾਲੀ ਨੌਕਰੀ ਪ੍ਰਾਪਤ ਕਰਦੇ ਹਨ। ਸਰਕਾਰ ਦੇ ਸਾਰਿਆਂ ਲਈ ਬਰਾਬਰ ਮੌਕੇ ਦੇਣ ਦੇ ਵਾਅਦੇ 'ਤੇ ਗੌੜਾ ਨੇ ਕਿਹਾ, "ਅਸੀਂ ਗਲੋਬਲ ਜੈਂਡਰ ਗੈਪ ਇੰਡੈਕਸ ਵਿੱਚ 108ਵੇਂ ਸਥਾਨ 'ਤੇ ਸੀ। ਹੁਣ ਅਸੀਂ ਦੁਨੀਆ ਵਿੱਚ 131ਵੇਂ ਸਥਾਨ 'ਤੇ ਆ ਗਏ ਹਾਂ। ਇਸ ਲਈ ਅਸੀਂ ਔਰਤਾਂ ਲਈ ਕਾਰਜਬਲ ਵਿੱਚ ਦਾਖਲ ਹੋਣ ਦੇ ਮੌਕੇ ਪੈਦਾ ਨਾ ਕਰਕੇ ਆਪਣੀ ਅੱਧੀ ਆਬਾਦੀ ਨੂੰ ਅਸਫਲ ਕਰ ਰਹੇ ਹਾਂ।" ਇਹ ਨੋਟ ਕਰਦੇ ਹੋਏ ਕਿ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਭਾਰਤੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਅਤੇ ਰੁਜ਼ਗਾਰ ਪੈਦਾ ਕਰਨ ਵਾਲੇ ਹਨ, ਗੌੜਾ ਨੇ ਕਿਹਾ ਕਿ ਪਿਛਲੇ ਵਿੱਤੀ ਸਾਲ ਵਿੱਚ, 40,000 ਐੱਮ ਐੱਸ ਐੱਮ ਈ ਬੰਦ ਹੋ ਗਏ। ਨੋਟਬੰਦੀ ਕਾਰਨ ਹੋਇਆ ਨੁਕਸਾਨ ਜਾਰੀ ਹੈ ਅਤੇ ਐੱਮ ਐੱਸ ਐੱਮ ਈ ਸੈਕਟਰ ਇਸ ਦਾ ਲਗਾਤਾਰ ਨੁਕਸਾਨ ਝੱਲ ਰਿਹਾ ਹੈ। ਲੋਕਤੰਤਰ ਨੂੰ ਮਜ਼ਬੂਤ ਕਰਨ ਦੇ ਸਰਕਾਰ ਦੇ ਵਾਅਦੇ 'ਤੇ, ਗੌੜਾ ਨੇ ਦਾਅਵਾ ਕੀਤਾ ਕਿ ਦੇਸ਼ ਭਰ ਵਿੱਚ 6.5 ਕਰੋੜ ਵੋਟਰਾਂ ਨੂੰ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤਾ ਗਿਆ ਹੈ।

ਦੂਬੇ ਨੇ ਯਾਦ ਦਿਵਾਇਆ ਕਿ ਮੋਦੀ ਨੇ ਕਿਹਾ ਸੀ ਕਿ ਲੋਕਾਂ ਨੂੰ ਮਹਿੰਗਾਈ ਤੋਂ ਰਾਹਤ ਮਿਲੇਗੀ, ਪਰ ਸੱਚਾਈ ਇਹ ਹੈ ਕਿ 2014 ਤੋਂ ਹੁਣ ਤੱਕ ਐੱਲ ਪੀ ਜੀ ਦੀ ਕੀਮਤ ਵਿੱਚ 123 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਪੈਟਰੋਲ ਦੀਆਂ ਕੀਮਤਾਂ ਵਿੱਚ 44 ਪ੍ਰਤੀਸ਼ਤ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 73 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਦੁੱਧ ਦੀਆਂ ਕੀਮਤਾਂ ਵਿੱਚ 71 ਪ੍ਰਤੀਸ਼ਤ ਅਤੇ ਦਾਲਾਂ ਵਿੱਚ 84 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ।

ਸਰਕਾਰ ਦੇ ਇਸ ਦਾਅਵੇ 'ਤੇ ਕਿ ਭਾਰਤ 'ਵਿਸ਼ਵ ਗੁਰੂ' ਹੋਵੇਗਾ, ਦੂਬੇ ਨੇ ਕਿਹਾ ਕਿ ਮੌਜੂਦਾ ਸਥਿਤੀ ਸਾਰਿਆਂ ਨੂੰ ਦਿਖਾਈ ਦੇ ਰਹੀ ਹੈ ਕਿ ਦੁਨੀਆ ਦੇ ਇੱਕ ਹਿੱਸੇ ਵਿੱਚ ਚੱਲ ਰਹੀ ਜੰਗ ਦਾ • ਬਾਕੀ ਸਫਾ 2 'ਤੇ

## ਹੱਕ ਮੰਗਦੇ ਮੁਲਾਜ਼ਮਾਂ-ਪੈਨਸ਼ਨਰਾਂ 'ਤੇ ਲਾਠੀਚਾਰਜ ਦੀ ਨਿੰਦਾ



**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਰਣਜੀਤ ਸਿੰਘ ਟਿਵਾਣਾ ਦੀ ਪ੍ਰਧਾਨਗੀ ਹੋਈ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਉੱਪਰ ਚਰਚਾ ਕਰਦੇ ਸਮੇਂ ਤੇ ਜੁਆਇੰਟ ਫਰੰਟ ਵੱਲੋਂ ਪੈਨਸ਼ਨਰਾਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਪ੍ਰਤੀ ਵਾਰ ਵਾਰ ਪੰਜਾਬ ਸਰਕਾਰ ਨੂੰ ਦਿੱਤੇ ਗਏ ਮੈਮੋਰੰਡਮ ਪ੍ਰਤੀ ਸਰਕਾਰ ਵੱਲੋਂ ਅਪਣਾਈ ਗਈ ਬੇਰੁੱਖੀ ਤੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਕੀਤੇ ਜਾ ਰਹੇ ਪ੍ਰਦਰਸ਼ਨਕਾਰੀਆਂ ਉੱਪਰ ਅੰਨ੍ਹੇਵਾਹ ਕੀਤੇ ਜਾ ਰਹੇ ਲਾਠੀਚਾਰਜ ਦੀ ਸਖਤ ਨਿਖੇਧੀ ਕੀਤੀ ਗਈ।ਵਿਚਾਰ ਚਰਚਾ ਵਿੱਚ ਜੁਆਇੰਟ ਫ਼ਰੰਟ ਵਲੋਂ ਪੰਜਾਬ ਸਰਕਾਰ ਦੁਆਰਾ ਛੇਵੇਂ ਪੇ ਕਮਿਸ਼ਨ ਦੀਆਂ ਸ਼ਿਫਾਰਸ਼ਾਂ ਮੁਤਾਬਿਕ ਅਜੇ ਤੱਕ ਨਾ ਤਾਂ ਜਨਵਰੀ 2016 ਤੋ ਪਹਿਲਾਂ ਸੇਵਾ ਮੁਕਤ ਪੈਨਸ਼ਨਰਾਂ ਤੇ 2.59 ਦਾ ਗੁਣਾਂਕ ਲਾਗੂ ਕੀਤਾ ਹੈ ਤੇ ਨਾ ਹੀ ਨੋਸ਼ਨਲ ਸੋਧ ਵਿਧੀ ਰਾਹੀਂ ਪੈਨਸ਼ਨਾਂ ਸੋਧੀਆਂ ਹਨ, ਦੀ ਵੀ ਸਖਤ ਨਿਖੇਧੀ ਗਈ।ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਗੁਰਦਿਆਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਦੀਆਂ ਮੰਗਾਂ ਦਾ ਜਲਦ ਨਿਪਟਾਰਾ ਕੀਤਾ ਜਾਵੇ।ਮੀਟਿੰਗ ਵਿੱਚ ਰਣਜੀਤ ਟਿਵਾਣਾ, ਗੁਰਦਿਆਲ ਦਲਾਲ, ਕਰਮ ਸਿੰਘ ਜਟਾਣਾ ਤੇ ਪਿਆਰਾ ਸਿੰਘ ਨੇ ਅਪਣੇ ਵਿਚਾਰ ਰਖੇ।

## ਪੰਜਾਬ ਪੁਲਸ ਪਟਿਆਲਾ ਦੇ ਤਸ਼ੱਦਦ ਵਿਰੁੱਧ ਰੋਸ ਪ੍ਰਦਰਸ਼ਨ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਲੁਧਿਆਣਾ ਵੱਲੋਂ ਸ਼੍ਰੀ ਸੁਸ਼ੀਲ ਕੁਮਾਰ ਚੇਅਰਮੈਨ ਦੀ ਪ੍ਰਧਾਨਗੀ ਹੇਠ ਰੋਸ ਪ੍ਰਦਰਸ਼ਨ ਡਿਪਟੀ ਕਮਿਸ਼ਨਰ ਦਫ਼ਤਰ ਲੁਧਿਆਣਾ ਦੇ ਦਫ਼ਤਰ ਤੱਕ ਕੀਤਾ ਗਿਆ।ਇਹ ਰੋਸ ਪ੍ਰਦਰਸ਼ਨ ਪਿਛਲੇ ਦਿਨੀ ਪਟਿਆਲਾ ਵਿਖੇ ਅਪਰੈਂਟਿਸ ਆਈ .ਟੀ .ਆਈ ਦੇ ਸਿਖਿਆਰਥੀਆਂ 'ਤੇ ਪੰਜਾਬ ਪੁਲਿਸ ਪਟਿਆਲਾ ਵੱਲੋਂ ਕੀਤੇ ਗਏ ਅੰਨ੍ਹੇ ਤਸ਼ੱਦਦ ਵਿਰੁੱਧ ਕੀਤਾ ਗਿਆ ਅਤੇ ਮੰਗ ਕੀਤੀ ਕਿ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।ਇਕੱਠ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਪੰਜਾਬ ਸਰਕਾਰ ਨੇ ਜੋ ਲਿਫ਼ਾਫ਼ਾ ਬੰਦ ਰਿਪੋਰਟ ਹਾਈਕੋਰਟ ਵਿੱਚ ਪੇਸ਼ ਕੀਤੀ ਹੈ , ਜੋ ਮੁਲਾਜ਼ਮ/ਪੈਨਸ਼ਨਰ ਵਿਰੋਧੀ ਹੈ, ਦੀਆਂ ਫੋਟੋਸਟੇਟ ਕਾਪੀਆਂ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਅੱਗੇ ਫੂਕੀਆਂ ਗਈਆਂ।ਸ਼੍ਰੀ ਗੁਰਚਰਨ ਸਿੰਘ ਦੁੱਗਾ ਜਨਰਲ ਸਕੱਤਰ ਪੈਨਸ਼ਨਰ ਭਵਨ ਲੁਧਿਆਣਾ ਨੇ ਮੰਗ ਕੀਤੀ ਕਿ ਮੁਲਾਜ਼ਮਾਂ/ਪੈਨਸ਼ਨਰਾਂ ਦਾ ਡੀ ਏ 42% ਤੋਂ ਵਧਾ ਕੇ 60% ਕੀਤਾ ਜਾਵੇ ਪੈਨਸ਼ਨਰਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਫਿਕਸ ਕੀਤੀ ਜਾਵੇ , ਪੇ ਕਮਿਸ਼ਨ ਦੇ ਬਕਾਏ ਦਾ ਯਕਮੁਸ਼ਤ ਭੁਗਤਾਨ ਕੀਤਾ ਜਾਵੇ। ਮੁਜ਼ਾਹਰੇ ਵਿੱਚ ਸ਼੍ਰੀ ਮੇਜਰ ਸਿੰਘ ਨੱਤ , ਗੁਰਦਿਆਲ ਸਿੰਘ, ਵੀ ਸੀ ਪੁਰੀ, ਪਵਿੱਤਰ ਸਿੰਘ, ਜਸਵੀਰ ਸਿੰਘ ਵਾਲੀਆ, ਵਿਜੈ ਮਰਜਾਰਾ, ਰਾਜਿੰਦਰ ਸਿੰਘ ਲਲਤੋਂ, ਨਰਿੰਦਰ ਸੂਦ, ਨਰਿੰਦਰ ਸ਼ਰਮਾਂ, ਸ਼ਾਮ ਸੁੰਦਰ ਸ਼ਰਮਾਂ, ਦਰਸ਼ਨ ਸਿੰਘ ਓਟਾਲਾ, ਨਿਰਮਲ ਸਿੰਘ ਲਲਤੋਂ ਦੀਪਇੰਦਰ ਸਿੰਘ, ਸਤੀਸ਼ ਸਚਦੇਵਾ, ਕੁਲਭੂਸ਼ਨ, ਜਸਪਾਲ ਸਿੰਘ, ਇੰਦਰਪਾਲ ਸੈਣੀ, ਜੇ ਐਸ ਕੰਗ, ਗੁਰਮੇਲ ਸਿੰਘ ਮੈਲਡੇ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ, ਹਰਬੰਤ ਸਿੰਘ ਮਾਂਗਟ, ਅਨੋਖ ਸਿੰਘ ਆਦਿ ਹਾਜ਼ਰ ਸਨ।

## ਮਾਛੀਕੇ ਦੇ ਵਿਕਾਸ ਲਈ ਵਿਧਾਇਕ ਬਿਲਾਸਪੁਰ ਨੇ ਦਿੱਤਾ ਚੈੱਕ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਚਲਾਈਆਂ ਜਾ ਰਹੀਆਂ ਵਿਕਾਸਮੁਖੀ ਯੋਜਨਾਵਾਂ ਤਹਿਤ ਮੰਗਲਵਾਰ ਨੂੰ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਪਿੰਡ ਮਾਛੀਕੇ ਦੇ ਵਿਕਾਸ ਕਾਰਜਾਂ ਲਈ ਗ੍ਰਾਂਟ ਦਾ ਚੈੱਕ ਭੇਟ ਕੀਤਾ ਗਿਆ।ਇਸ ਮੌਕੇ ਵਿਧਾਇਕ ਬਿਲਾਸਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡ ਮਾਛੀਕੇ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ। ਇਸ ਮੌਕੇ ਡਾ. ਜਗਦੇਵ ਸਿੰਘ ਬੱਬੂ ਮਾਛੀਕੇ (ਸੋਸ਼ਲ ਮੀਡੀਆ ਹਲਕਾ ਇੰਚਾਰਜ), ਸਰਪੰਚ ਜਗਮੋਹਨ ਸਿੰਘ, ਪੰਚਾਇਤ ਮੈਂਬਰ ਹਾਕਮ ਸਿੰਘ, ਪੰਚਾਇਤ ਮੈਂਬਰ ਜੀਤਾ ਸਿੰਘ, ਮੈਗਲ ਸਿੰਘ ਆਪ ਆਗੂ, ਆਮ ਆਦਮੀ ਪਾਰਟੀ ਦੀ ਟੀਮ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸ਼ਹਿਰ ਵਾਸੀਆਂ ਦਾ ਹਮੇਸ਼ਾ ਰਿਣੀ ਰਹਾਂਗਾ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਦਿਨੀਂ ਨਗਰ ਕੌਂਸਲ ਚੋਣਾਂ ਦੇ ਆਏ ਨਤੀਜਿਆਂ ਦੌਰਾਨ ਵਾਰਡ ਨੰਬਰ 16 ਵਿੱਚ ਜੇਤੂ ਰਹੇ ਕੌਂਸਲਰ ਵਿੱਕੀ ਕੁਮਾਰ ਦੇ ਹੱਕ ਵਿੱਚ ਵੋਟਰਾਂ ਤੇ ਸਪੋਰਟਰਾਂ ਦਾ ਧੰਨਵਾਦ ਕਰਨ ਲਈ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਸ਼ਹਿਰ ਵਾਸੀਆਂ ਵੱਲੋਂ ਆਮ ਆਦਮੀ ਪਾਰਟੀ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ ਜਿਸ ਦਾ ਉਹ ਹਮੇਸ਼ਾਂ ਰਿਣੀ ਰਹਿਣਗੇ। ਉਨ੍ਹਾਂ ਕਿਹਾ ਕਿ 31 ਵਾਰਡਾਂ ਵਿੱਚੋਂ 22 ਵਾਰਡਾਂ ਵਿੱਚ ਜਿੱਤ ਦਰਜ਼ ਕਰਵਾਉਣ ਲਈ ਸ਼ਹਿਰ ਵਾਸੀਆਂ ਦਾ ਅਹਿਸਾਨ ਉਹ ਕਦੇ ਨਹੀਂ ਭੁੱਲਣਗੇ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਅਗਵਾਈ ਹੇਠ ਸ੍ਰੀ ਮੁਕਤਸਰ ਸਾਹਿਬ ਲਈ ਵੱਡੇ ਪੱਧਰ 'ਤੇ ਵਿਕਾਸ ਦੇ ਕੰਮ ਚੱਲ ਰਹੇ ਹਨ। ਇਸ ਦੌਰਾਨ ਨਵੇਂ ਚੁਣੇ ਗਏ ਕੌਂਸਲਰ ਵਿੱਕੀ ਕੁਮਾਰ ਨੇ ਜਿੱਥੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕੀਤਾ ਉੱਥੇ ਵਾਰਡ ਵਾਸੀਆਂ ਨੂੰ ਵਿਸ਼ਵਾਸ ਦੁਆਇਆ ਕਿ ਉਹ ਵਾਰਡ ਦੇ ਵਿਕਾਸ ਕਾਰਜ਼ਾਂ ਲਈ ਹਮੇਸ਼ਾਂ ਤੱਤਪਰ ਰਹਿਣਗੇ।

## ਰਣਜੋਧ ਹਡਾਣਾ ਵੱਲੋਂ ਭੁੰਨਰਹੇੜੀ ਵਿਖੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਤਕਸੀਮ



**ਭੁੰਨਰਹੇੜੀ/ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਦੇ ਕੀਤੇ ਵਾਅਦਿਆਂ ਤਹਿਤ ਮੰਗਲਵਾਰ ਨੂੰ ਹਲਕਾ ਸਨੌਰ ਦੇ ਇੰਚਾਰਜ ਸ ਰਣਜੋਧ ਸਿੰਘ ਹਡਾਣਾ ਵੱਲੋਂ ਭੁੰਨਰਹੇੜੀ ਵਿਖੇ ਇੱਕ ਵਿਸ਼ੇਸ ਪ੍ਰੋਗਰਾਮ ਦੌਰਾਨ ਲੋੜਵੰਦ ਪਰਿਵਾਰਾਂ ਨੂੰ ਨਵੇਂ ਰਾਸ਼ਨ ਕਾਰਡ ਅਤੇ ਰਾਸ਼ਨ ਕਿੱਟਾਂ ਵੰਡੀਆਂ ਗਈਆਂ ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਗ਼ਰੀਬ ਅਤੇ ਲੋੜਵੰਦ ਵਰਗ ਦੀ ਬਾਂਹ ਫੜਨ ਵਾਲੀ ਸਰਕਾਰ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਸੋਚ ਹੈ ਕਿ ਸੂਬੇ ਦੇ ਹਰ ਨਾਗਰਿਕ ਤੱਕ ਲੋਕ ਭਲਾਈ ਸਕੀਮਾਂ ਦਾ ਲਾਭ ਬਿਨਾਂ ਕਿਸੇ ਪੱਖਪਾਤ ਦੇ ਪਹੁੰਚੇ। ਸ. ਹਡਾਣਾ ਨੇ ਭਰੋਸਾ ਦਿਵਾਇਆ ਕਿ ਹਲਕਾ ਸਨੌਰ ਦੇ ਅੰਦਰ ਕਿਸੇ ਵੀ ਲੋੜਵੰਦ ਪਰਿਵਾਰ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਵਿਕਾਸ ਕਾਰਜਾਂ ਦੇ ਨਾਲ-ਨਾਲ ਸਮਾਜਿਕ ਭਲਾਈ ਦੀਆਂ ਮੁਹਿੰਮਾਂ ਇੰਝ ਹੀ ਨਿਰੰਤਰ ਜਾਰੀ ਰਹਿਣਗੀਆਂ।ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੁਧਨਸਾਧਾ, ਚਰਨਜੀਤ ਸਿੰਘ ਨੈਣਾ ਚੇਅਰਮੈਨ ਬਲਾਕ ਸੰਮਤੀ ਭੁੰਨਰਹੇੜੀ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ ਬਲਾਕ ਸੰਮਤੀ ਭੁੰਨਰਹੇੜੀ, ਅਮਰ ਸੰਘੇੜਾ ਯੂਥ ਪ੍ਰਧਾਨ, ਗੁਰਮੀਤ ਬਿੱਟੂ, ਵਕੀਲ ਮਸ਼ਾਲ, ਜਸਪਾਲ ਸਿੰਘ, ਸਤੀਸ਼ ਬਹਾਲ, ਬਲਾਕ ਭੁੰਨਰਹੇੜੀ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਅਹੁਦੇਦਾਰ, ਸਥਾਨਕ ਪੰਚ-ਸਰਪੰਚ, ਪਾਰਟੀ ਦੇ ਮਿਹਨਤੀ ਵਲੰਟੀਅਰ ਅਤੇ ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਜੂਨ 84 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ



**ਲੁਧਿਆਣਾ (ਸਤੀਸ਼ ਸਚਦੇਵਾ)**-ਮੰਗਲਵਾਰ ਨੂੰ ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਅਹਿਮਦਗੜ੍ਹ ਦੀ ਮੀਟਿੰਗ ਕੁਲਵੰਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ! ਜਿਸ ਵਿਚ ਭਾਰਤ ਸਰਕਾਰ ਵਲੋਂ ਜੂਨ 1984 ਵਿਚ ਕੀਤੇ ਗਏ ਸ਼੍ਰੀ ਹਰਿਮੰਦਰ ਸਾਹਿਬ 'ਤੇ ਹਮਲੇ ਦੌਰਾਨ ਸ਼ਹੀਦ ਹੋਏ ਹਜ਼ਾਰਾਂ ਸਿੱਖਾਂ ਅਤੇ ਸ਼ਰਧਾਲੂਆਂ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਦਿਤੀ ਗਈ! ਇਸ ਤੋਂ ਇਲਾਵਾ ਮੰਗਾਂ ਬਾਰੇ ਵਿਚਾਰ ਵਟਾਂਦਾਰਾ ਕੀਤਾ ਗਿਆ। ਇਸ ਮੌਕੇ ਕੁਲਵੰਤ ਸਿੰਘ ਤੋਂ ਇਲਾਵਾ ਰਾਮ ਸਿੰਘ ਢਿਲੋਂ ਨੈਸਨਲ ਅਵਾਰਾਡੀ, ਸ ਰਾਜਵੰਤ ਸਿੰਘ ਹੈਲਥ ਵਿਭਾਗ, ਸ, ਜਗਦੀਸ਼ ਰਾਮ ਪੀ ਟੀ ਸ, ਭੁਪਿੰਦਰ ਸਿੰਘ ਲਹਿਰਾ ਐਸ ਐਸ ਬਾਬਾ ਬਖ਼ਤਾਵਰ ਸਿੰਘ ਐਸ ਐਸ ਪੰਜਾਬ ਰੋਡਵੇਜ਼, ਸ ਬਲਬੀਰ ਸਿੰਘ ਇੰਸਪੈਕਟਰ ਪੰਜਾਬ ਰੋਡਵੇਜ਼ ਸ ਸਤਪਾਲ ਸਿੰਘ ਪੰਜੇਟਾ ਪੰਜਾਬ ਪੁਲਸ ਇੰਸਪੈਕਟਰ, ਸ, ਦਿਲਬਾਗ ਸਿੰਘ ਗਰੇਵਾਲ ਹੈਡਮਾਸਟਰ, ਸ੍ਰ. ਕੁਲਦੀਪ ਸਿੰਘ ਡਰਾਇਗਮਾਸਟਰ, ਮੈਡਮ ਭਪਿੰਦਰ ਕੌਰ ਅਤੇ ਪਰੀਤਮ ਕੌਰ ਹਾਜ਼ਰ ਸਨ!

# ਮੋਹਾਲੀ 'ਚ ਪਟਿਆਲਾ ਦੀ ਧੀ ਦੇ ਕਤਲ ਖਿਲਾਫ ਤੋਪਖਾਨਾ ਮੋੜ 'ਤੇ ਰੋਸ ਧਰਨਾ

### ਦੋਸ਼ੀ ਨੂੰ ਫਾਂਸੀ ਦੀ ਸਜ਼ਾ ਤੇ ਲਾਪ੍ਰਵਾਹ ਨਿੱਜੀ ਕੰਪਨੀ ਖਿਲਾਫ ਸਖਤ ਕਾਰਵਾਈ ਦੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਬੀਤੇ ਦਿਨੀਂ ਮੋਹਾਲੀ ਵਿਖੇ ਪਟਿਆਲਾ ਦੀ ਧੀ ਡਿੰਪਲ ਦਾ ਦਫ਼ਤਰ ਵਿੱਚ ਵੜ ਕੇ ਚਾਕੂਆਂ ਨਾਲ ਕੀਤੇ ਗਏ ਬੇਰਹਿਮੀ ਨਾਲ ਕਤਲ ਦੇ ਵਿਰੋਧ ਵਿੱਚ ਪਟਿਆਲਾ ਦੇ ਤੋਪਖਾਨਾ ਮੋੜ ਵਿਖੇ ਜੀਨਗਰ ਸਮਾਜ ਵੱਲੋਂ ਇਨਸਾਫ਼ ਦੀ ਮੰਗ ਨੂੰ ਲੈ ਕੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਵਿੱਚ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਇਨਸਾਫ਼ ਦੀ ਇਸ ਲੜਾਈ ਵਿੱਚ ਉਹ ਮੋਢੇ ਨਾਲ ਮੋਢਾ ਜੋੜ ਕੇ ਹਰ ਸੰਘਰਸ਼ ਵਿੱਚ ਡੱਟ ਕੇ ਸਾਥ ਦੇਣਗੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੈ ਇੰਦਰ ਕੌਰ ਨੇ ਆਖਿਆ ਕਿ ਪਟਿਆਲਾ ਦੀ ਧੀ ਡਿੰਪਲ ਨਾਲ ਜੋ ਭਿਆਨਕ ਘਟਨਾ ਵਾਪਰੀ ਹੈ, ਉਹ ਬੇਹੱਦ ਨਿੰਦਣਯੋਗ ਤੇ ਦਿਲ ਕੰਬਾਊ ਹੈ।ਸਾਡੀ ਮੰਗ ਹੈ ਕਿ ਦੋਸ਼ੀ ਨੂੰ ਜਲਦ ਤੋਂ ਜਲਦ ਫਾਂਸੀ ਦੀ ਸਜ਼ਾ ਦਿੱਤੀ ਜਾਵੇ।ਇਸ ਦੇ ਨਾਲ ਹੀ, ਜਿਸ ਪ੍ਰਾਈਵੇਟ ਕੰਪਨੀ ਵਿੱਚ ਡਿੰਪਲ ਕੰਮ ਕਰਦੀ ਸੀ, ਉਸ ਦੇ ਪ੍ਰਬੰਧਕਾਂ ਖਿਲਾਫ ਵੀ ਸਖਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ, ਕਿਉਂਕਿ ਉੱਥੇ ਮਹਿਲਾ ਮੁਲਾਜ਼ਮਾਂ ਦੀ ਸੁਰੱਖਿਆ ਦੇ ਕੋਈ ਪੁਖ਼ਤਾ ਪ੍ਰਬੰਧ ਨਹੀਂ ਸਨ।

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਇਸ ਮਾਮਲੇ 'ਤੇ ਦਿੱਤੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਜੈ ਇੰਦਰ ਕੌਰ ਨੇ ਸਵਾਲ ਕੀਤਾ ਕਿ ਮੈਂ ਪੁੱਛਣਾ ਚਾਹੁੰਦੀ ਹਾਂ ਕਿ ਰਾਜ ਲਾਲੀ ਗਿੱਲ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਹਨ ਜਾਂ ਆਮ ਆਦਮੀ ਪਾਰਟੀ ਦੀ ਸਪੋਕਸਪਰਸਨ? ਮਹਿਲਾ ਕਮਿਸ਼ਨ ਵੱਲੋਂ ਇਹ ਕਹਿਣਾ ਕਿ ਇਸ ਵਿੱਚ ਕੋਈ ਕਾਨੂੰਨ ਵਿਵਸਥਾ ਦਾ ਮਾਮਲਾ ਨਹੀਂ ਹੈ, ਬੇਹੱਦ ਸ਼ਰਮਨਾਕ ਹੈ।ਮੈਂ ਅਜਿਹੇ ਗੈਰ-ਜ਼ਿੰਮੇਵਾਰਾਨਾ ਰਵੱਈਏ ਲਈ ਉਨ੍ਹਾਂ ਦੇ ਤੁਰੰਤ ਅਸਤੀਫੇ ਦੀ ਮੰਗ ਕਰਦੀ ਹਾਂ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜੈ ਇੰਦਰ ਕੌਰ ਨੇ ਸਪੱਸ਼ਟ ਕੀਤਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਪੁਲਸ ਤੇ ਪ੍ਰਸ਼ਾਸਨ ਵੱਲੋਂ ਦੋਸ਼ੀਆਂ ਤੇ ਲਾਪ੍ਰਵਾਹ ਕੰਪਨੀ ਖਿਲਾਫ ਕੋਈ ਸਖਤ ਕਾਰਵਾਈ ਨਾ ਕੀਤੀ ਗਈ, ਤਾਂ ਇਸ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਮੋਹਾਲੀ ਵਿਖੇ ਵੀ ਵੱਡਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

## ਮੈਡੀਕਲ ਹਸਪਤਾਲ ਨੇ ਬਚਾਈ ਲਾਵਾਰਿਸ ਬਜ਼ੁਰਗ ਦੀ ਜਾਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿੱਚ ਇਨਸਾਨੀਅਤ ਅਤੇ ਸੇਵਾ ਭਾਵਨਾ ਦੀ ਇੱਕ ਵੱਡੀ ਮਿਸਾਲ ਦੇਖਣ ਨੂੰ ਮਿਲੀ ਹੈ, ਜਿੱਥੇ ਹਸਪਤਾਲ ਦੇ ਡਾਕਟਰਾਂ ਅਤੇ ਸਟਾਫ਼ ਦੀ ਅਣਥੱਕ ਮਿਹਨਤ ਸਦਕਾ ਇੱਕ ਲਾਵਾਰਿਸ ਬਜ਼ੁਰਗ ਮਰੀਜ਼ ਦੀ ਜਾਨ ਬਚਾਈ ਗਈ। ਹੁਣ ਇਸ ਬਜ਼ੁਰਗ ਨੂੰ ਅਗਲੇਰੀ ਦੇਖ-ਭਾਲ ਲਈ ਗੁਰਦੁਆਰਾ ਲੰਗਰ ਮਾਤਾ ਖੀਵੀ ਜੀ ਦੇ ਮੁੱਖ ਸੇਵਾਦਾਰ ਦੀ ਅਗਵਾਈ ਹੇਠ ਪ੍ਰਸਿੱਧ ਸਮਾਜ ਸੇਵੀ ਸੰਸਥਾ 'ਪਿੰਗਲਵਾੜਾ' ਭੇਜ ਦਿੱਤਾ ਗਿਆ ਹੈ। ਕੈਪਟਨ ਧਰਮ ਸਿੰਘ ਗਿੱਲ ਨੇ ਦੱਸਿਆ ਕਿ ਇਹ ਬਜ਼ੁਰਗ ਮਰੀਜ਼ ਪਿਛਲੇ ਕਰੀਬ 5-6 ਮਹੀਨਿਆਂ ਤੋਂ ਹਸਪਤਾਲ ਵਿੱਚ ਦਾਖ਼ਲ ਸੀ। ਇੱਕ ਸੜਕ ਹਾਦਸੇ ਦਾ ਸ਼ਿਕਾਰ ਹੋਣ ਤੋਂ ਬਾਅਦ ਕੁਝ ਸਮਾਜ ਸੇਵੀ ਲੋਕ ਇਸ ਨੂੰ ਗੰਭੀਰ ਹਾਲਤ ਵਿੱਚ ਇੱਥੇ ਛੱਡ ਗਏ ਸਨ। ਹਸਪਤਾਲ ਪ੍ਰਸ਼ਾਸਨ ਵੱਲੋਂ ਇਲਾਜ ਦੌਰਾਨ ਬਜ਼ੁਰਗ ਦੇ ਪਰਿਵਾਰ ਦੀ ਭਾਲ ਕਰਨ ਦੀਆਂ ਕਾਫ਼ੀ ਕੋਸ਼ਿਸ਼ਾਂ ਕੀਤੀਆਂ ਗਈਆਂ ਸਨ ਪਰ ਅਫ਼ਸੋਸ ਦੀ ਗੱਲ ਰਹੀ ਕਿ ਪਰਿਵਾਰਕ ਮੈਂਬਰਾਂ ਨੇ ਹਸਪਤਾਲ ਆਉਣ ਤੋਂ ਮਨ੍ਹਾ ਕਰ ਦਿੱਤਾ ਅਤੇ ਬਜ਼ੁਰਗ ਨੂੰ ਪਛਾਣਨ ਤੇ ਅਪਣਾਉਣ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ।

# ਜੰਗਾਂਵਾਲਾ ਮੋੜ ਹਾਦਸੇ ਦੇ ਪੀੜਤਾਂ ਦੀ ਮਦਦ ਲਈ ਪਹਿਲੇ ਦਿਨ ਤੋਂ ਡਟੇ ਡੇਰਾ ਬਿਆਸ ਦੇ ਸੇਵਾਦਾਰ : ਮਦਨ ਗੁੰਬਰ

### ਮ੍ਰਿਤਕਾਂ ਦੀ ਗਿਣਤੀ 11 ਹੋਈ, ਜ਼ਖ਼ਮੀਆਂ ਦੇ ਇਲਾਜ ਦਾ ਸਾਰਾ ਖ਼ਰਚਾ ਡੇਰਾ ਬਿਆਸ ਵੱਲੋਂ ਚੁੱਕਿਆ ਜਾ ਰਿਹੈ

**ਜਲਾਲਾਬਾਦ (ਜੀਤ ਕੁਮਾਰ, ਬਲਵਿੰਦਰ ਸਿੰਘ)**-ਬੀਤੇ 6 ਜੂਨ ਫਿਰੋਜ਼ਪੁਰ ਨੇੜੇ ਜੰਗਾਂਵਾਲਾ ਮੋੜ ਕੋਲ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮ੍ਰਿਤਕਾਂ ਦੀ ਗਿਣਤੀ ਵਧ ਕੇ 11 ਹੋ ਗਈ ਹੈ।ਇਸ ਹਾਦਸੇ ਨੇ ਜਲਾਲਾਬਾਦ ਹਲਕੇ ਦੇ ਕਈ ਪਰਿਵਾਰਾਂ ਨੂੰ ਡੂੰਘਾ ਸਦਮਾ ਦਿੱਤਾ ਹੈ ਤੇ ਪੂਰੇ ਇਲਾਕੇ ਵਿੱਚ ਅਜੇ ਵੀ ਸੋਗ ਦੀ ਲਹਿਰ ਹੈ।ਜਾਣਕਾਰੀ ਅਨੁਸਾਰ 6 ਜੂਨ ਦੀ ਸਵੇਰ ਜਲਾਲਾਬਾਦ ਇਲਾਕੇ ਦੇ ਕਰੀਬ 30 ਪਰਿਵਾਰਕ ਮੈਂਬਰ ਤੇ ਰਿਸ਼ਤੇਦਾਰ ਇੱਕ ਮ੍ਰਿਤਕ ਔਰਤ ਦੀਆਂ ਅਸਥੀਆਂ ਜਲ ਪ੍ਰਵਾਹ ਕਰਨ ਲਈ ਡੇਰਾ ਬਿਆਸ ਜਾ ਰਹੇ ਸਨ।ਜਦੋਂ ਉਨ੍ਹਾਂ ਦੀ ਪਿਕਅਪ ਗੱਡੀ ਫਿਰੋਜ਼ਪੁਰ ਨੇੜੇ ਜੰਗਾਂਵਾਲਾ ਮੋੜ ਕੋਲ ਪੁੱਜੀ ਤਾਂ ਸਾਹਮਣੇ ਤੋਂ ਆ ਰਹੇ ਟਰੱਕ ਨਾਲ ਭਿਆਨਕ ਟੱਕਰ ਹੋ ਗਈ।

ਹਾਦਸਾ ਇੰਨਾ ਭਿਆਨਕ ਸੀ ਕਿ ਪਿਕਅਪ ਗੱਡੀ ਦੇ ਪਰਖੱਚੇ ਉੱਡ ਗਏ ਤੇ 9 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।ਬਾਅਦ ਵਿੱਚ ਗੰਭੀਰ ਜ਼ਖ਼ਮੀ 2 ਹੋਰ ਲੋਕਾਂ ਨੇ ਇਲਾਜ ਦੌਰਾਨ ਦਮ ਤੋੜ ਦਿੱਤਾ, ਜਿਸ ਨਾਲ ਮ੍ਰਿਤਕਾਂ ਦੀ ਗਿਣਤੀ 11 ਹੋ ਗਈ।ਇਸ ਤੋਂ ਇਲਾਵਾ ਕਈ ਹੋਰ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ, ਜਿਨ੍ਹਾਂ ਦਾ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਜਾਰੀ ਹੈ।



ਸਮਾਜ ਸੇਵੀ ਸ੍ਰੀ ਮਦਨ ਲਾਲ ਗੁੰਬਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਦਸੇ ਤੋਂ ਬਾਅਦ ਰਾਧਾ ਸੁਆਮੀ ਸਤਿਸੰਗ ਬਿਆਸ ਵੱਲੋਂ ਪੀੜਤ ਪਰਿਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਗੰਭੀਰ ਜ਼ਖ਼ਮੀਆਂ ਦੇ ਇਲਾਜ ਦਾ ਪੂਰਾ ਖ਼ਰਚਾ ਡੇਰਾ ਬਿਆਸ ਵੱਲੋਂ ਚੁੱਕਿਆ ਜਾ ਰਿਹਾ ਹੈ।ਇਸ ਦੇ ਨਾਲ ਹੀ ਡੇਰਾ ਬਿਆਸ ਦੇ ਸੈਕਟਰੀਆਂ, ਏਰੀਆ ਸੈਕਟਰੀਆਂ, ਜ਼ੋਨਲ ਸੈਕਟਰੀਆਂ ਤੇ ਪੰਜਾਬ ਪੱਧਰੀ ਆਗੂਆਂ ਵੱਲੋਂ ਜ਼ਖ਼ਮੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਨਿਰੰਤਰ ਦੇਖਭਾਲ ਕੀਤੀ ਜਾ ਰਹੀ ਹੈ।

ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਦਿਆਂ ਹੀ ਡੇਰਾ ਬਿਆਸ ਦੀਆਂ ਸੇਵਾਦਾਰ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਸਨ।ਸੇਵਾਦਾਰਾਂ ਨੇ ਜ਼ਖ਼ਮੀਆਂ ਨੂੰ ਤੁਰੰਤ ਹਸਪਤਾਲਾਂ ਤੱਕ ਪਹੁੰਚਾਉਣ, ਇਲਾਜ ਸ਼ੁਰੂ ਕਰਵਾਉਣ ਤੇ ਮ੍ਰਿਤਕਾਂ ਦੇ ਪਰਿਵਾਰਾਂ ਦੀ ਹਰ ਸੰਭਵ ਮਦਦ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਤੇ ਅੱਜ ਵੀ ਜੋ ਪੀੜਤ ਮਰੀਜ਼ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਹਨ, ਉਨ੍ਹਾਂ ਦੀ ਦੇਖਭਾਲ ਡੇਰਾ ਬਿਆਸ ਦੇ ਸੇਵਾਦਾਰ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਵੀ ਜ਼ਖ਼ਮੀਆਂ ਦੇ ਇਲਾਜ, ਦਵਾਈਆਂ ਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਸਾਰਾ ਪ੍ਰਬੰਧ ਰਾਧਾ ਸੁਆਮੀ ਸਤਿਸੰਗ ਬਿਆਸ ਵੱਲੋਂ ਹੀ ਕੀਤਾ ਜਾ ਰਿਹਾ ਹੈ।ਪੀੜਤ ਪਰਿਵਾਰਾਂ ਨੇ ਡੇਰਾ ਬਿਆਸ ਦੇ ਪ੍ਰਬੰਧਕਾਂ ਤੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਸੰਸਥਾ ਉਨ੍ਹਾਂ ਲਈ ਵੱਡਾ ਸਹਾਰਾ ਬਣੀ ਹੈ।ਸ੍ਰੀ ਮਦਨ ਲਾਲ ਗੁੰਬਰ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਤੇ ਦਿਲ ਦਹਿਲਾ ਦੇਣ ਵਾਲੀ ਘਟਨਾ ਹੈ, ਜਿਸ ਨੇ ਕਈ ਪਰਵਾਰਾਂ ਤੋਂ ਉਨ੍ਹਾਂ ਦੇ ਪਿਆਰੇ ਸਦਾ ਲਈ ਖੋਹ ਲਏ ਹਨ।

ਉਨ੍ਹਾਂ ਕਿਹਾ ਕਿ ਸਮੂਹ ਇਲਾਕਾ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਦੇ ਨਾਲ ਖੜ੍ਹਾ ਹੈ।ਇਸ ਦਰਦਨਾਕ ਹਾਦਸੇ ਨੇ ਪੂਰੇ ਖੇਤਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਤੇ ਲੋਕ ਅਜੇ ਵੀ ਇਸ ਸਦਮੇ ਤੋਂ ਉੱਭਰ ਨਹੀਂ ਸਕੇ।

## ਸਫਾ 1 ਦੇ ਬਾਕੀ...

### ਹਿੰਦੂ ਵਪਾਰੀਆਂ ਨੂੰ ...

ਹਨ ਅਤੇ ਦੁਨੀਆ ਦਾ ਪੈਸਾ ਕਿੱਥੇ ਜਾ ਰਿਹਾ ਹੈ- ਏ ਆਈ, ਸੈਮੀਕੰਡਕਟਰਸ, ਫਿਊਚਰ ਟੈਕਨਾਲੋਜੀ, ਟੀ ਐੱਸ ਐੱਮ ਸੀ, ਐੱਸ ਕੇ ਹਾਈਨਿਕਸ ਅਤੇ ਮੀਡੀਆ ਟੈਕ ਵਰਗੀਆਂ ਕੰਪਨੀਆਂ ਅੱਗੇ ਵਧ ਰਹੀਆਂ ਹਨ, ਪਰ ਭਾਰਤ ਵਿੱਚ ਨਵੀਂ ਸੋਚ ਨਵੀਂ ਤਕਨੀਕ ਅਤੇ ਨਵੇਂ ਉਦਮਾਂ ਨੂੰ ਉਤਸ਼ਾਹਤ ਕਰਨ ਦੀ ਬਜਾਏ ਇੱਕ ਵੱਖਰਾ ਹੀ ਮਾਡਲ ਚੱਲ ਰਿਹਾ ਹੈ।ਜੋ ਵੀ ਕੰਪਨੀ ਅੱਗੇ ਵਧਦੀ ਹੈ, ਉਸ ਦੇ ਇੱਥੇ ਪਹਿਲਾਂ ਈ ਡੀ ਦੀ ਰੇਡ ਕਰਵਾਓ, ਫਿਰ ਪਾਰਟੀ ਲਈ ਚੰਦਾ ਵਸੂਲੋ।ਨਤੀਜਾ—ਨਿਵੇਸ਼ ਘਟ ਰਿਹਾ ਹੈ।ਨਵੀਆਂ ਨੌਕਰੀਆਂ ਘੱਟ ਪੈਦਾ ਹੋ ਰਹੀਆਂ ਹਨ।ਚੰਗੀ ਸੈਲਰੀ ਵਾਲੀਆਂ ਨੌਕਰੀਆਂ ਦੇ ਮੌਕੇ ਸਿਮਟ ਰਹੇ ਹਨ।

### ਈਰਾਨ ਨਾਲ ਦੁਬਾਰਾ ਜੰਗ...

ਦੁਬਾਰਾ ਈਰਾਨ ਨਾਲ ਜੰਗ ਛੇੜੀ ਤਾਂ ਉਨ੍ਹਾਂ ਨੂੰ ਅਮਰੀਕਾ ਦਾ ਸਾਥ ਨਹੀਂ ਮਿਲੇਗਾ ਅਤੇ ਉਹ ਇਕੱਲੇ ਰਹਿ ਜਾਣਗੇ। ਟਰੰਪ ਨੇ ਆਪਣੇ ਸ਼ਬਦਾਂ ਨੂੰ ਦੁਹਰਾਉਂਦੇ ਹੋਏ ਕਿਹਾ, "ਮੈਂ ਨੇਤਨਯਾਹੂ ਨੂੰ ਕਿਹਾ ਹੈ ਕਿ 'ਬੀਬੀ' (ਨੇਤਨਯਾਹੂ ਦਾ ਨਿੱਕ-ਨੇਮ), ਤੈਨੂੰ ਸੰਭਲ ਕੇ ਚੱਲਣਾ ਚਾਹੀਦਾ ਹੈ, ਨਹੀਂ ਤਾਂ ਬਹੁਤ ਜਲਦ ਤੂੰ ਇਸ ਲੜਾਈ ਵਿੱਚ ਬਿਲਕੁਲ ਇਕੱਲਾ ਰਹਿ ਜਾਵੇਂਗਾ।' ਅਮਰੀਕਾ ਪਿਛਲੇ ਤਿੰਨ ਮਹੀਨਿਆਂ ਦੇ ਵੱਧ ਸਮੇਂ ਤੋਂ ਚੱਲ ਰਹੀ ਇਸ ਜੰਗ ਨੂੰ ਖ਼ਤਮ ਕਰਨ ਲਈ ਈਰਾਨ (ਤਹਿਰਾਨ) ਨਾਲ ਸਮਝੌਤਾ ਕਰਵਾਉਣ ਦੀ ਕੋਸ਼ਿਸ਼ ਕਰ ਰਿਹਾ ਹੈ, ਜੋ ਕਿ ਇਸ ਹਮਲੇ ਕਾਰਨ ਟੁੱਟਣ ਦੀ ਕਗਾਰ 'ਤੇ ਪਹੁੰਚ ਗਈ ਹੈ।

### ਪੀ ਆਰ ਟੀ ਸੀ ਦੇ ...

ਬਿੱਲਾਂ ਦਾ ਭੁਗਤਾਨ ਨਹੀਂ ਕੀਤਾ ਜਾਂਦਾ। ਅਨੇਕਾਂ ਕਿਸਮ ਦੇ ਹੋਰ ਬਕਾਏ ਵੀ ਸਾਲਾਂਬੱਧੀ ਸਮੇਂ ਤੋਂ ਅਦਾ ਨਹੀਂ ਕੀਤੇ ਜਾ ਰਹੇ।

ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੇਵਾ-ਮੁਕਤ ਕਰਮਚਾਰੀਆਂ ਨੂੰ ਸਮੇਂ ਸਿਰ ਪੈਨਸ਼ਨ ਅਤੇ ਹੋਰ ਬਕਾਏ ਸਮੇਤ ਮੈਡੀਕਲ ਬਿੱਲਾਂ ਦੇ ਪੈਸੇ ਦੇਣ ਤੋਂ ਲਗਾਤਾਰ ਪਾਸਾ ਵੱਟਣ ਦੀ ਕੋਸ਼ਿਸ਼ ਕਰਦੀ ਹੈ। ਮੁਫ਼ਤ ਸਫਰ ਸਹੂਲਤਾ ਦੇ ਪੈਸੇ ਨਾ ਦੇ ਕੇ ਜਿੱਥੇ ਤਨਖਾਹਾਂ, ਪੈਨਸ਼ਨਰਾਂ ਦਾ ਭੁਗਤਾਨ ਨਹੀਂ ਹੋਣ ਦਿੱਤਾ ਜਾਂਦਾ, ਉੱਥੇ ਹੀ ਬੁਢਾਪੇ ਦੀਆਂ ਬਿਮਾਰੀਆਂ ਲਈ ਇਲਾਜ ਤੇ ਖਰਚੇ ਪੈਸੇ ਵੀ ਸਾਲ-ਸਾਲ ਨਹੀਂ ਦਿੱਤੇ ਜਾਦੇ। ਇਸੇ ਤਰ੍ਹਾਂ ਹੋਰ ਅਨੇਕਾਂ ਕਿਸਮ ਦੇ ਬਕਾਏ ਵੀ ਨਹੀਂ ਦਿੱਤੇ ਜਾ ਰਹੇ। ਇਸ ਦਾ ਵੱਡਾ ਕਾਰਨ ਪੰਜਾਬ ਸਰਕਾਰ ਦਾ ਇਸ ਮਹਿਕਮੇ ਵੱਲ ਉਕਾ ਹੀ ਕੋਈ ਧਿਆਨ ਨਾ ਦੇਣਾ ਅਤੇ ਮੈਨੇਜਮੈਂਟ ਵੱਲੋਂ ਕੋਈ ਜਤਨ ਨਾ ਕਰਨਾ ਹੈ।

ਆਗੂਆਂ ਵੱਲੋਂ ਐਲਾਨ ਕੀਤਾ ਗਿਆ ਕਿ ਜੇਕਰ ਸੇਵਾ-ਮੁਕਤ ਕਰਮਚਾਰੀਆਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਐਕਸ਼ਨ ਕਮੇਟੀ ਵੱਲੋਂ ਜੂਨ ਦੇ ਆਖਰੀ ਹਫਤੇ ਪੀ ਆਰ ਟੀ ਸੀ ਦੇ ਮੁੱਖ ਦਫਤਰ ਸਾਹਮਣੇ ਦਿੱਤੇ ਜਾਣ ਵਾਲੇ ਵਿਸ਼ਾਲ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਇਆ ਜਾਵੇਗਾ।

### ਕਾਂਗਰਸ ਨੇ ਮੋਦੀ...

ਭਾਰਤ 'ਤੇ ਕਿੰਨਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾ ਕਿਹਾ ਕਿ ਸਰਕਾਰ ਨੇ ਦਾਅਵਾ ਕੀਤਾ ਸੀ ਕਿ ਭਾਰਤ ਖਾਦ ਉਤਪਾਦਨ ਵਿੱਚ ਆਤਮਨਿਰਭਰ ਹੋਣ ਜਾ ਰਿਹਾ ਹੈ, ਪਰ ਸੱਚਾਈ ਇਹ ਹੈ ਕਿ ਐੱਲ ਐੱਨ ਜੀ ਉਤਪਾਦਨ ਵਿੱਚ 25 ਪ੍ਰਤੀਸ਼ਤ ਦੀ ਕਮੀ ਆਈ ਹੈ ਅਤੇ ਯੂਰੀਆ ਉਤਪਾਦਨ ਵਿੱਚ ਕਾਫੀ ਗਿਰਾਵਟ ਆਈ ਹੈ। ਨਰਿੰਦਰ ਮੋਦੀ ਨੇ ਦਾਅਵਾ ਕੀਤਾ ਸੀ ਕਿ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ ਅਤੇ 2024 ਤੱਕ 5 ਟ੍ਰਿਲੀਅਨ ਅਮਰੀਕੀ ਡਾਲਰ ਦੀ ਅਰਥਵਿਵਸਥਾ ਤੱਕ ਪਹੁੰਚ ਜਾਵੇਗਾ। ਪਰ ਅੱਜ ਦੀ ਹਕੀਕਤ ਇਹ ਹੈ ਕਿ ਅਰਥਵਿਵਸਥਾ 4 ਟ੍ਰਿਲੀਅਨ ਅਮਰੀਕੀ ਡਾਲਰ ਤੋਂ ਹੇਠਾਂ ਆ ਗਈ ਹੈ ਅਤੇ ਭਾਰਤ ਛੇਵੀਂ ਸਭ ਤੋਂ ਵੱਡੀ ਅਰਥਵਿਵਸਥਾ ਤੱਕ ਖਿਸਕ ਗਿਆ ਹੈ। ਉਨ੍ਹਾ ਦੱਸਿਆ ਕਿ ਡਾਲਰ ਦੇ ਮੁਕਾਬਲੇ ਰੁਪਈਆ ਲਗਾਤਾਰ ਡਿੱਗ ਰਿਹਾ ਹੈ, ਜਿਸ ਦਾ ਸਿੱਧਾ ਅਸਰ ਭਾਰਤ ਦੀ ਆਰਥਿਕਤਾ 'ਤੇ ਪੈ ਰਿਹਾ ਹੈ ਅਤੇ ਇੱਕ ਡੂੰਘਾ ਆਰਥਿਕ ਸੰਕਟ ਪੈਦਾ ਹੋ ਰਿਹਾ ਹੈ। ਹਾਲ ਹੀ ਵਿੱਚ ਜੀ ਡੀ ਪੀ ਵਿਕਾਸ ਦਰ 7.7 ਪ੍ਰਤੀਸ਼ਤ ਦੱਸੀ ਗਈ ਸੀ, ਪਰ ਦੇਸ਼ ਅਜੇ ਵੀ ਆਪਣੇ ਜੀ ਡੀ ਪੀ ਟੀਚਿਆਂ ਨੂੰ ਲਗਾਤਾਰ ਗੁਆ ਰਿਹਾ ਹੈ। ਕਾਰਨ ਇਹ ਹੈ ਕਿ ਵਿਦੇਸ਼ੀ ਨਿਵੇਸ਼ਕ ਜਾ ਰਹੇ ਹਨ। ਇੱਥੋਂ ਤੱਕ ਕਿ ਭਾਰਤ ਦੇ ਆਪਣੇ ਉਦਯੋਗਪਤੀ ਵੀ ਦੇਸ਼ ਵਿੱਚ ਨਿਵੇਸ਼ ਕਰਨ ਦੀ ਬਜਾਏ ਵਿਦੇਸ਼ਾਂ ਵਿੱਚ ਨਿਵੇਸ਼ ਕਰ ਰਹੇ ਹਨ। ਇਹ ਦੇਸ਼ ਦੀ ਆਰਥਿਕਤਾ 'ਤੇ ਮੋਦੀ ਸਰਕਾਰ ਦੀਆਂ ਨੀਤੀਆਂ ਦਾ ਪ੍ਰਭਾਵ ਹੈ।

ਉਨ੍ਹਾ ਕਿਹਾ ਕਿ ਮੋਦੀ ਸਰਕਾਰ ਨੇ ਦਾਅਵਾ ਕੀਤਾ ਸੀ ਕਿ ਉਹ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗੀ, ਪਰ ਸੱਚਾਈ ਇਹ ਹੈ ਕਿ ਅੱਜ ਦੇਸ਼ ਦੇ ਲੋਕ ਭਿਆਨਕ ਗਰਮੀ ਅਤੇ ਪ੍ਰਦੂਸ਼ਣ ਤੋਂ ਪੀੜਤ ਹਨ, ਕਿਉਂਕਿ ਇਹ ਸਰਕਾਰ ਲਗਾਤਾਰ ਜੰਗਲਾਂ ਨੂੰ ਤਬਾਹ ਕਰ ਰਹੀ ਹੈ। ਨਰਿੰਦਰ ਮੋਦੀ ਸਮਾਰਟ ਸ਼ਹਿਰਾਂ ਬਾਰੇ ਗੱਲ ਕਰਦੇ ਸਨ, ਪਰ ਅੱਜ ਸਮਾਰਟ ਸ਼ਹਿਰ ਕਿਤੇ ਵੀ ਦਿਖਾਈ ਨਹੀਂ ਦਿੰਦੇ। ਮੋਦੀ ਸਰਕਾਰ ਰੇਲਵੇ ਬਾਰੇ ਬਹੁਤ ਪ੍ਰਚਾਰ ਕਰਦੀ ਹੈ, ਪਰ ਸੱਚਾਈ ਇਹ ਹੈ ਕਿ ਰੇਲਗੱਡੀਆਂ ਬਹੁਤ ਜ਼ਿਆਦਾ ਭੀੜ-ਭੜੱਕੇ ਵਾਲੀਆਂ ਹਨ, ਦੇਰੀ ਨਾਲ ਚੱਲਦੀਆਂ ਹਨ ਅਤੇ ਰੇਲਵੇ ਵਿੱਚ ਸੁਰੱਖਿਆ ਇੱਕ ਵੱਡਾ ਮੁੱਦਾ ਹੈ। ਐੱਨ ਸੀ ਆਰ ਬੀ ਦੇ ਅੰਕੜਿਆਂ ਅਨੁਸਾਰ, ਰੇਲਵੇ ਪਟੜੀਆਂ 'ਤੇ 22,413 ਲੋਕਾਂ ਦੀ ਮੌਤ ਹੋ ਗਈ ਹੈ। ਦੂਬੇ ਨੇ ਦੱਸਿਆ ਕਿ 2024-25 ਵਿੱਚ, 31 ਵੱਡੇ ਰੇਲ ਹਾਦਸੇ ਹੋਏ ਹਨ ਅਤੇ ਕਵਚ ਪ੍ਰਣਾਲੀ ਸਿਰਫ 2 ਪ੍ਰਤੀਸ਼ਤ ਪਟੜੀਆਂ 'ਤੇ ਲਾਗੂ ਕੀਤੀ ਗਈ ਹੈ। ਮੋਦੀ ਸਰਕਾਰ ਨੇ ਦਾਅਵਾ ਕੀਤਾ ਸੀ ਕਿ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾਇਆ ਜਾਵੇਗਾ, ਜਦੋਂ ਕਿ ਸੱਚਾਈ ਇਹ ਹੈ ਕਿ ਪੇਪਰ ਲੀਕ ਲਗਾਤਾਰ ਹੋ ਰਹੇ ਹਨ। ਸੀ ਬੀ ਐੱਸ ਈ ਦੇ ਓ ਐੱਸ ਐੱਮ ਸਿਸਟਮ ਨੇ ਵਿਦਿਆਰਥੀਆਂ ਦੇ ਭਵਿੱਖ ਨਾਲ ਛੇੜਛਾੜ ਕੀਤੀ ਹੈ ਅਤੇ ਟੈਂਡਰਿੰਗ ਪ੍ਰਕਿਰਿਆ ਵਿੱਚ ਵੀ ਗਲਤ ਖੇਡ ਹੋਈ ਹੈ। ਹੁਣ ਤੱਕ 89 ਪੇਪਰ ਲੀਕ ਹੋਏ ਹਨ ਅਤੇ 48 ਦੁਬਾਰਾ ਪ੍ਰੀਖਿਆਵਾਂ ਕਰਵਾਈਆਂ ਗਈਆਂ ਹਨ। ਦੂਬੇ ਨੇ ਮੰਗ ਕੀਤੀ ਕਿ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਤੁਰੰਤ ਆਪਣੇ ਅਹੁਦੇ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ।

### ਮੰਗਾਂ ਨਾ ਮੰਨੀਆਂ ਤਾਂ ...

ਕਈ ਕੈਟਾਗਰੀਆਂ ਦੀਆਂ ਤਰੱਕੀਆਂ ਨਹੀਂ ਕੀਤੀਆਂ ਜਾ ਰਹੀਆਂ, ਵਿੱਤੀ ਬਕਾਏ ਸਾਲਾਂਬੱਧੀ ਸਮੇਂ ਤੋਂ ਨਹੀਂ ਦਿੱਤੇ ਜਾ ਰਹੇ, ਮੈਡੀਕਲ ਬਿੱਲਾਂ ਦਾ ਭੁਗਤਾਨ ਨਹੀਂ ਕੀਤਾ ਜਾ ਰਿਹਾ, ਕੰਟਰੈਕਟ ਅਤੇ ਆਊਟਸੋਰਸ ਵਰਕਰਾਂ ਦੇ ਪੱਖ ਵਿੱਚ ਆਏ ਫੈਸਲਿਆਂ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਕੇ ਵਰਕਰਾਂ ਨੂੰ ਅਦਾਲਤਾਂ ਵਿੱਚ ਕੇਸ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ।1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ 250 ਵਰਕਰਾਂ ਨੂੰ ਪੈਨਸ਼ਨ ਨਹੀਂ ਦਿੱਤੀ ਜਾ ਰਹੀ, ਐਕਸਨ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਜੇਕਰ ਬਿਨ੍ਹਾਂ ਦੇਰੀ ਇਹ ਮਸਲੇ ਨਾ ਕੀਤੇ ਗਏ ਤਾਂ ਜੂਨ ਦੇ ਚੌਥੇ ਹਫਤੇ ਪੀ ਆਰ ਟੀ ਸੀ ਦੇ ਮੁੱਖ ਦਫਤਰ ਸਾਹਮਣੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

### ਟੈਰਿਫ ਦੁੱਗਣਾ ਕਰਨ...

25 ਲੱਖ ਰੁਪਏ (26,121.25 ਡਾਲਰ) ਤੋਂ ਵੱਧ ਦਾ ਮਾਰਜਿਨ ਹੈ। ਇੱਕ ਕਿੱਲੋ ਬਾਰ ਲਗਭਗ ਇੱਕ ਆਈਫੋਨ ਦੇ ਆਕਾਰ ਦੀ ਹੁੰਦੀ ਹੈ। ਇਹ ਸੁਭਾਵਕ ਹੈ ਕਿ ਲੋਕ ਜਲਦੀ ਪੈਸੇ ਕਮਾਉਣ ਦੀ ਕੋਸ਼ਿਸ਼ ਕਰਨਗੇ। ਕੋਲਕਾਤਾ ਦੇ ਇੱਕ ਡੀਲਰ ਨੇ ਕਿਹਾ ਸਮੱਗਲਿੰਗ ਦਾ ਸੋਨਾ 4 ਫੀਸਦੀ ਮੁਨਾਫੇ 'ਤੇ ਵਿਕ ਰਿਹਾ ਹੈ ਅਤੇ ਸਮੱਗਲਰ ਇਸ ਵਿੱਚ ਵੀ ਕਮਾਈ ਕਰ ਰਹੇ ਹਨ।

ਸੋਨੇ ਦੀ ਸਮੱਗਲਿੰਗ 2023 ਵਿੱਚ 156.1 ਟਨ ਤੋਂ ਘਟ ਕੇ ਅਗਲੇ ਸਾਲ 69.2 ਮੀਟ੍ਰਿਕ ਟਨ ਰਹਿ ਗਈ ਸੀ ਅਤੇ 2025 ਵਿੱਚ ਭਾਰਤ ਵੱਲੋਂ ਸੋਨੇ 'ਤੇ ਦਰਾਮਦੀ ਡਿਊਟੀਆਂ ਘਟਾਉਣ ਤੋਂ ਬਾਅਦ ਇਹ ਹੋਰ ਘਟ ਕੇ 20.4 ਟਨ ਰਹਿ ਗਈ ਸੀ। ਵਰਲਡ ਗੋਲਡ ਕੌਂਸਲ ਦੇ ਅੰਕੜਿਆਂ ਅਨੁਸਾਰ ਡਿਊਟੀ ਵਿੱਚ ਕਟੌਤੀ ਤੋਂ ਪਹਿਲਾਂ ਪਿਛਲੇ ਦਹਾਕੇ ਦੌਰਾਨ ਹਰ ਸਾਲ ਔਸਤਨ 108 ਮੀਟ੍ਰਿਕ ਟਨ ਸੋਨੇ ਦੀ ਦੇਸ਼ ਵਿੱਚ ਸਮੱਗਲਿੰਗ ਕੀਤੀ ਜਾਂਦੀ ਸੀ। ਹੈਦਰਾਬਾਦ ਦੇ ਇੱਕ ਸਰਾਫਾ ਡੀਲਰ ਨੇ ਕਿਹਾ ਕਿ ਭਾਰਤ ਨੇ ਅਪ੍ਰੈਲ ਵਿੱਚ 45.6 ਟਨ ਸੋਨਾ ਦਰਾਮਦ ਕੀਤਾ ਸੀ, ਪਰ ਮਈ ਵਿੱਚ ਦਰਾਮਦ ਅੱਧੀ ਰਹਿ ਗਈ, ਕਿਉਂਕਿ ਬੈਂਕਾਂ ਅਤੇ ਰਿਫਾਇਨਰਾਂ ਨੇ ਭਾਰੀ ਛੋਟਾਂ ਦੇ ਵਿਚਕਾਰ ਵਿਦੇਸ਼ੀ ਖਰੀਦਦਾਰੀ ਘਟਾ ਦਿੱਤੀ ਹੈ।

### ਬਰਾਬਰ ਅੰਕ 'ਤੇ ਬਰਾਬਰ ਰੈਂਕ...

ਵਿਦਿਆਰਥੀਆਂ ਨੇ ਦੱਸਿਆ ਕਿ ਚੋਟੀ ਦੇ ਰੈਂਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਦੇ ਬਰਾਬਰ ਅੰਕਾਂ ਵਾਲੇ ਵਿਦਿਆਰਥੀਆਂ ਨੂੰ ਸਿਰਫ਼ ਉਮਰ ਦੇ ਅਧਾਰ 'ਤੇ ਮੈਰਿਟ ਸੂਚੀ ਵਿੱਚ ਹੇਠਾਂ ਰੱਖਿਆ ਜਾਂਦਾ ਹੈ, ਜਿਸ ਨਾਲ ਉਨ੍ਹਾਂ ਦੇ ਰੈਂਕ ਪ੍ਰਭਾਵਿਤ ਹੁੰਦੇ ਹਨ।ਇਸ ਮਾਮਲੇ ਦਾ ਨੋਟਿਸ ਲੈਂਦਿਆਂ ਮੁੱਖ ਮੰਤਰੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਇਸ ਰਿਵਾਇਤ ਨੂੰ ਖ਼ਤਮ ਕਰਨ ਅਤੇ ਬਰਾਬਰ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਲਈ ਸਾਂਝੀ ਰੈਂਕ ਪ੍ਰਣਾਲੀ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਸਨ।

## ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਖਿਲਾਫ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਬੀਤੇ ਦਿਨੀਂ ਪਟਿਆਲਾ ਵਿਖੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤੀ ਪੂਰਵਕ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਕਰਨ ਵਾਲੇ ਬੇਰੁਜ਼ਗਾਰ ਸਹਾਇਕ ਲਾਈਨਮੈਨਾਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਚੁਫੇਰਿਓਂ ਨਿੰਦਾ ਕੀਤੀ ਜਾ ਰਹੀ ਹੈ।ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨਾਲ ਸੰਬੰਧਤ ਸੂਬਾ ਪੱਧਰੀ ਮਿੱਡ ਡੇ ਮੀਲ ਕੁੱਕ ਯੂਨੀਅਨ ਪੰਜਾਬ ਨੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਤੇ ਸੂਬਾ ਸਕੱਤਰ ਬੀਬੀ ਕਮਲਜੀਤ ਕੌਰ ਮਦੋਕੇ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਵਰਕਰਾਂ ਨਾਲ ਅੰਨੇਵਾਹ ਲਾਠੀ ਚਾਰਜ ਦੇ ਸ਼ਿਕਾਰ ਬੇਰੁਜ਼ਗਾਰ, ਬੇਕਸੂਰ ਸਹਾਇਕ ਲਾਈਨਮੈਨਾਂ ਦੀ ਹਿਮਾਇਤ 'ਚ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਅਤੇ ਇਨ੍ਹਾਂ ਬੇਰੁਜ਼ਗਾਰ ਸਹਾਇਕ ਲਾਈਨਮੈਨਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਘੋਰ ਨਿੰਦਾ ਕਰਦਿਆਂ ਇਸ ਨੂੰ ਪੰਜਾਬ ਸਰਕਾਰ ਦਾ ਗੈਰ-ਲੋਕਤੰਤਰਿਕ ਕਾਰਾ ਕਿਹਾ।ਇਸ ਮੌਕੇ ਸੰਬੋਧਨ ਕਰਦਿਆਂ ਮਿੱਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਤੇ ਸੂਬਾ ਸਕੱਤਰ ਬੀਬੀ ਕਮਲਜੀਤ ਕੌਰ ਮੱਦੋਕੇ ਨੇ ਕਿਹਾ ਕਿ ਮੌਜੂਦਾ ਭਗਵੰਤ ਮਾਨ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਦੀ ਦੇਣ ਹੈ ਤੇ ਹੁਣ ਮਾਨ ਸਰਕਾਰ ਇਨ੍ਹਾਂ ਮੁਲਾਜ਼ਮਾਂ ਦੀ ਹੀ ਬੇਰਹਿਮੀ ਨਾਲ ਕੁੱਟਮਾਰ ਕਰ ਰਹੀ ਹੈ।ਚੰਡਾਲੀਆ ਨੇ ਕਿਹਾ ਕਿ ਹੁਣ 2027 'ਚ ਪੰਜਾਬ ਦੇ ਮੁਲਾਜ਼ਮ ਹੀ ਭਗਵੰਤ ਮਾਨ ਸਰਕਾਰ ਦੀ ਸੱਤਾ 'ਚੋਂ ਵਾਪਸੀ ਕਰਨਗੇ। ਇਸ ਰੋਸ ਮੁਜ਼ਾਹਰੇ ਵਿੱਚ ਹੋਰਨਾਂ ਤੋਂ ਇਲਾਵਾ ਬਾਘਾ ਪੁਰਾਣਾ ਤੋਂ ਜਗਸੀਰ ਸਿੰਘ ਐੱਮ ਸੀ, ਪ੍ਰਧਾਨ ਮਤਾਦੀਨ, ਸੰਧਿਆ ਘਾਰੂ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਖਜ਼ਾਨਚੀ ਸਤਨਾਮ ਸਿੰਘ ਚੜਿੱਕ, ਨਿਖਿਲ ਕੁਮਾਰ, ਈ ਰਿਕਸ਼ਾ ਮਜ਼ਦੂਰ ਸੰਘ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ, ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ, ਜਸਵੰਤ ਸਿੰਘ ਜੱਸਾ, ਸਲਾਹਕਾਰ ਗੁਰਮੇਲ ਸਿੰਘ, ਜਗਸੀਰ ਸਿੰਘ ਤੇ ਭਾਰੀ ਗਿਣਤੀ ਵਿੱਚ ਮਿੱਡ ਡੇ ਮੀਲ ਕੁੱਕ ਯੂਨੀਅਨ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਰਣਧੀਰ ਸਿੰਘ ਧੀਰਾ ਖੁੱਡੀਆਂ ਦਾ ਲੰਬੀ ਹਲਕੇ ਵਿੱਚ ਪਹੁੰਚਣ 'ਤੇ ਗਰਮਜੋਸ਼ੀ ਨਾਲ ਸਵਾਗਤ



**ਲੰਬੀ/ਮਲੋਟ (ਸ਼ਮਿੰਦਰ ਪਾਲ, ਪੂਜਾ)**-ਸ. ਰਣਧੀਰ ਸਿੰਘ ਧੀਰਾ ਖੁੱਡੀਆਂ ਚੇਅਰਮੈਨ ਪੰਜਾਬ ਸਟੇਟ ਕੰਟੇਨਰ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਮੰਗਲਵਾਰ ਨੂੰ ਆਪਣੇ ਜੱਦੀ ਹਲਕੇ ਲੰਬੀ ਦੇ ਪਿੰਡ ਖੁੱਡੀਆਂ ਗੁਲਾਬ ਸਿੰਘ ਪਹੁੰਚਣ 'ਤੇ ਇਲਾਕਾ ਨਿਵਾਸੀਆਂ ਨੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਇਲਾਕਾ ਨਿਵਾਸੀਆਂ ਦੀ ਵਧਾਈ ਕਬੂਲ ਕਰਦਿਆਂ ਸ.ਧੀਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਹਨਾਂ ਦੀ ਪਾਰਟੀ ਪ੍ਰਤੀ ਵਫਾਦਾਰੀ ਦੇਖਦਿਆਂ ਉਹਨਾਂ ਨੂੰ ਇੱਕ ਜ਼ੁੰਮੇਵਾਰੀ ਵਾਲਾ ਆਹੁਦਾ ਦੇ ਕੇ ਉਹਨਾਂ ਅਤੇ ਇਲਾਕੇ ਦਾ ਮਾਣ ਸਤਿਕਾਰ ਵਧਾਇਆ ਹੈ। ਉਹਨਾਂ ਆਸ ਪ੍ਰਗਟਾਈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਦੀ ਭਾਵਨਾ ਨਾਲ ਨਿਭਾਉਣਗੇ ਅਤੇ ਲੋਕਾਂ ਅਤੇ ਇਲਾਕੇ ਦੀ ਹਮੇਸ਼ਾਂ ਸੇਵਾ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਉਹ ਸਵਰਗੀ ਜੱਥੇਦਾਰ ਸ. ਜਗਦੇਵ ਸਿੰਘ ਖੁੱਡੀਆਂ ਨੂੰ ਆਪਣਾ ਆਦਰਸ਼ ਮੰਨਦੇ ਹਨ, ਜਿਹਨਾਂ ਦੀ ਇਮਾਨਦਾਰੀ ਅਤੇ ਵਫਾਦਾਰੀ ਹਮੇਸ਼ਾ ਦੁਨੀਆਂ ਅੱਜ ਵੀ ਯਾਦ ਕਰਦੀ ਹੈ। ਖੁੱਡੀਆਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਸ੍ਰੀ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਹਨਾਂ ਵੱਲੋਂ ਜਤਾਏ ਗਏ ਵਿਸ਼ਵਾਸ ਨੂੰ ਹਮੇਸ਼ਾ ਕਾਇਮ ਰੱਖਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ, ਸਰਪੰਚ,ਪੰਚ ਅਤੇ ਪਤਵੰਤੇ ਵਿਅਕਤੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਨਰਮੇ ਅਤੇ ਦੇਸੀ ਕਪਾਹ ਦੀ ਸਫਲ ਕਾਸ਼ਤ ਸੰਬੰਧੀ ਕਿਸਾਨਾਂ ਨਾਲ ਨੁਕਤੇ ਸਾਂਝੇ ਕੀਤੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾ. ਜਸਵਿੰਦਰ ਕੌਰ ਏ.ਡੀ.ਓ. (ਟਰੇਨਿੰਗ) ਬਠਿੰਡਾ ਦੁਆਰਾ ਨਰਮੇ ਅਤੇ ਦੇਸੀ ਕਪਾਹ ਦੀ ਸਫਲ ਕਾਸ਼ਤ ਸਬੰਧੀ ਕਿਸਾਨਾਂ ਨਾਲ ਜ਼ਰੂਰੀ ਨੁਕਤੇ ਸਾਂਝੇ ਕੀਤੇ ਗਏ।ਉਹਨਾਂ ਦੱਸਿਆ ਕਿ ਨਰਮੇ ਦੀ ਫਸਲ ਲਈ ਸਰਵਪੱਖੀ ਕੀਟ ਪ੍ਰਬੰਧਨ ਬਹੁਤ ਜਰੂਰੀ ਹੈ।ਉਨ੍ਹਾਂ ਕਿਹਾ ਕਿ ਸ਼ੁਰੂ ਵਿੱਚ ਨਰਮੇ ਦੀ ਫਸਲ 'ਤੇ ਘੱਟੋ-ਘੱਟ ਦੋ ਨਿੰਮ ਦੀਆਂ ਸਪਰੇਆਂ ਕਰਨ ਨਾਲ ਰਸ ਚੂਸਕ ਕੀੜਿਆਂ ਦਾ ਕੰਟਰੋਲ ਹੋ ਜਾਂਦਾ ਹੈ।ਇਹ ਮਿੱਤਰ ਕੀੜਿਆਂ ਲਈ ਵੀ ਸੁਰੱਖਿਤ ਹੈ।ਜੇਕਰ ਚਿੱਟਾ ਮੱਛਰ ਅਤੇ ਰਸ ਚੂਸਕ ਕੀੜਿਆਂ ਦੀ ਗਿਣਤੀ ਇਕ ਹੱਦ ਤੋਂ ਵੱਧ ਜਾਂਦੀ ਹੈ ਤਾਂ ਹੀ ਕੈਮੀਕਲ ਸਪਰੇਆਂ ਕਰਨੀਆਂ ਚਾਹੀਦੀਆਂ ਹਨ।ਆਪਣੇ ਖੇਤ ਦਾ ਆਲਾ ਦੁਆਲਾ ਸਾਫ-ਸੁਥਰਾ ਨਦੀਨ ਰਹਿਤ ਰੱਖਣ ਤੋਂ ਇਲਾਵਾ ਫਸਲ 'ਤੇ ਫੁੱਲ ਪੈਣ ਮੌਕੇ ਗੁਲਾਬੀ ਸੁੰਡੀ ਦਾ ਸਰਵੇਖਣ ਜਰੂਰ ਕੀਤਾ ਜਾਵੇ।ਸਰਵੇਖਣ ਦੌਰਾਨ ਜੇਕਰ ਭੰਮੀਰੀ ਫੁੱਲ ਜਾਂ ਸੁੰਡੀ ਦੁਆਰਾ ਨੁਕਸਾਨ ਕੀਤੇ ਪੰਜ ਜਾਂ ਵੱਧ ਫੁੱਲ ਮਿਲਦੇ ਹਨ, ਤਾਂ ਰੋਕਥਾਮ ਲਈ ਸਿਫਾਰਿਸ਼ ਸ਼ੁਦਾ ਕੀਟਨਾਸ਼ਕਾਂ ਦਾ ਛਿੜਕਾਅ ਕਰੋ।ਨਰਮੇ ਦੀ ਫਸਲ ਦਾ ਵੱਧ ਝਾੜ ਲੈਣ ਲਈ ਫੁੱਲ ਪੈਣ ਸਮੇਂ 2 ਪ੍ਰਤੀਸ਼ਤ (ਦੋ ਕਿਲੋਗ੍ਰਾਮ ਪੋਟਾਸ਼ੀਅਮ ਨਾਈਟਰੇਟ ਨੂੰ 100 ਲੀਟਰ ਪਾਣੀ ਵਿੱਚ ਘੋਲ ਕੇ) ਪੋਟਾਸ਼ੀਅਮ ਨਾਈਟਰੇਟ ਖਾਦ ਦੀਆਂ ਚਾਰ ਸਪਰੇਆਂ ਹਫਤੇ-ਹਫਤੇ ਦੇ ਵਕਫੇ 'ਤੇ ਕੀਤੀਆਂ ਜਾਣ।ਜੇਕਰ ਪੱਤਿਆਂ ਦੀ ਲਾਲੀ ਦੀ ਸਮੱਸਿਆ ਖੇਤ ਵਿੱਚ ਆ ਜਾਵੇ ਤਾਂ ਇਕ ਕਿਲੋ ਮੈਗਨੀਸ਼ੀਅਮ ਸਲਫੇਟ ਨੂੰ 100 ਲੀਟਰ ਪਾਣੀ ਵਿੱਚ ਘੋਲ ਤਿਆਰ ਕਰਕੇ ਦੋ ਸਪਰੇਆਂ ਫੁੱਲ ਡੋਡੀ ਅਵਸਥਾ ਦੌਰਾਨ 15 ਦਿਨਾਂ ਦੇ ਵਕਫੇ ਨਾਲ ਕੀਤੀਆਂ ਜਾਣ।

## ਅੰਤਿਮ ਅਰਦਾਸ ਮੌਕੇ ਖ਼ੂਨਦਾਨ ਕੈਂਪ ਲਗਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਧੂੜੀਆ ਦੇ ਗੁਰਦੁਆਰਾ ਸਾਹਿਬ ਵਿਖੇ ਸਵਰਗੀ ਜਥੇਦਾਰ ਹਰਜੀਤ ਸਿੰਘ ਧੂੜੀਆ ਦੀ ਅੰਤਿਮ ਅਰਦਾਸ ਸਮਾਗਮ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ 16 ਵਲੰਟੀਅਰਾਂ ਨੇ ਖ਼ੂਨਦਾਨ ਕਰਕੇ ਸ਼ਰਧਾਂਜਲੀਆਂ ਭੇਂਟ ਕੀਤੀ।ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ।ਜਗਵਿੰਦਰ ਸਿੰਘ ਕੰਗ, ਸਤਨਾਮ ਸਿੰਘ ਭੰਗੂ, ਹਰਿੰਦਰ ਸਿੰਘ, ਹਰਦੀਪ ਸਿੰਘ, ਰਣਵੀਰ ਸਿੰਘ, ਇਕਬਾਲ ਸਿੰਘ ਤੇ ਗੁਰਮੀਤ ਸਿੰਘ ਨੇ ਵਧ ਚੜ੍ਹ ਕੇ ਸਹਿਯੋਗ ਦਿੱਤਾ।ਖ਼ੂਨਦਾਨੀਆਂ ਦੀ ਹੌਂਸਲਾ ਅਫਜਾਈ ਕਰਨ ਲਈ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ, ਸ਼ਰਨਜੀਤ ਸਿੰਘ ਜੋਗੀਪੁਰ ਤੇ ਰਵੀ ਬਾਦਸ਼ਾਹਪੁਰ ਪਹੁੰਚੇ, ਜਿਨ੍ਹਾਂ ਨੇ ਕਿਹਾ ਕਿ ਬਜ਼ੁਰਗਾਂ ਦੀ ਯਾਦ ਵਿਚ ਖ਼ੂਨਦਾਨ ਕਰਨਾ ਸ਼ਲਾਘਾਯੋਗ ਹੈ।

## ਓ ਬੀ ਸੀ ਵੈੱਲਫੇਅਰ ਫਰੰਟ ਵੱਲੋਂ ਡੀ ਸੀ ਨੂੰ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ, ਰੀਤਵਾਲ)**-ਓ.ਬੀ.ਸੀ ਵੈੱਲਫੇਅਰ ਫਰੰਟ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਪੰਜਾਬ ਪੱਧਰੀ ਪ੍ਰੋਗਰਾਮ ਤਹਿਤ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਸਬੰਧੀ ਦੋ ਵੱਖ-ਵੱਖ ਮੰਗ ਪੱਤਰ ਸੂਬਾ ਸਰਪ੍ਰਸਤ ਰਾਜਵਿੰਦਰ ਸਿੰਘ ਖੱਤਰੀ ਵਾਲਾ ਦੀ ਅਗਵਾਈ 'ਚ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਭਾਰਤ ਦੇ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਮ ਭੇਜੇ ਗਏ।ਉਨ੍ਹਾਂ ਨਾਲ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕੇਵਲ ਸਿੰਘ ਸਿੰਘ ਅਤੇ ਵੱਡੀ ਗਿਣਤੀ 'ਚ ਓ.ਬੀ.ਸੀ ਸਮਾਜ ਨਾਲ ਸਬੰਧਿਤ ਆਗੂ ਅਤੇ ਵਰਕਰ ਵੀ ਮੌਜੂਦ ਰਹੇ। ਮੰਗ ਪੱਤਰ ਸੌਂਪਣ ਉਪਰੰਤ ਇੱਕ ਵੱਖਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸਰਪ੍ਰਸਤ ਖੱਤਰੀਵਾਲਾ ਅਤੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਾਰਜ਼ਕਾਲ ਦੌਰਾਨ ਪੰਜਾਬ ਦੇ ਓ ਬੀ ਸੀ ਸਮਾਜ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਅਣਗੌਲਿਆ ਹੈ।ਇਸ ਸਮੇਂ ਪ੍ਰੇਮ ਸਿੰਘ ਹੀਰੇਵਾਲਾ, ਬਿੱਕਰ ਸਿੰਘ ਮੰਘਾਣੀਆਂ, ਪਰਮਜੀਤ ਕੌਰ ਮਾਨਸਾ, ਡਾਕਟਰ ਭੋਲਾ ਸਿੰਘ, ਲੈਕ. ਇੰਦਰਪਾਲ ਸਿੰਘ, ਹਰਜੀਤ ਸਿੰਘ ਸੱਗੂ, ਮਾਸਟਰ ਗੁਰਜੰਟ ਸਿੰਘ, ਦਰਸ਼ਨ ਸਿੰਘ ਡੀ ਪੀ, ਹੈਡ ਟੀਚਰ ਦਰਸ਼ਨ ਸਿੰਘ, ਭੋਲਾ ਸਿੰਘ ਹੈਲਥ ਸੁਪਰਵਾਈਜ਼ਰ, ਸੁਖਜਿੰਦਰ ਸਿੰਘ , ਰਘਵੀਰ ਸਿੰਘ ਰਾਮਗੜੀਆ, ਜਗਤਾਰ ਸਿੰਘ , ਦਰਸ਼ਨ ਸਿੰਘ ਡੀ ਪੀ ਈ, ਜਸਵਿੰਦਰ ਸਿੰਘ, ਗੁਰਚਰਨ ਸਿੰਘ ਕੋਟਬਖਤੂ, ਗੁਰਦੀਪ ਸਿੰਘ ਫਬੜੇ ਭਾਈ, ਕੁਲਵੰਤ ਸਿੰਘ ਮਾਨਸਾ, ਪਰਸਰਾਮ, ਹਰਜੀਤ ਕੌਰ, ਲਾਲ ਚੰਦ ਯਾਦਵ, ਜਗਨ ਮਾਲਾ, ਲਾਲ ਚੰਦ ਲੋਹਾਣੀਆਂ, ਜਸਵੀਰ ਸਿੰਘ ਹੈਲਥ ਡਿਪਾਰਟਮੈਂਟ, ਦੀਦਾਰ ਸਿੰਘ ਸੇਵਾ ਮੁਕਤ ਅਧਿਆਪਕ, ਮਾਸਟਰ ਸੁਖਦੇਵ ਸਿੰਘ, ਅੰਮ੍ਰਿਤਪਾਲ ਸਿੰਘ ਬਰੇਟਾ, ਸੁਖਜਿੰਦਰ ਸਿੰਘ ਬਰੇਟਾ, ਲੈਕਚਰਾਰ ਜੁਗਰਾਜ ਸਿੰਘ ਤੇ ਪਰਸਰਾਮ ਮਾਨਸਾ ਆਦਿ ਆਗੂ ਹਾਜ਼ਰ ਸਨ।

## ਸਰਕਾਰੀ ਸਕੂਲਾਂ ਦੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਦਾ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਰਾਮਾਨੁਜਨ ਗਣਿਤ ਐਵਾਰਡ ਪ੍ਰੀਖਿਆ ਪ੍ਰਬੰਧਕ ਕਮੇਟੀ ਵੱਲੋਂ ਸਰਕਾਰੀ ਸਕੂਲਾਂ ਦੇ ਅੱਠਵੀਂ, ਦਸਵੀਂ ਅਤੇ ਬਾਰਵੀਂ ਜਮਾਤ ਦੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਸਨਮਾਨ ਸਮਾਰੋਹ ਦੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀਮਤੀ ਪੂਨਮਦੀਪ ਕੌਰ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਕਿਹਾ ਕਿ ਪ੍ਰੀਖਿਆ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਜਾ ਰਿਹਾ ਇਹ ਉਪਰਾਲਾ ਬਹੁਤ ਹੀ ਸਲਾਘਾਯੋਗ ਹੈ। ਇਸ ਉਪਰਾਲੇ ਨਾਲ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਮਿਲੇਗੀ ਇਸ ਹੱਲਾਸ਼ੇਰੀ ਸਦਕਾ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਹੋਰ ਉੱਚੇ ਮੁਕਾਮ ਹਾਸਲ ਕਰਨ ਲਈ ਜੀਅ ਜਾਨ ਨਾਲ ਮਿਹਨਤ ਕਰਨਗੇ। ਪ੍ਰੀਖਿਆ ਦੇ ਮੁੱਖ ਪ੍ਰਬੰਧਕ ਦੇਵੀ ਦਿਆਲ ਅਤੇ ਸਹਿ ਪ੍ਰਬੰਧਕ ਸਚਿਨ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਪ੍ਰੀਖਿਆ ਵਿੱਚ ਸਰਕਾਰੀ ਸਕੂਲਾਂ ਦੇ ਅੱਠਵੀਂ ਜਮਾਤ ਵਿੱਚੋਂ ਮੈਰਿਟ ਵਿੱਚ ਆਈ ਵਿਦਿਆਰਥਣ ਜਪਨੀਤ ਕੌਰ, ਖੁਸ਼ਪ੍ਰੀਤ ਕੌਰ, ਜਾਗਰਤੀ ਰਾਣੀ, ਦਸਵੀਂ ਦੇ ਸਰਕਾਰੀ ਸਕੂਲਾਂ ਵਿੱਚੋਂ ਮੈਰਿਟ ਵਿੱਚ ਆਈ ਵਿਦਿਆਰਥਣ ਅਸ਼ਮੀਤ ਕੌਰ, ਯੀਕਾਂਸ਼ੀ ਵਰਮਾ, ਕਮਲਦੀਪ ਕੌਰ ਅਤੇ ਇਸੇ ਤਰ੍ਹਾਂ ਬਾਰਵੀਂ ਜਮਾਤ ਦੀ ਮੈਰਿਟ ਵਿੱਚੋਂ ਆਈ ਵਿਦਿਆਰਥਣ ਗੁਰਮੀਤ ਕੌਰ, ਸੁਰਿੰਦਰ ਸਿੰਘ, ਅੰਜਲੀ ਕੌਰ, ਅਮਨਦੀਪ ਕੌਰ, ਰਾਧਿਕਾ, ਗਗਨਦੀਪ ਕੌਰ, ਪੂਜਾ ਜਿੰਦਲ, ਖੁਸ਼ਪ੍ਰੀਤ ਕੌਰ ਅਤੇ ਪ੍ਰਦੀਪ ਕੌਰ ਨੂੰ ਮੈਰਿਟ ਸਰਟੀਫਿਕੇਟ ਅਤੇ 1100 ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ। ਇਸ ਸਮਰੋਹ ਵਿੱਚ ਸਹਾਇਕ ਕਮਿਸ਼ਨਰ ਰਾਜਵੀਰ ਸਿੰਘ, ਜਿਲਾ ਸਿੱਖਿਆ ਅਫਸਰ ਤਰਵਿੰਦਰ ਕੌਰ ਅਤੇ ਮੈਡਮ ਬਲਜਿੰਦਰ ਕੌਰ, ਉਪ ਜਿਲਾ ਸਿੱਖਿਆ ਅਫਸਰ ਮੈਡਮ ਮਨਜੀਤ ਕੌਰ ਅਤੇ ਰਵਿੰਦਰ ਕੌਰ, ਫਕੀਰ ਸਿੰਘ ਟਿੱਬਾ, ਬੱਗਾ ਸਿੰਘ, ਪ੍ਰਿੰਸ ਸਿੰਗਲਾ, ਹਰੀਸ਼ ਕੁਮਾਰ, ਕਮਲਜੀਤ ਸਿੰਘ, ਸਰਬਜੀਤ ਸਿੰਘ ਪੁੰਨਾਵਾਲ, ਸਰੇਸ਼ ਕੁਮਾਰ, ਰਾਜੇਸ਼ ਕੁਮਾਰ, ਪ੍ਰਿੰਸੀਪਲ ਅਨਿਲ ਜੈਨ, ਪ੍ਰਿੰਸੀਪਲ ਗੁਰਵਿੰਦਰ ਸਿੰਘ, ਪ੍ਰਿੰਸੀਪਲ ਸੁਰਿੰਦਰ ਕੌਰ, ਮੁੱਖ ਅਧਿਆਪਕ ਵਿਪਨ ਕੁਮਾਰ, ਅਵਤਾਰ ਸਿੰਘ ਢਢੋਗਲ, ਪ੍ਰਦੀਪ ਕੁਮਾਰ ਅਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਅਤੇ ਮਾਪਿਆਂ ਨੇ ਸ਼ਮੂਲੀਅਤ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

ਨਵਾਂ ਜ਼ਮਾਨਾ
ਬੁੱਧਵਾਰ, 10 ਜੂਨ 2026

# ਨਿਕੋਬਾਰ ਦਾ ਉਜਾੜਾ

ਕੇਂਦਰ ਸਰਕਾਰ ਨੇ 81,000 ਕਰੋੜ ਰੁਪਏ ਦੇ ਮੈਗਾ ਵਿਕਾਸ ਪ੍ਰੋਜੈਕਟ ਦੇ ਹਿੱਸੇ ਵਜੋਂ ਰਣਨੀਤਕ ਤੌਰ 'ਤੇ ਸੰਵੇਦਨਸ਼ੀਲ ਗ੍ਰੇਟ ਨਿਕੋਬਾਰ ਟਾਪੂ 'ਤੇ 13,000 ਕਰੋੜ ਰੁਪਏ ਦੇ ਇੱਕ ਨਵੇਂ ਗ੍ਰੀਨਫੀਲਡ ਸਿਵਲ-ਮਿਲਟਰੀ ਹਵਾਈ ਅੱਡੇ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਮੌਜੂਦਾ ਨੇਵਲ ਏਅਰ ਬੇਸ, ਆਈ ਐੱਨ ਐੱਸ ਬਾਜ਼ ਦਾ ਵਿਸਥਾਰ ਕਰਨ ਦੀ ਬਜਾਏ, ਸਰਕਾਰ ਨੇ ਇੱਕ ਪੂਰੀ ਤਰ੍ਹਾਂ ਨਵਾਂ ਰਨਵੇਅ ਅਤੇ ਹਵਾਈ ਅੱਡਾ ਬਣਾਉਣ ਦਾ ਫੈਸਲਾ ਕੀਤਾ ਹੈ। ਸਰਕਾਰ ਦਾ ਕਹਿਣਾ ਹੈ ਕਿ ਆਈ ਐੱਨ ਐੱਸ ਬਾਜ਼ ਦੇ ਵਿਸਥਾਰ ਲਈ ਵੱਡੇ ਪੱਧਰ 'ਤੇ ਜ਼ਮੀਨ ਪ੍ਰਾਪਤੀ ਅਤੇ ਪਹਾੜਾਂ ਦੀ ਕਟਾਈ ਦੀ ਲੋੜ ਹੁੰਦੀ, ਜੋ ਕਿ ਤਕਨੀਕੀ ਤੌਰ 'ਤੇ ਅਸੰਭਵ ਸੀ। ਨਵੇਂ ਹਵਾਈ ਅੱਡੇ ਨੂੰ ਮਨਜ਼ੂਰੀ ਦੇਣ ਦਾ ਫੈਸਲਾ ਅਜਿਹੇ ਸਮੇਂ ਆਇਆ ਹੈ ਜਦੋਂ ਸਥਾਨਕ ਕਬਾਇਲੀ ਭਾਈਚਾਰਿਆਂ, ਵਾਤਾਵਰਣ ਪ੍ਰੇਮੀਆਂ ਅਤੇ ਸਿਆਸੀ ਪਾਰਟੀਆਂ ਵੱਲੋਂ ਪੂਰੇ ਪ੍ਰੋਜੈਕਟ ਦਾ ਤਿੱਖਾ ਵਿਰੋਧ ਕੀਤਾ ਜਾ ਰਿਹਾ ਹੈ। ਰਾਹੁਲ ਗਾਂਧੀ, ਜਿਨ੍ਹਾ ਪਿਛਲੇ ਦਿਨੀਂ ਗ੍ਰੇਟ ਨਿਕੋਬਾਰ ਦੇ ਇੰਦਰਾ ਪੁਆਇੰਟ ਦਾ ਦੌਰਾ ਕੀਤਾ ਅਤੇ ਆਦਿਵਾਸੀਆਂ ਤੇ ਸਥਾਨਕ ਲੋਕਾਂ ਨਾਲ ਮੁਲਾਕਾਤ ਕੀਤੀ, ਨੇ ਸਰਕਾਰ ਦੇ ਫੈਸਲੇ ਨੂੰ ਕੁਦਰਤ ਅਤੇ ਉੱਥੇ ਵਸਦੇ ਆਦਿਵਾਸੀ ਲੋਕਾਂ ਵਿਰੁੱਧ ਅਪਰਾਧ ਕਰਾਰ ਦਿੱਤਾ ਹੈ। ਉਨ੍ਹਾ ਦੋਸ਼ ਲਗਾਇਆ ਹੈ ਕਿ ਭਾਜਪਾ ਦਾ ਇਹ ਦਾਅਵਾ ਕਿ ਗ੍ਰੇਟ ਨਿਕੋਬਾਰ ਪ੍ਰੋਜੈਕਟ ਦੇਸ਼ ਦੀ ਸੁਰੱਖਿਆ ਅਤੇ ਰਣਨੀਤਕ ਦ੍ਰਿਸ਼ਟੀਕੋਣ ਤੋਂ ਮਹੱਤਵਪੂਰਨ ਹੈ, ਪੂਰੀ ਤਰ੍ਹਾਂ ਝੂਠ ਹੈ। ਜੇ ਰਣਨੀਤਕ ਅਤੇ ਸੁਰੱਖਿਆ ਦੇ ਵਿਚਾਰ ਸਭ ਤੋਂ ਮਹੱਤਵਪੂਰਨ ਹੁੰਦੇ ਤਾਂ ਸਰਕਾਰ ਨੂੰ ਨਿਕੋਬਾਰ ਟਾਪੂਆਂ ਵਿੱਚ ਨੇਵਲ ਏਅਰ ਸਟੇਸ਼ਨ ਆਈ ਐੱਨ ਐੱਸ ਬਾਜ਼ ਦਾ ਵਿਸਥਾਰ ਕਰਨਾ ਚਾਹੀਦਾ ਸੀ, ਨੇਵੀ ਪਿਛਲੇ ਪੰਜ ਸਾਲਾਂ ਤੋਂ ਇਸ ਵਿਸਥਾਰ ਦੀ ਮੰਗ ਕਰ ਰਹੀ ਹੈ। ਅਸਲ ਵਿੱਚ ਹੁਕਮਰਾਨ ਉਦਯੋਗਪਤੀ ਗੌਤਮ ਅਡਾਨੀ ਦੀ ਮਦਦ ਕਰਨਾ ਚਾਹੁੰਦੇ ਹਨ ਅਤੇ ਇਹ ਅਪਰਾਧੀ ਭਾਰਤੀ ਜ਼ਮੀਨ ਚੋਰੀ ਕਰਨ ਲਈ ਨੇਵੀ ਤੇ ਸਾਡੇ ਸੁਰੱਖਿਆ ਬਲਾਂ ਦੇ ਪਿੱਛੇ ਲੁਕੇ ਹੋਏ ਹਨ। ਇਸ ਪ੍ਰੋਜੈਕਟ ਦਾ ਉਦੇਸ਼ ਹੋਟਲਾਂ ਅਤੇ ਕੈਸੀਨੋ ਵਰਗੀਆਂ ਵੱਡੇ ਪੱਧਰ 'ਤੇ ਵਪਾਰਕ ਸਰਗਰਮੀਆਂ ਨੂੰ ਉਤਸ਼ਾਹਤ ਕਰਨਾ ਹੈ। ਨਤੀਜੇ ਵਜੋਂ, ਡੇਢ ਕਰੋੜ ਤੋਂ ਵੱਧ ਰੁੱਖ, ਪ੍ਰਾਚੀਨ ਜੰਗਲ ਅਤੇ ਕੋਰਲ ਰੀਫ (ਮੂੰਗਾ ਚੱਟਾਨਾਂ) ਗੰਭੀਰ ਖਤਰੇ ਵਿੱਚ ਹਨ। ਪ੍ਰੋਜੈਕਟ ਲਈ ਵਿਕਸਤ ਕੀਤਾ ਜਾ ਰਿਹਾ ਖੇਤਰ ਨਵੀਂ ਦਿੱਲੀ ਦੇ ਆਕਾਰ ਤੋਂ ਚਾਰ ਗੁਣਾ ਹੈ।

ਇਹ ਪ੍ਰੋਜੈਕਟ ਸ਼ੋਮਪੇਨ ਅਤੇ ਨਿਕੋਬਾਰੀਜ਼ ਆਦਿਵਾਸੀ ਭਾਈਚਾਰਿਆਂ ਦੇ ਵਜੂਦ ਲਈ ਇੱਕ ਗੰਭੀਰ ਖ਼ਤਰਾ ਪੈਦਾ ਕਰਦਾ ਹੈ, ਜੋ ਸਦੀਆਂ ਤੋਂ ਟਾਪੂ 'ਤੇ ਰਹਿ ਰਹੇ ਹਨ। ਆਦਿਵਾਸੀ ਸਮੂਹਾਂ ਅਤੇ ਸਿਵਲ ਸੁਸਾਇਟੀ ਸੰਗਠਨਾਂ ਦਾ ਕਹਿਣਾ ਹੈ ਕਿ ਸਥਾਨਕ ਆਦਿਵਾਸੀ ਜ਼ਮੀਨਾਂ ਨੂੰ ਜ਼ਬਤ ਕਰਨ ਲਈ ਜੰਗਲਾਤ ਅਧਿਕਾਰ ਐਕਟ ਦੀ ਸ਼ਰੇਆਮ ਉਲੰਘਣਾ ਕੀਤੀ ਜਾ ਰਹੀ ਹੈ। ਉਨ੍ਹਾਂ ਦੇ ਰਵਾਇਤੀ ਜੰਗਲਾਂ ਨੂੰ ਉਨ੍ਹਾਂ ਦੀ ਸਹਿਮਤੀ ਤੋਂ ਬਿਨਾਂ ਤਬਾਹ ਕੀਤਾ ਜਾ ਰਿਹਾ ਹੈ। ਉਨ੍ਹਾਂ ਨੂੰ ਡਰ ਹੈ ਕਿ ਉਨ੍ਹਾਂ ਨੂੰ ਉਨ੍ਹਾਂ ਦੀ ਜ਼ਮੀਨ ਤੋਂ ਬੇਦਖਲ ਕਰ ਦਿੱਤਾ ਜਾਵੇਗਾ ਅਤੇ ਸਰਕਾਰ ਉਨ੍ਹਾਂ ਨੂੰ ਢੁਕਵਾਂ ਮੁਆਵਜ਼ਾ ਨਹੀਂ ਦੇਵੇਗੀ।

ਮੋਦੀ ਸਰਕਾਰ ਦੀ 'ਮੈਂ ਨਾ ਮਾਨੂੰ' ਵਾਲੀ ਹੈਂਕੜ ਕਾਰਨ ਰਣਨੀਤਕ ਮਹੱਤਵ ਅਤੇ ਵਾਤਾਵਰਣ ਸੁਰੱਖਿਆ ਵਿਚਕਾਰ ਇਹ ਲੜਾਈ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ ਹੋਣੀ ਲਾਜ਼ਮੀ ਹੈ, ਕਿਉਂਕਿ ਦੇਸ਼ ਵਿੱਚ ਜੰਗਲ ਤਾਂ ਪਹਿਲਾਂ ਹੀ ਘਟਦੇ ਜਾ ਰਹੇ ਹਨ।

# ਰਾਜਨੀਤੀ ਹੁਣ ਸਿਰਫ ਰੈਲੀਆਂ ਤੇ ਭਾਸ਼ਣਾਂ ਤੱਕ ਸੀਮਤ ਨਹੀਂ ਰਹੀ


ਪ੍ਰਵੀਨ ਪੁਰੀ

ਰਾਜਨੀਤੀ ਹੁਣ ਰੈਲੀਆਂ ਅਤੇ ਭਾਸ਼ਣਾਂ ਦੇ ਨਾਲ-ਨਾਲ ਇੰਟਰਐਕਟਿਵ ਡਿਜੀਟਲ ਯੁੱਧ ਵਿਚ ਵੀ ਤਬਦੀਲ ਹੋ ਚੁੱਕੀ ਹੈ, ਜਿਸ ਦੀ ਤਾਜ਼ਾ ਮਿਸਾਲ ਕਾਕਰੋਚ ਜਨਤਾ ਪਾਰਟੀ ਬਣ ਕਿ ਉਭਰੀ ਹੈ। ਰਾਜਨੀਤੀ ਕਰਨ ਦੇ ਰੂਪ ਏਨੀ ਤੇਜ਼ੀ ਨਾਲ ਤਬਦੀਲੀ ਹੋ ਰਹੀ ਹੈ ਕਿ ਆਮ ਵੋਟਰ ਦੀ ਸਮਝ ਤੋਂ ਬਾਹਰ ਹੁੰਦਾ ਜਾ ਰਿਹਾ । ਹਰੇਕ ਰਾਜਨੀਤਕ ਪਾਰਟੀ ਲੋਕਾਂ ਨੂੰ ਆਪਣੇ ਹੱਕ ਵਿਚ ਵੋਟਾਂ ਪਵਾਉਣ ਲਈ ਜਿੱਥੇ ਹੋਰ ਢੰਗ-ਤਰੀਕੇ ਅਪਣਾਉਂਦੀ ਸੀ, ਉੱਥੇ ਰੈਲੀਆਂ, ਜਨਸਭਾਵਾਂ, ਘਰ-ਘਰ ਜਾਣ, ਸੰਬੰਧਾਂ ਨੂੰ ਵਰਤਣ ਅਤੇ ਤਿੱਖੇ ਅਤੇ ਤੇਜ਼ਤਰਾਰ ਭਾਸ਼ਣਾਂ ਨੂੰ ਵੀ ਮੁੱਖ ਟੂਲ ਦੇ ਤੌਰ 'ਤੇ ਵਰਤਦੀ ਸੀ । ਲੋਕ ਵੀ ਆਪਣੇ ਆਗੂਆਂ ਨੂੰ ਨੇੜੇ ਤੋਂ ਵੇਖਣ ਅਤੇ ਉਨ੍ਹਾਂ ਦੇ ਮੂੰਹੋਂ ਉਨ੍ਹਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਦਾਅਵਿਆਂ ਆਪਣੇ ਕੰਨੀ ਹੀ ਸੁਣਨਾ ਪਸੰਦ ਕਰਦੇ ਸਨ ਅਤੇ ਦੇਰ-ਦੇਰ ਰਾਤ ਤੱਕ ਬਿਨਾਂ ਸਰਦੀ ਅਤੇ ਗਰਮੀ ਦੀ ਪ੍ਰਵਾਹ ਕੀਤਿਆਂ ਘੰਟਿਆਂ ਤੱਕ ਉਡੀਕਦੇ ਸਨ । ਇਸ ਤੋਂ ਇਲਾਵਾ ਉਨ੍ਹਾਂ ਦੇ ਬਿਆਨਾਂ ਨੂੰ ਅਖਬਾਰਾਂ ਵਿਚ ਬੜੀ ਦਿਲਚਸਪੀ ਨਾਲ ਪੜ੍ਹਦੇ ਸਨ । ਅੱਜ ਦੇ ਵੋਟਰਾਂ ਕੋਲ ਪੁੱਜਣ ਲਈ ਜੋ ਢੰਗ-ਤਰੀਕੇ ਰਾਜਨੀਤਕ ਪਾਰਟੀਆਂ ਵੱਲੋਂ ਅਪਣਾਏ ਜਾ ਰਹੇ ਹਨ, ਉਹ ਉਨ੍ਹਾਂ ਦੀ ਜੇ ਸਮਝ ਵਿਚ ਆਉਂਦੇ ਹਨ ਤਾਂ ਕਈ ਵਾਰ ਏਨਾ ਉਲਝਾ ਦਿੰਦੇ ਹਨ ਕਿ ਉਨ੍ਹਾਂ ਦੀ ਪਕੜ ਵਿਚ ਜਦੋਂ ਗੱਲ ਆਉਂਦੀ ਹੈ, ਉਦੋਂ ਤੱਕ ਸਮਾਂ ਬੀਤ ਚੁੱਕਾ ਹੁੰਦਾ ਹੈ।ਹੁਣ ਇੱਕ ਕਲਿੱਕ ਨਾਲ ਰਾਜਨੀਤੀ ਤੁਹਾਡੇ ਫੋਨ ਦੀ ਸਕ੍ਰੀਨ ਤੱਕ ਪਹੁੰਚ ਜਾਂਦੀ ਹੈ। ਇਹ ਸਿਰਫ਼ ਵੋਟਰ ਤੱਕ ਪਹੁੰਚ ਕਰਨ ਦੀ ਇੱਕ ਨਵੀਂ ਤਬਦੀਲੀ ਹੀ ਨਹੀਂ, ਸਗੋਂ ਇੱਕ ਇੰਟਰਐਕਟਿਵ ਡਿਜੀਟਲ ਯੁੱਧ ਵਿਚ ਤਬਦੀਲ ਹੋ ਚੁੱਕੀ ਹੈ, ਜਿਸ ਦਾ ਲੱਖਾਂ ਲੋਕ ਹਿੱਸਾ ਬਣ ਰਹੇ ਹਨ ਅਤੇ ਹਰ ਰੋਜ਼ ਆਪਣੀ ਰਾਇ ਅਤੇ ਟਿੱਪਣੀ ਨਾਲ ਵੱਖ-ਵੱਖ ਮਸਲਿਆਂ ਦੇ ਹੱਲ ਤੱਕ ਪਹੁੰਚ ਰਹੇ ਹਨ। ਪ੍ਰੰਪਰਕ ਢੰਗ ਅਪਨਾਉਣ ਦੇ ਨਾਲ ਰਾਜਨੀਤਕ ਲੋਕ ਹੁਣ ਸੋਸ਼ਲ ਮੀਡੀਆ ਨੂੰ ਆਪਣੀ ਰਾਜਨੀਤੀ ਚਮਕਾਉਣ ਲਈ ਸਭ ਤੋਂ ਤਾਕਤਵਰ ਹਥਿਆਰ ਵਜੋਂ ਵਰਤ ਰਹੇ ਹਨ।ਅੱਜ ਹਰ ਛੋਟੇ -ਵੱਡੇ ਰਾਜਨੀਤਕ ਆਗੂ ਅਤੇ ਹਰ ਰਾਜਨੀਤਕ ਪਾਰਟੀ ਦਾ ਆਪਣਾ ਸੋਸ਼ਲ ਮੀਡੀਆ ਵਿੰਗ ਹੈ, ਜੋ ਇਸ ਨੂੰ ਚਲਾ ਰਿਹਾ। ਕਿਸੇ ਸਮੇਂ ਪ੍ਰਿੰਟ ਮੀਡੀਆ, ਲਾਊਡ ਸਪੀਕਰਾਂ ਅਤੇ ਪੋਸਟਰਾਂ ਦੇ ਸਹਾਰੇ ਰਹਿਣ ਵਾਲੇ ਰਾਜਨੀਤਕ ਆਗੂ ਦੀ ਹੁਣ ਇੱਕ ਛੋਟੀ ਜਿਹੀ ਰੀਲ, ਇੱਕ ਮੀਮ ਜਾਂ ਇੱਕ ਲਾਈਵ ਵੀਡੀਓ ਦਿਨ ਚੜ੍ਹਨ ਤੋਂ ਪਹਿਲਾ ਹੀ ਰਾਜਨੀਤਕ ਹੀਰੋ ਬਣਾ ਦਿੰਦੀ ਹੈ। । ਬਹੁਤ ਸਾਰੀਆਂ ਰਾਜਨੀਤਕ ਪਾਰਟੀਆਂ ਨੇ ਡਿਜੀਟਲ ਮੀਡੀਆ ਰਾਹੀਂ ਆਪਣੀ ਲਹਿਰ ਬਣਾਈ। ਭਾਜਪਾ ਅਤੇ ਕਾਂਗਰਸ ਵੀ ਇਸ ਤੋਂ ਪਿੱਛੇ ਨਹੀਂ। ਟਵਿੱਟਰ (ਐਕਸ), ਫੇਸਬੁਕ, ਇੰਸਟਾਗ੍ਰਾਮ ਅਤੇ ਵਟਸਐਪ ਗਰੁੱਪਾਂ ਰਾਹੀਂ ਰਾਜਨੀਤਕ ਪਾਰਟੀਆਂ ਆਪਣੇ ਸੰਦੇਸ਼ ਨੂੰ ਟਾਰਗੇਟਿਡ ਤਰੀਕੇ ਨਾਲ ਪਹੁੰਚਾਉਂਦੀਆਂ ਹਨ । ਡਾਟਾ ਐਨਾਲਿਸਿਸ ਅਤੇ ਐਲਗੋਰਿਦਮ ਦੀ ਮਦਦ ਨਾਲ ਇੱਕ ਵਿਅਕਤੀ ਦੀਆਂ ਪਸੰਦਾਂ ਅਨੁਸਾਰ ਉਸ ਨੂੰ ਖਾਸ ਖਬਰਾਂ ਅਤੇ ਵੀਡੀਓਜ਼ ਭੇਜੀਆਂ ਜਾਂਦੀਆਂ ਹਨ। ਸਿਆਸੀ ਪਾਰਟੀਆਂ ਵੱਲੋਂ ਸ਼ੁਰੂ ਕੀਤੇ ਗਏ ਇਸ ਡਿਜੀਟਲ ਯੁੱਧ ਵਿੱਚ ਦੋਵੇਂ ਧਿਰਾਂ ਇੱਕੋ ਵਾਰ ਤਾਕਤਵਰ ਅਤੇ ਕਮਜ਼ੋਰ ਵੀ ਹਨ। ਇੱਕ ਪਾਸੇ ਇਸ ਨੇ ਯੁਵਕਾਂ ਨੂੰ ਰਾਜਨੀਤੀ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਹੈ। ਪਹਿਲਾਂ ਰਾਜਨੀਤੀ ਵਿੱਚ ਆਉਣ ਲਈ ਪੈਸਾ ਅਤੇ ਪਰਿਵਾਰਕ ਪਿਛੋਕੜ ਲੋੜੀਂਦਾ ਸੀ, ਪਰ ਹੁਣ ਇੱਕ ਚੰਗਾ ਕੰਟੈਂਟ ਬਣਾਉਣ ਵਾਲਾ ਯੁਵਕ ਰਾਤੋ-ਰਾਤ ਵਾਇਰਲ ਹੋ ਸਕਦਾ ਹੈ। ਲੋਕ ਆਪਣੀਆਂ ਸਮੱਸਿਆਵਾਂ ਸਿੱਧਾ ਆਗੂਆਂ ਤੱਕ ਪਹੁੰਚਾ ਰਹੇ ਹਨ ਅਤੇ ਉੱਤਰ ਵੀ ਤੁਰੰਤ ਮਿਲ ਰਿਹਾ ਹੈ। ਇਸ ਨੇ ਲੋਕਤੰਤਰ ਨੂੰ ਵਧੇਰੇ ਭਾਗੀਦਾਰੀ ਵਾਲਾ ਬਣਾਇਆ ਹੈ। ਫੇਕ ਨਿਊਜ਼, ਟ੍ਰੋਲ ਆਰਮੀ ਅਤੇ ਬੋਟਸ ਤੋਂ ਬਚਾ ਕਿ ਰਾਜਨੀਤੀ ਨੂੰ ਘਟੀਆ ਰਾਜਨੀਤੀ ਤੋਂ ਬਚਾ ਰੱਖਣਾ ਰਾਜਨੀਤਕ ਪਾਰਟੀਆਂ ਦੀ ਹੀ ਜ਼ਿੰਮੇਵਾਰੀ ਤੈਅ ਹੋ ਜਾਣੀ ਚਾਹੀਦੀ ਹੈ। ਇੱਕ ਝੂਠੀ ਖਬਰ ਵੀਡੀਓ ਵਾਇਰਲ ਹੋਣ ਤੋਂ ਬਾਅਦ ਹਜ਼ਾਰਾਂ ਲੋਕਾਂ ਦੀ ਰਾਇ ਬਦਲ ਜਾਂਦੀ ਹੈ। ਧਰਮ, ਜਾਤ ਅਤੇ ਖੇਤਰੀ ਭਾਵਨਾਵਾਂ ਨੂੰ ਉਕਸਾਉਣ ਵਾਲੀਆਂ ਪੋਸਟਾਂ ਰਾਹੀਂ ਲੋਕਾਂ ਵਿਚਾਲੇ ਨਫ਼ਰਤ ਫੈਲਾਈ ਜਾ ਸਕਦੀ ਹੈ।

ਪੰਜਾਬ ਵਿਧਾਨ ਸਭਾ ਚੋਣਾਂ 2027 ਲਈ ਜਿਸ ਤਰ੍ਹਾਂ ਦੀਆਂ ਤਿਆਰੀਆਂ ਰਾਜਨੀਤਕ ਪਾਰਟੀਆਂ ਵੱਲੋਂ ਸ਼ੁਰੂ ਕਰ ਦਿੱਤੀਆਂ ਹਨ, ਕਿਸੇ ਯੁੱਧ ਨਾਲੋਂ ਘੱਟ ਨਹੀਂ ਹਨ ।ਇਸ ਡਿਜੀਟਲ ਯੁੱਧ ਵਿੱਚ ਜਿਹੜੀ ਪਾਰਟੀ ਵਧੇਰੇ ਤਕਨੀਕੀ ਤੌਰ 'ਤੇ ਤਿਆਰ ਹੈ, ਉਸ ਦੀ ਜਿੱਤ ਦੀ ਸੰਭਾਵਨਾ ਵਧੇਰੇ ਹੈ, ਪਰ ਇਸ ਨਾਲ ਰਾਜਨੀਤੀ ਦੀ ਗੁਣਵੱਤਾ ਵੀ ਘਟ ਰਹੀ ਹੈ। ਗੰਭੀਰ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਟ੍ਰੈਂਡਿੰਗ ਹੈਸ਼ਟੈਗ ਚਲਾਏ ਜਾ ਸਕਦੇ ਹਨ। ਆਪਣੀਆਂ ਕਮੀਆਂ ਛੁਪਾਉਣ ਲਈ ਵਿਰੋਧੀਆਂ ਉੱਤੇ ਹਮਲਾ ਬੋਲਣ ਦੀ ਰਣਨੀਤੀ ਅਪਣਾਈ ਜਾਵੇਗੀ, ਜਿਸ ਨਾਲ ਸੱਚ ਅਤੇ ਝੂਠ ਦੀ ਪਛਾਣ ਕਰਨੀ ਚੰਗੇ ਭਲੇ ਵੋਟਰ ਨੂੰ ਵੀ ਮੁਸ਼ਕਲ ਵਿਚ ਪਾ ਸਕਦੀ ਹੈ।ਇਸ ਚੁਣੌਤੀ ਨਾਲ ਨਜਿੱਠਣ ਲਈ ਚੋਣ ਕਮਿਸ਼ਨ ਨੂੰ ਡਿਜੀਟਲ ਸਾਖਰਤਾ ਵਧਾਉਣੀ ਪਵੇਗੀ ਕਿ ਜੋ ਕੁਝ ਵਾਇਰਲ ਹੋ ਰਿਹਾ ਹੈ, ਉਸ ਦੀ ਅਸਲ ਸੱਚਾਈ ਕੀ ਹੈ। ਚੋਣ ਕਮਿਸ਼ਨ ਸਖ਼ਤ ਨਿਗਰਾਨੀ ਅਤੇ ਸਖ਼ਤ ਕਾਨੂੰਨ ਨਾਲ ਫੇਕ ਨਿਊਜ਼ ਫੈਲਾਉਣ ਵਾਲਿਆਂ ਉੱਤੇ ਸ਼ਿਕੰਜਾ ਕੱਸ ਸਕਦਾ ਹੈ । ਰਾਜਨੀਤਕ ਪਾਰਟੀਆਂ ਨੂੰ ਵੀ ਇਸ ਡਿਜੀਟਲ ਮੀਡੀਆ ਨੂੰ ਸਿਰਫ਼ ਇੱਕ ਪ੍ਰਚਾਰ ਦਾ ਸਾਧਨ ਨਾ ਬਣਾਉਂਦਿਆਂ ਲੋਕਾਂ ਨਾਲ ਇੱਕ ਤਰੱਕੀਪਸੰਦ ਸੰਵਾਦ ਸਥਾਪਤ ਕਰਨਾ ਚਾਹੀਦਾ ਹੈ, ਕਿਉਂਕਿ ਇਸ ਨੇ ਰਾਜਨੀਤੀ ਨੂੰ ਵਧੇਰੇ ਖੁੱਲ੍ਹਾ ਅਤੇ ਤੇਜ਼ ਬਣਾਇਆ ਹੈ।ਇੱਕ ਆਮ ਵੋਟਰ ਇਸ ਗੱਲ ਨੂੰ ਨਹੀਂ ਜਾਣਦਾ ਕਿ ਉਸ ਦੀ ਰਾਜਨੀਤਕ ਰਾਏ ਉਸ ਦੇ ਆਪਣੇ ਵਿਚਾਰਾਂ ਤੋਂ ਵਧੇਰੇ ਫੇਸਬੁਕ, ਇੰਸਟਾਗ੍ਰਾਮ, ਐਕਸ ਜਾਂ ਯੂਟਿਊਬ ਦੇ ਐਲਗੋਰਿਦਮ ਵੱਲੋਂ ਬਣਾਈ ਜਾ ਰਹੀ ਹੈ। ਇਹ ਇੱਕ ਲੁਕਵੀਂ ਰਾਜਨੀਤਕ ਤਾਕਤ ਬਣ ਚੁੱਕੀ ਹੈ, ਜੋ ਚੋਣਾਂ, ਲਹਿਰਾਂ ਅਤੇ ਜਨਤਕ ਰਾਏ ਨੂੰ ਆਪਣੇ ਹੱਥ ਵਿੱਚ ਲੈ ਰਹੀ ਹੈ।ਐਲਗੋਰਿਦਮ ਦਾ ਮੁੱਖ ਉਦੇਸ਼ ਇੱਕੋ ਹੈ—ਯੂਜ਼ਰ ਨੂੰ ਜ਼ਿਆਦਾ ਤੋਂ ਜ਼ਿਆਦਾ ਸਮਾਂ ਪਲੇਟਫਾਰਮ ਉੱਤੇ ਰੋਕਣਾ। ਇਸ ਲਈ ਇਹ ਉਸ ਨੂੰ ਉਹੀ ਸਮੱਗਰੀ ਦਿਖਾਉਂਦਾ ਹੈ, ਜੋ ਉਸ ਨੂੰ ਗੁੱਸੇ ਵਿਚ ਲਿਆਏ, ਭਾਵਨਾਤਮਕ ਤੌਰ 'ਤੇ ਛੂਹ ਲਵੇ ਜਾਂ ਉਸ ਦੀ ਪੁਸ਼ਟੀ ਕਰੇ । ਰਾਜਨੀਤਕ ਪਾਰਟੀਆਂ ਇਸ ਨੂੰ ਚੰਗੀ ਤਰ੍ਹਾਂ ਸਮਝ ਚੁੱਕੀਆਂ ਹਨ ।ਉਹ ਟਾਰਗੇਟਿਡ ਐਡਵਰਟਾਈਜ਼ਮੈਂਟ, ਡਾਟਾ ਐਨਾਲਿਸਿਸ ਅਤੇ ਮਾਈਕ੍ਰੋ-ਟਾਰਗੇਟਿੰਗ ਰਾਹੀਂ ਖਾਸ ਵਰਗਾਂ ਤੱਕ ਆਪਣਾ ਸੰਦੇਸ਼ ਪਹੁੰਚਾਉਂਦੀਆਂ ਹਨ ।

2016 ਦੀਆਂ ਅਮਰੀਕੀ ਚੋਣਾਂ ਵਿੱਚ ਕੈਂਬ੍ਰਿਜ ਐਨਾਲਿਟਿਕਾ ਕਾਂਡ ਇਸ ਦੀ ਸਭ ਤੋਂ ਵੱਡੀ ਉਦਾਹਰਣ ਸੀ । ਭਾਰਤ ਵਿੱਚ ਵੀ ਹਰ ਚੋਣਾਂ ਵਿੱਚ ਇਸ ਤਕਨੀਕ ਦਾ ਖੁੱਲ੍ਹ ਕੇ ਇਸਤੇਮਾਲ ਹੋ ਰਿਹਾ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਨੇ ਯੁਵਕਾਂ ਅਤੇ ਔਰਤਾਂ ਤੱਕ ਡਿਜੀਟਲ ਰਾਹੀਂ ਪਹੁੰਚ ਬਣਾਈ ਤਾਂ ਇਸ 'ਚ ਐਲਗੋਰਿਦਮ ਦੀ ਵੱਡੀ ਭੂਮਿਕਾ ਸੀ। ਐਲਗੋਰਿਦਮ ਰਾਜਨੀਤੀ ਨੂੰ ਧਰੁਵੀਕਰਨ ਵੱਲ ਲੈ ਜਾ ਰਿਹਾ ਹੈ। ਇੱਕ ਵਿਅਕਤੀ ਜੋ ਇੱਕ ਪਾਰਟੀ ਦੀਆਂ ਪੋਸਟਾਂ ਵੇਖਦਾ ਹੈ, ਉਸ ਨੂੰ ਵਿਰੋਧੀ ਪਾਰਟੀ ਦੀਆਂ ਖਬਰਾਂ ਘੱਟ ਦਿਖਾਈਆਂ ਜਾਂਦੀਆਂ ਹਨ। ਇਸ ਨਾਲ ਲੋਕ ਆਪਣੇ ਗਰੁੱਪ ਵਿੱਚ ਹੀ ਰੁੱਝੇ ਰਹਿੰਦੇ ਹਨ ਅਤੇ ਵਿਰੋਧੀ ਵਿਚਾਰਾਂ ਨੂੰ ਝੂਠ ਜਾਂ ਧੋਖਾ ਸਮਝਣ ਲੱਗਦੇ ਹਨ । ਇੱਕ ਤਰਫ਼ ਉਤਸ਼ਾਹੀ ਸਮਰਥਕ ਤੇ ਦੂਜੀ ਤਰਫ਼ ਤਿੱਖੇ ਵਿਰੋਧੀ ਵਿਚਕਾਰ ਸੰਤੁਲਿਤ ਚਰਚਾ ਲਗਭਗ ਗਾਇਬ ਹੋ ਚੁੱਕੀ ਹੈ।ਇਸ ਤੋਂ ਵੀ ਖਤਰਨਾਕ ਗੱਲ ਇਹ ਹੈ ਕਿ ਐਲਗੋਰਿਦਮ ਭਾਵਨਾਤਮਕ ਤੌਰ 'ਤੇ ਉਕਸਾਉਣ ਵਾਲੀ ਸਮੱਗਰੀ ਨੂੰ ਵਧਾਵਾ ਦਿੰਦਾ ਹੈ। ਗੁੱਸਾ, ਡਰ ਅਤੇ ਨਫ਼ਰਤ ਵਾਲੀਆਂ ਪੋਸਟਾਂ ਤੇਜ਼ੀ ਨਾਲ ਵਾਇਰਲ ਹੁੰਦੀਆਂ ਹਨ । ਇਸ ਲਈ ਰਾਜਨੀਤਕ ਟ੍ਰੋਲ ਆਰਮੀਆਂ ਅਤੇ ਆਈ ਟੀ ਸੈੱਲ ਇਸ ਨੂੰ ਆਪਣੇ ਹੱਕ ਵਿੱਚ ਵਰਤ ਰਹੇ ਹਨ । ਇੱਕ ਝੂਠੀ ਖਬਰ ਜਾਂ ਐਡਿਟ ਕੀਤੀ ਵੀਡੀਓ ਘੰਟਿਆਂ ਵਿੱਚ ਲੱਖਾਂ ਲੋਕਾਂ ਤੱਕ ਪਹੁੰਚ ਜਾਂਦੀ ਹੈ ਅਤੇ ਉਸ ਨੂੰ ਰੋਕਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ । ਫੈਕਟ ਚੈਕਿੰਗ ਤੋਂ ਪਹਿਲਾਂ ਹੀ ਨੁਕਸਾਨ ਹੋ ਚੁੱਕਾ ਹੁੰਦਾ ਹੈ।ਭਾਰਤ ਸਰਕਾਰ ਵੱਲੋਂ ਆਈ ਟੀ ਰੂਲਜ਼ ਬਣਾਏ ਗਏ ਹਨ, ਪਰ ਅਜੇ ਵੀ ਕਮਜ਼ੋਰ ਹੈ। ਪੰਜਾਬ ਵਰਗੇ ਰਾਜ ਵਿੱਚ ਜਿੱਥੇ ਯੁਵਕਾਂ ਦੀ ਵੱਡੀ ਆਬਾਦੀ ਹੈ, ਇਸ ਲਈ ਡਿਜੀਟਲ ਸਾਖਰਤਾ ਅਤੇ ਮੀਡੀਆ ਲਿਟਰੇਸੀ ਬਹੁਤ ਜ਼ਰੂਰੀ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਇਸ ਬਾਰੇ ਜਾਗਰੂਕਤਾ ਵਧਾਉਣੀ ਚਾਹੀਦੀ ਹੈ, ਤਾਂ ਜੋ ਲੋਕ ਆਪਣੀ ਰਾਏ ਨੂੰ ਐਲਗੋਰਿਦਮ ਦੇ ਹਵਾਲੇ ਨਾ ਕਰਨ।ਰਾਜਨੀਤਕ ਪਾਰਟੀਆਂ ਨੂੰ ਵੀ ਇਸ ਤੋਂ ਉੱਪਰ ਉਠ ਕੇ ਸੋਚਣਾ ਚਾਹੀਦਾ ਹੈ। ਐਲਗੋਰਿਦਮ ਨੂੰ ਸਿਰਫ਼ ਵੋਟ ਖਰੀਦਣ ਦਾ ਸਾਧਨ ਬਣਾਉਣ ਤੋਂ ਬਚਣਾ ਚਾਹੀਦਾ ਹੈ ।

ਲੋਕਾਂ ਨਾਲ ਖੁੱਲ੍ਹੀ ਚਰਚਾ ਅਤੇ ਗੰਭੀਰ ਮੁੱਦਿਆਂ ਉੱਤੇ ਫੋਕਸ ਕਰਨਾ ਹੀ ਲੰਮੇ ਸਮੇਂ ਲਈ ਫਾਇਦੇਮੰਦ ਹੋਵੇਗਾ।ਸੋਸ਼ਲ ਮੀਡੀਆ ਐਲਗੋਰਿਦਮ ਰਾਜਨੀਤੀ ਦਾ ਭਵਿੱਖ ਹੈ, ਇਸ ਨੂੰ ਸਮਝੇ ਬਿਨਾਂ ਅਸੀਂ ਇੱਕ ਅਜਿਹੀ ਰਾਜਨੀਤੀ ਵੱਲ ਵਧ ਰਹੇ ਹਾਂ, ਜਿੱਥੇ ਸੱਚ ਨਹੀਂ, ਬਲਕਿ ਐਲਗੋਰਿਦਮ ਵੱਲੋਂ ਚੁਣੀ ਗਈ 'ਵਾਇਰਲ ਸੱਚਾਈ' ਫੈਸਲਾ ਕਰਦੀ ਹੈ। ਸਮਾਂ ਆ ਗਿਆ ਹੈ ਕਿ ਲੋਕ, ਸਰਕਾਰਾਂ ਅਤੇ ਟੈਕ ਕੰਪਨੀਆਂ ਇਸ ਲੁਕਵੀਂ ਤਾਕਤ ਨੂੰ ਜਨਤਕ ਲੋਕਤੰਤਰ ਦੀ ਭਲਾਈ ਲਈ ਵਰਤਣ, ਨਹੀਂ ਤਾਂ ਇਹ ਰਾਜਨੀਤੀ ਨੂੰ ਹੋਰ ਵੀ ਗੁੰਝਲਦਾਰ ਅਤੇ ਭਰਮ ਵਾਲਾ ਬਣਾ ਦੇਵੇਗੀ।ਇਸ ਦੀ ਇੱਕ ਤਾਜ਼ਾ ਅਤੇ ਦਿਲਚਸਪ ਉਦਾਹਰਣ ਕਾਕਰੋਚ ਜਨਤਾ ਪਾਰਟੀ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ। ਰਵਾਇਤੀ ਰਾਜਨੀਤਕ ਪਾਰਟੀਆਂ ਵਾਂਗ ਵੱਡੀਆਂ ਰੈਲੀਆਂ, ਦਫ਼ਤਰਾਂ ਜਾਂ ਮਜ਼ਬੂਤ ਸੰਗਠਨਾਤਮਕ ਢਾਂਚੇ ਦੀ ਬਜਾਏ ਇਸ ਗਰੁੱਪ ਨੇ ਆਪਣੀ ਪਛਾਣ ਅਤੇ ਲੋਕਪ੍ਰਿਯਤਾ ਮੁੱਖ ਤੌਰ 'ਤੇ ਸੋਸ਼ਲ ਮੀਡੀਆ ਰਾਹੀਂ ਬਣਾਈ ਹੈ। ਕੁਝ ਹੀ ਸਮੇਂ ਵਿੱਚ ਇਸ ਦੇ ਸੁਨੇਹੇ, ਵੀਡੀਓ ਅਤੇ ਮੁਹਿੰਮਾਂ ਲੱਖਾਂ ਲੋਕਾਂ ਤੱਕ ਪਹੁੰਚੀਆਂ ਹਨ, ਜਿਸ ਨਾਲ ਇਹ ਡਿਜੀਟਲ ਚਰਚਾ ਦਾ ਇੱਕ ਮਹੱਤਵਪੂਰਨ ਕੇਂਦਰ ਬਣ ਗਿਆ ਹੈ। ਦਿਲਚਸਪ ਗੱਲ ਇਹ ਹੈ ਕਿ ਇਹ ਸੋਸ਼ਲ ਮੀਡੀਆ ਨੂੰ ਕੇਵਲ ਪ੍ਰਚਾਰ ਦੇ ਸਾਧਨ ਵਜੋਂ ਨਹੀਂ, ਸਗੋਂ ਜ਼ਮੀਨੀ ਸ਼ਕਤੀ ਪ੍ਰਦਰਸ਼ਨ ਲਈ ਵੀ ਇੱਕ ਟੂਲ ਵਜੋਂ ਵਰਤ ਰਿਹਾ ਹੈ। ਜੰਤਰ-ਮੰਤਰ ਵਰਗੀਆਂ ਥਾਵਾਂ 'ਤੇ ਲੋਕਾਂ ਨੂੰ ਇਕੱਠਾ ਕਰਨ ਅਤੇ ਆਪਣੀ ਮੌਜੂਦਗੀ ਦਰਸਾਉਣ ਲਈ ਵੀ ਇਸ ਨੇ ਡਿਜੀਟਲ ਪਲੇਟਫਾਰਮਾਂ ਦਾ ਸਹਾਰਾ ਲਿਆ। ਇਹ ਉਦਾਹਰਣ ਦਰਸਾਉਂਦੀ ਹੈ ਕਿ ਅੱਜ ਦੇ ਯੁੱਗ ਵਿੱਚ ਐਲਗੋਰਿਦਮ ਅਤੇ ਸੋਸ਼ਲ ਮੀਡੀਆ ਕਿਸ ਤਰ੍ਹਾਂ ਕਿਸੇ ਨਵੇਂ ਰਾਜਨੀਤਕ ਵਿਚਾਰ ਜਾਂ ਸੰਗਠਨ ਨੂੰ ਬਿਨਾਂ ਰਵਾਇਤੀ ਢਾਂਚੇ ਦੇ ਵੀ ਵੱਡੇ ਜਨ-ਸਮੂਹ ਤੱਕ ਪਹੁੰਚਾ ਸਕਦੇ ਹਨ।

# ਸੰਪਰਕ : 98782-77423

# ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਕੀ ਸਿੱਖਣਾ ਚਾਹੀਦੈ ?

ਨਵਨੀਤ ਸਿੰਘ

ਗਰਮੀਆਂ ਦੀਆਂ ਛੁੱਟੀਆਂ ਬੱਚਿਆਂ ਦੇ ਜੀਵਨ ਦਾ ਉਹ ਸਮਾਂ ਹੁੰਦੀਆਂ ਹਨ, ਜਦੋਂ ਉਹ ਸਕੂਲੀ ਪੜ੍ਹਾਈ ਦੇ ਦਬਾਅ ਤੋਂ ਕੁਝ ਸਮੇਂ ਲਈ ਮੁਕਤ ਹੋ ਕੇ ਆਪਣੇ ਮਨਪਸੰਦ ਕੰਮ ਕਰ ਸਕਦੇ ਹਨ। ਇਹ ਛੁੱਟੀਆਂ ਸਿਰਫ਼ ਆਰਾਮ ਕਰਨ ਜਾਂ ਮਨੋਰੰਜਨ ਕਰਨ ਲਈ ਹੀ ਨਹੀਂ ਹੁੰਦੀਆਂ, ਸਗੋਂ ਬੱਚਿਆਂ ਦੇ ਵਿਅਕਤੀਗਤ, ਬੌਧਿਕ ਅਤੇ ਸਮਾਜਿਕ ਵਿਕਾਸ ਲਈ ਵੀ ਬਹੁਤ ਮਹੱਤਵਪੂਰਨ ਹੁੰਦੀਆਂ ਹਨ। ਜੇਕਰ ਬੱਚੇ ਅਤੇ ਮਾਪੇ ਮਿਲ ਕੇ ਇਸ ਸਮੇਂ ਦੀ ਸਹੀ ਯੋਜਨਾ ਬਣਾਉਣ, ਤਾਂ ਗਰਮੀਆਂ ਦੀਆਂ ਛੁੱਟੀਆਂ ਭਵਿੱਖ ਦੀ ਸਫਲਤਾ ਲਈ ਮਜ਼ਬੂਤ ਨੀਂਹ ਰੱਖ ਸਕਦੀਆਂ ਹਨ।

ਅੱਜ ਦੇ ਡਿਜੀਟਲ ਯੁੱਗ ਵਿੱਚ ਬਹੁਤੇ ਬੱਚੇ ਆਪਣਾ ਖਾਲੀ ਸਮਾਂ ਮੋਬਾਇਲ ਫੋਨ, ਵੀਡੀਓ ਗੇਮਾਂ ਅਤੇ ਸੋਸ਼ਲ ਮੀਡੀਆ 'ਤੇ ਬਿਤਾਉਂਦੇ ਹਨ। ਇਸ ਕਾਰਨ ਉਨ੍ਹਾਂ ਦੀ ਰਚਨਾਤਮਕਤਾ, ਸਰੀਰਕ ਸਰਗਰਮੀ ਅਤੇ ਸਮਾਜਿਕ ਸੰਪਰਕ ਪ੍ਰਭਾਵਿਤ ਹੁੰਦੇ ਹਨ। ਇਸ ਲਈ ਲੋੜ ਹੈ ਕਿ ਗਰਮੀਆਂ ਦੀਆਂ ਛੁੱਟੀਆਂ ਨੂੰ ਸਿੱਖਣ, ਨਵੇਂ ਤਜਰਬੇ ਹਾਸਲ ਕਰਨ ਅਤੇ ਆਪਣੇ ਅੰਦਰ ਲੁਕੀਆਂ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਵਰਤਿਆ ਜਾਵੇ।

ਸਭ ਤੋਂ ਪਹਿਲਾਂ ਬੱਚਿਆਂ ਨੂੰ ਪੜ੍ਹਨ ਦੀ ਆਦਤ ਵਿਕਸਿਤ ਕਰਨੀ ਚਾਹੀਦੀ ਹੈ। ਕਿਤਾਬਾਂ ਮਨੁੱਖ ਦੀਆਂ ਸਭ ਤੋਂ ਚੰਗੀਆਂ ਮਿੱਤਰ ਮੰਨੀਆਂ ਜਾਂਦੀਆਂ ਹਨ। ਕਹਾਣੀਆਂ, ਬਾਲ ਸਾਹਿਤ, ਵਿਗਿਆਨ, ਇਤਿਹਾਸ, ਜੀਵਨੀਆਂ ਅਤੇ ਆਮ ਗਿਆਨ ਦੀਆਂ ਪੁਸਤਕਾਂ ਪੜ੍ਹਨ ਨਾਲ ਬੱਚਿਆਂ ਦਾ ਗਿਆਨ ਵਧਦਾ ਹੈ ਅਤੇ ਉਨ੍ਹਾਂ ਦੀ ਸੋਚ ਦਾ ਘੇਰਾ ਵਿਸ਼ਾਲ ਹੁੰਦਾ ਹੈ। ਪੜ੍ਹਨ ਨਾਲ ਸ਼ਬਦਾਵਲੀ ਵਿੱਚ ਵਾਧਾ ਹੁੰਦਾ ਹੈ, ਭਾਸ਼ਾ ਦੀ ਸਮਝ ਮਜ਼ਬੂਤ ਹੁੰਦੀ ਹੈ ਅਤੇ ਲਿਖਣ ਦੀ ਯੋਗਤਾ ਵਿੱਚ ਸੁਧਾਰ ਆਉਂਦਾ ਹੈ। ਖ਼ਾਸ ਤੌਰ 'ਤੇ ਬੱਚਿਆਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਨਾਲ ਜੁੜੀਆਂ ਪੁਸਤਕਾਂ ਪੜ੍ਹਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।

ਗਰਮੀਆਂ ਦਾ ਸਮਾਂ ਨਵੀਆਂ ਭਾਸ਼ਾਵਾਂ ਅਤੇ ਸੰਚਾਰ ਕੌਸ਼ਲ ਸਿੱਖਣ ਲਈ ਵੀ ਉਚਿਤ ਹੁੰਦਾ ਹੈ। ਬੱਚੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਬੋਲਣ, ਪੜ੍ਹਨ ਅਤੇ ਲਿਖਣ ਦਾ ਅਭਿਆਸ ਕਰ ਸਕਦੇ ਹਨ। ਚੰਗੀ ਸੰਚਾਰ ਯੋਗਤਾ ਜੀਵਨ ਦੇ ਹਰ ਖੇਤਰ ਵਿੱਚ ਸਫਲਤਾ ਲਈ ਲਾਜ਼ਮੀ ਹੈ। ਵਾਦ-ਵਿਵਾਦ, ਕਹਾਣੀ ਸੁਣਾਉਣ ਅਤੇ ਲੇਖ ਲਿਖਣ ਵਰਗੀਆਂ ਗਤੀਵਿਧੀਆਂ ਬੱਚਿਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੀਆਂ ਹਨ ।

ਆਧੁਨਿਕ ਸਮੇਂ ਦੀ ਲੋੜ ਨੂੰ ਦੇਖਦਿਆਂ ਕੰਪਿਊਟਰ ਅਤੇ ਡਿਜੀਟਲ ਸਿੱਖਿਆ ਦਾ ਗਿਆਨ ਵੀ ਬਹੁਤ ਮਹੱਤਵਪੂਰਨ ਹੈ। ਬੱਚੇ ਕੰਪਿਊਟਰ ਦੀ ਮੁੱਢਲੀ ਜਾਣਕਾਰੀ, ਟਾਈਪਿੰਗ, ਪ੍ਰੈਜ਼ੈਂਟੇਸ਼ਨ ਬਣਾਉਣਾ, ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਅਤੇ ਆਨਲਾਈਨ ਸਿੱਖਣ ਦੇ ਤਰੀਕੇ ਸਿੱਖ ਸਕਦੇ ਹਨ। ਇਸ ਨਾਲ ਉਹ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਹੋ ਸਕਦੇ ਹਨ। ਨਾਲ ਹੀ ਉਨ੍ਹਾਂ ਨੂੰ ਸਾਈਬਰ ਸੁਰੱਖਿਆ ਅਤੇ ਡਿਜੀਟਲ ਅਨੁਸ਼ਾਸਨ ਬਾਰੇ ਵੀ ਜਾਣਕਾਰੀ ਦੇਣੀ ਚਾਹੀਦੀ ਹੈ।

ਗਰਮੀਆਂ ਦੀਆਂ ਛੁੱਟੀਆਂ ਰਚਨਾਤਮਕ ਕਲਾਵਾਂ ਨੂੰ ਵਿਕਸਤ ਕਰਨ ਦਾ ਵੀ ਸੁਨਹਿਰਾ ਮੌਕਾ ਹੁੰਦੀਆਂ ਹਨ। ਪੇਂਟਿੰਗ, ਡਰਾਇੰਗ, ਹਸਤਕਲਾ, ਸੰਗੀਤ, ਗਾਇਨ, ਨਾਚ, ਕਵਿਤਾ ਲਿਖਣ ਅਤੇ ਫੋਟੋਗ੍ਰਾਫੀ ਵਰਗੀਆਂ ਗਤੀਵਿਧੀਆਂ ਬੱਚਿਆਂ ਦੀ ਕਲਪਨਾ ਸ਼ਕਤੀ ਨੂੰ ਵਧਾਉਂਦੀਆਂ ਹਨ। ਇਹ ਕਲਾਵਾਂ ਨਾ ਸਿਰਫ਼ ਉਨ੍ਹਾਂ ਦੀਆਂ ਲੁਕੀਆਂ ਪ੍ਰਤਿਭਾਵਾਂ ਨੂੰ ਸਾਹਮਣੇ ਲਿਆਉਂਦੀਆਂ ਹਨ, ਸਗੋਂ ਮਾਨਸਿਕ ਤਣਾਅ ਨੂੰ ਵੀ ਘਟਾਉਂਦੀਆਂ ਹਨ।

ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਬਹੁਤ ਜ਼ਰੂਰੀ ਹਨ। ਸਵੇਰ ਦੀ ਸੈਰ, ਯੋਗਾ, ਦੌੜ, ਤੈਰਾਕੀ, ਸਾਈਕਲਿੰਗ ਅਤੇ ਵੱਖ-ਵੱਖ ਖੇਡਾਂ ਬੱਚਿਆਂ ਨੂੰ ਤੰਦਰੁਸਤ ਬਣਾਉਂਦੀਆਂ ਹਨ। ਖੇਡਾਂ ਰਾਹੀਂ ਉਨ੍ਹਾਂ ਵਿੱਚ ਟੀਮ ਭਾਵਨਾ, ਅਨੁਸ਼ਾਸਨ, ਧੀਰਜ ਅਤੇ ਲੀਡਰਸ਼ਿਪ ਦੇ ਗੁਣ ਵਿਕਸਤ ਹੁੰਦੇ ਹਨ। ਅੱਜ ਜਦੋਂ ਬੱਚੇ ਵੱਧ ਸਮਾਂ ਸਕਰੀਨਾਂ ਅੱਗੇ ਬਿਤਾ ਰਹੇ ਹਨ, ਤਦ ਸਰੀਰਕ ਸਰਗਰਮੀ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ।

ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਸਮਾਜਿਕ ਅਤੇ ਨੈਤਿਕ ਕਦਰਾਂ-ਕੀਮਤਾਂ ਬਾਰੇ ਵੀ ਸਿੱਖਣਾ ਚਾਹੀਦਾ ਹੈ। ਵੱਡਿਆਂ ਦਾ ਆਦਰ ਕਰਨਾ, ਛੋਟਿਆਂ ਨਾਲ ਪਿਆਰ ਕਰਨਾ, ਲੋੜਵੰਦਾਂ ਦੀ ਮਦਦ ਕਰਨਾ, ਸੱਚਾਈ, ਇਮਾਨਦਾਰੀ ਅਤੇ ਮਿਹਨਤ ਦੀ ਮਹੱਤਤਾ ਨੂੰ ਸਮਝਣਾ ਉਨ੍ਹਾਂ ਦੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਮਾਜ ਸੇਵਾ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਵੀ ਉਨ੍ਹਾਂ ਨੂੰ ਇੱਕ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਵਿਅਕਤੀ ਬਣਾਉਂਦਾ ਹੈ।

ਗਰਮੀਆਂ ਦੀਆਂ ਛੁੱਟੀਆਂ ਸਿਰਫ਼ ਮਨੋਰੰਜਨ ਦਾ ਸਮਾਂ ਨਹੀਂ, ਸਗੋਂ ਸਿੱਖਣ, ਖੋਜ ਕਰਨ ਅਤੇ ਆਪਣੇ ਆਪ ਨੂੰ ਨਿਖਾਰਨ ਦਾ ਮੌਕਾ ਹਨ। ਜੇਕਰ ਬੱਚੇ ਇਸ ਸਮੇਂ ਦੀ ਸਹੀ ਵਰਤੋਂ ਕਰਨ, ਤਾਂ ਉਹ ਨਾ ਕੇਵਲ ਆਪਣੇ ਗਿਆਨ ਅਤੇ ਹੁਨਰਾਂ ਵਿੱਚ ਵਾਧਾ ਕਰ ਸਕਦੇ ਹਨ, ਸਗੋਂ ਇੱਕ ਚੰਗੇ, ਆਤਮ-ਵਿਸ਼ਵਾਸੀ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਵੀ ਵਿਕਸਤ ਹੋ ਸਕਦੇ ਹਨ। ਇਸ ਲਈ ਹਰ ਬੱਚੇ ਨੂੰ ਗਰਮੀਆਂ ਦੀਆਂ ਛੁੱਟੀਆਂ ਦਾ ਸਦਉਪਯੋਗ ਕਰਦੇ ਹੋਏ ਕੁਝ ਨਵਾਂ ਸਿੱਖਣ ਦਾ ਸੰਕਲਪ ਜ਼ਰੂਰ ਲੈਣਾ ਚਾਹੀਦਾ ਹੈ।

# ਸੰਪਰਕ : 98145-09900

# ਪੀ ਜੀ ਆਈ ਜਾਣ ਵਾਲੇ ਮਰੀਜ਼ਾਂ ਲਈ ਪਾਰਕਿੰਗ ਦੀ ਸਮੱਸਿਆ

ਮੇਜਰ ਸਿੰਘ ਨਾਭਾ

ਸਿਹਤ ਦਾ ਖਿਆਲ ਰੱਖਣਾ ਬਹੁਤ ਜ਼ਰੂਰੀ ਹੈ, ਪਰ ਸਾਡਾ ਖਾਣ-ਪੀਣ ਪੁਰਾਤਨ ਰਵਾਇਤ ਤੋਂ ਹਟ ਕੇ ਸ਼ੁਧ ਨਾ ਹੋਣ ਕਾਰਨ ਬਹੁਤ ਸਾਰੀਆਂ ਬਿਮਾਰੀਆਂ ਦਾ ਕਾਰਨ ਬਣਦਾ ਹੈ । ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਨਵੀਂਆਂ-ਨਵੀਂਆਂ ਬਿਮਾਰੀਆਂ ਨਾਲ ਪੀੜਤ ਮਰੀਜ਼ ਹਸਪਤਾਲਾਂ, ਡਾਕਟਰਾਂ ਦੇ ਕਲੀਨਿਕਾਂ ਆਦਿ ਵਿੱਚ ਬਹੁਤਾਤ ਵਿੱਚ ਦਿਖਾਈ ਦੇਂਦੇ ਹਨ ।ਮੈਂ ਪੀ ਜੀ ਆਈ ਚੰਡੀਗੜ੍ਹ ਤੋਂ ਆਪਣੀ ਕੈਂਸਰ ਦੀ ਬਿਮਾਰੀ ਦਾ ਇਲਾਜ ਕਰਵਾ ਰਿਹਾ ਹਾਂ ।ਇਥੇ ਭਾਰਤ ਦੇ ਸਾਰੇ ਰਾਜਾਂ ਦੇ ਮਰੀਜ਼ ਇਲਾਜ਼ ਕਰਵਾਉਣ ਆਉਂਦੇ ਹਨ। ਮਰੀਜ਼ਾਂ ਦੀ ਗਿਣਤੀ ਵਧਦੀ ਦੇਖ ਪਿਛਲੇ ਸਮੇਂ ਨਵੀਂ ਓ ਪੀ ਡੀ ਮਰੀਜ਼ਾਂ ਨੂੰ ਬੇਹਤਰ ਸੇਵਾਵਾਂ ਦੇਣ ਲਈ ਖੋਲ੍ਹੀ ਗਈ ।ਇਥੇ ਵੀ ਮਰੀਜ਼ਾਂ ਦੀਆਂ ਲੰਮੀਆਂ ਲਾਈਨਾਂ ਟਰੀਟਮੈਂਟ ਲੈਣ ਲਈ ਦੇਖਣ ਨੂੰ ਮਿਲਦੀਆਂ ਹਨ ।ਬਹੁਤੇ ਮਰੀਜ਼ ਕੈਬ ਕਰਕੇ ਜਾਂ ਆਪਣੀ ਗੱਡੀ ਰਾਹੀਂ ਇਥੇ ਆਪਣੇ ਇਲਾਜ ਲਈ ਆਉਂਦੇ ਹਨ । ਜੋ ਪਬਲਿਕ ਪਾਰਕਿੰਗਾਂ ਬਣੀਆਂ ਹਨ, ਸਵੇਰੇ ਹੀ ਉਨ੍ਹਾਂ ਵਿੱਚ ਗੱਡੀ ਖੜ੍ਹਾਉਣ ਲਈ ਕੋਈ ਜਗ੍ਹਾ ਨਹੀਂ ਹੁੰਦੀ , ਬਾਹਰ ਸੜਕ ਕਿਨਾਰੇ ਆਪਣੇ ਰਿਸਕ 'ਤੇ ਹੀ ਗੱਡੀ ਖੜ੍ਹਾਉਣੀ ਪੈਂਦੀ ਹੈ ।ਐਮਰਜੈਂਸੀ ਸਾਹਮਣੇ ਬਣੀ ਪਾਰਕਿੰਗ ਵਿੱਚ ਗੱਡੀ ਖੜ੍ਹਾ ਦੇਣ ਬਾਅਦ ਉਥੋਂ ਕੱਢਣੀ ਮੁਸ਼ਕਲ ਹੋ ਜਾਂਦੀ ਹੈ ।ਪਾਰਕਿੰਗ ਸਟਾਫ ਦਾ ਕੋਈ ਤਰਤੀਬ ਵਿੱਚ ਗੱਡੀਆਂ ਨੂੰ ਖੜ੍ਹਵਾਉਣ ਲਈ ਸਟਾਫ ਮੈਂਬਰ ਗਾਈਡ ਨਹੀਂ ਕਰਦਾ। ਕਈ ਵਾਰੀ ਤਾਂ ਜਗ੍ਹਾ ਨਾ ਮਿਲਣ 'ਤੇ ਵਾਪਸ ਬਾਹਰ ਆਉਣਾ ਪੈਂਦਾ ਹੈ। ਜੇਕਰ ਮਰੀਜ਼ ਆਪ ਗੱਡੀ ਲਿਜਾਂਦਾ ਹੈ ਤਾਂ ਉਸ ਨੂੰ ਗੱਡੀ ਖੜ੍ਹਾਉਣ 'ਚ ਵੱਧ ਸਮਾਂ ਲੱਗਣ 'ਤੇ ਡਾਕਟਰ ਨੂੰ ਮਿਲਣ ਦੀ ਵਾਰੀ ਲੇਟ ਹੋ ਜਾਂਦੀ ਹੈ । ਇਹ ਸਾਰੀ ਜਗ੍ਹਾ ਕੱਚੀ ਹੈ, ਇਥੇ ਖਾਣ ਪੀਣ ਦੀਆਂ ਚੀਜ਼ਾਂ ਦੇ ਸੁੱਟਣ ਲਈ ਕੋਈ ਪ੍ਰਬੰਧ ਨਹੀਂ, ਸਾਰੀ ਪਾਰਕਿੰਗ ਗੰਦੇ ਫੋਕਟ ਸਮਾਨ ਨਾਲ ਭਰੀ ਹੋਈ ਹੈ, ਮੀਂਹ ਪੈਣ 'ਤੇ ਅੰਦਰ ਜਾਣਾ ਅਤੇ ਬਾਹਰ ਆਉਣਾ ਬੜਾ ਮੁਸ਼ਕਲ ਹੁੰਦਾ ਹੈ ਅਤੇ ਦੁਰਗੰਧ ਵੀ ਨੱਕ ਨੂੰ ਮਿਲਦੀ ਹੈ ।ਪਾਰਕਿੰਗ ਦੀ ਸਫਾਈ ਵੱਲ ਕੋਈ ਧਿਆਨ ਨਹੀਂ । ਕਈ-ਕਈ ਦਿਨ ਦੀਆਂ ਖੜ੍ਹੀਆਂ ਗੱਡੀਆਂ ਉੱਪਰ ਮਿੱਟੀ ਜੰਮ ਜਾਂਦੀ ਹੈ, ਇਸ ਲਈ ਇਹ ਪਾਰਕਿੰਗ ਲਈ ਸ਼ੈੱਡ ਦਾ ਪ੍ਰਬੰਧ ਅਤੇ ਕੱਚੀ ਜਗ੍ਹਾ ਨੂੰ ਪੱਕੀ ਕਰਕੇ ਤਰਤੀਬ ਨਾਲ ਗੱਡੀਆਂ ਖੜ੍ਹਾਉਣ ਦੀ ਵਿਵਸਥਾ ਹੋਣੀ ਚਾਹੀਦੀ ਹੈ ।ਨਵੀਂ ਓ ਪੀ ਡੀ ਨੇੜਲੀ ਬਹੁ-ਮੰਜ਼ਲੀ ਪਾਰਕਿੰਗ ਅਜੇ ਅਧੂਰੀ ਹੈ, ਉਸ ਦੀਆਂ ਮੰਜ਼ਲਾਂ ਹੋਰ ਵਧਾਈਆਂ ਜਾ ਸਕਦੀਆਂ ਹਨ। ਇਥੇ ਪਾਰਕਿੰਗਾਂ ਦੀ ਫੀਸ ਜ਼ਰੂਰ 10 ਰੁਪਏ ਹੈ, ਪਰ ਜਦੋਂ ਅਣਜਾਣ ਵੱਧ ਪੈਸੇ ਫੜਾ ਦਿੰਦਾ ਹੈ, ਜਿਵੇਂ ਕਈ ਵਾਰੀ ਵੀਹ ਰੁਪਏ ਦੇ ਦਿੱਤੇ ਤਾਂ ਉਹ ਵੀਹ ਹੀ ਰੱਖ ਲੈਂਦੇ ਹਨ।

ਗਿਆਰਾਂ ਸੈਕਟਰ ਦੀ ਮਾਰਕੀਟ ਵਿੱਚ ਵੀ ਵਾਹਨਾਂ ਦੀ ਭਰਮਾਰ ਹੁੰਦੀ ਹੈ। ਬਹੁਤ ਸਾਰੇ ਲੋਕ ਇਥੇ ਹੀ ਖਾਲੀ ਜਗ੍ਹਾ ਦੇਖ ਆਪਣਾ ਵਾਹਨ ਖੜ੍ਹਾ ਕਰ ਜਾਂਦੇ ਹਨ ।ਸਾਰਾ ਦਿਨ ਇਥੇ ਹੀ ਖੜ੍ਹਾ ਰਹਿੰਦਾ ਹੈ ।ਇਸ ਨਾਲ ਦਵਾਈਆਂ ਲੈਣ ਵਾਲਿਆਂ ਨੂੰ ਸੜਕ 'ਤੇ ਹੀ ਵਾਹਨ ਖੜ੍ਹਾ ਕੇ ਆਉਣਾ ਪੈਂਦਾ ਹੈ, ਇਸ ਤਰ੍ਹਾਂ ਦਵਾਈਆਂ ਲੈਣ ਦੀ ਵੀ ਸਮੱਸਿਆ ਆਉਂਦੀ ਹੈ ।ਇਹ ਪਾਰਕਿੰਗ ਦੀ ਘਾਟ ਸਦਕਾ ਹੀ ਹੈ ।ਇਥੇ ਫਰੂਟ ਵਾਲੇ, ਚਾਹ ਵਾਲੇ, ਹੋਰ ਵਸਤਾਂ ਵੇਚਣ ਵਾਲੇ ਆਮ ਫੁੱਟਪਾਥਾਂ ਉੱਪਰ ਖੜ੍ਹੇ ਨਜ਼ਰ ਆਉਂਦੇ, ਖਾਣ ਵਾਲੀਆਂ ਵਸਤਾਂ ਨੰਗੀਆਂ ਰੱਖੀਆਂ ਹੁੰਦੀਆਂ ਹਨ, ਜੋ ਲੋਕ ਆਪਣੇ ਮਰੀਜ਼ਾਂ ਲਈ ਖਰੀਦ ਕੇ ਲੈ ਜਾਂਦੇ ਹਨ। ਫੁੱਟ-ਪੱਥਾਂ ਦੀਆਂ ਟਾਈਲਾਂ ਵੀ ਉੱਖੜੀਆਂ ਹੋਈਆਂ ਹਨ, ਇੱਧਰ ਵੀ ਪ੍ਰਸ਼ਾਸਨ ਦਾ ਧਿਆਨ ਨਹੀਂ। ਪੀ ਜੀ ਆਈ. ਅੰਦਰ ਫਰੂਟ ਅਤੇ ਹੋਰ ਖਾਣ-ਪੀਣ ਦੀਆਂ ਦੁਕਾਨਾਂ ਵੀ ਪਰਾਪਰ ਜਗ੍ਹਾ 'ਤੇ ਹੋਣੀਆਂ ਚਾਹੀਦੀਆਂ ਹਨ । ਸਿਹਤ ਵਿਭਾਗ ਅਤੇ ਪੀ ਜੀ ਆਈ ਦੇ ਡਾਇਰੈਕਟਰ ਵਲੋਂ ਇਸ ਦਾ ਹੱਲ ਕੱਢ ਕੇ ਸਵੱਛ ਖਾਣ-ਪੀਣ ਦੀਆਂ ਵਸਤਾਂ ਇਥੇ ਵੀ ਵਾਹਨਾਂ ਦੀ ਭਰਮਾਰ ਹੁੰਦੀ ਹੈ ।ਪੀ ਜੀ ਆਈ ਦਾ ਆਲਾ ਦੁਆਲਾ ਸਾਫ-ਸੁਥਰਾ ਹੋਣਾ ਚਾਹੀਦਾ ਹੈ। ਖਾਣ-ਪੀਣ ਦੀਆਂ ਮਿਆਰੀ ਵਸਤਾਂ ਅੰਦਰ ਹੀ ਉਪਲੱਬਧ ਕਰਾਉਣੀਆਂ ਚਾਹੀਦੀਆਂ ਹਨ। ਜਿਸ ਨਾਲ ਪੀ ਜੀ ਆਈ ਨੂੰ ਆਮਦਨ ਵੀ ਹੋਵੇਗੀ ।ਕਈ ਸੰਸਥਾਵਾਂ ਹਰ ਰੋਜ਼ ਪੀ ਜੀ ਆਈ ਦੇ ਬਾਹਰ ਲੰਗਰ ਦੀ ਸੇਵਾ ਕਰਦੀਆਂ ਹਨ , ਵੱਡੀ ਗਿਣਤੀ ਵਿੱਚ ਲੋਕ ਲੰਗਰ ਛਕਦੇ ਹਨ, ਪਰ ਉਨ੍ਹਾਂ ਦੇ ਬੈਠ ਕੇ ਲੰਗਰ ਛਕਣ ਦਾ ਕੋਈ ਪ੍ਰਬੰਧ ਨਹੀਂ, ਸੋ ਉਨ੍ਹਾਂ ਦੇ ਬੈਠਣ ਲਈ ਜਗ੍ਹਾ ਵੀ ਹੋਣੀ ਚਾਹੀਦੀ ਹੈ, ਤਾਂ ਕਿ ਸਫਾਈ ਦਾ ਵੀ ਖਿਆਲ ਰੱਖਿਆ ਜਾ ਸਕੇ। ਚੰਡੀਗੜ੍ਹ ਦੇ ਮੁੱਖ ਪ੍ਰਸ਼ਾਸਕ ਨੂੰ ਇਨ੍ਹਾਂ ਸਮੱਸਿਆਵਾਂ ਵੱਲ ਉਚੇਚਾ ਧਿਆਨ ਦੇਣਾ ਚਾਹੀਦਾ ਹੈ।

# ਸੰਪਰਕ : 94635-53962

ਯਾਦਗਾਰੀ ਸਮਾਗਮ 'ਤੇ ਵਿਸ਼ੇਸ਼

# ਜ਼ਿੰਦਗੀ ਨਾਲ ਅੱਖ ਮਿਲਾ ਕੇ ਤੁਰਨ ਲਈ ਪ੍ਰੇਰਦੀ ਸਵਰਨ ਭੰਗੂ ਦੀ ਵਸੀਅਤ

ਅਮੋਲਕ ਸਿੰਘ

ਅਜੋਕੇ ਗੰਧਲੇ ਸਮਾਜੀ ਮੌਸਮ ਵਿੱਚ ਵੀ ਜੋ ਸ਼ਖ਼ਸੀਅਤਾਂ ਮਾਨਵਤਾ, ਕੁਦਰਤ, ਸਮਾਜਿਕ ਸਰੋਕਾਰਾਂ, ਬਚਪਨ ਅਤੇ ਜਵਾਨੀ ਦੇ ਬੌਧਿਕ ਵਿਕਾਸ ਦਾ ਵਿਸ਼ੇਸ਼ ਧਿਆਨ ਰੱਖ ਕੇ ਸਫ਼ਰ 'ਤੇ ਰਹਿੰਦੀਆਂ ਹਨ, ਜਿਨ੍ਹਾਂ ਦੀਆਂ ਪੈੜਾਂ ਕਿਸੇ ਭੀੜ 'ਚ ਨਹੀਂ ਗਵਾਚਦੀਆਂ, ਜਿਹੜੇ ਆਪਣਾ ਵਿਲੱਖਣ ਸਿਰਨਾਵਾਂ ਸਮੇਂ ਦੇ ਮੱਥੇ 'ਤੇ ਉੱਕਰ ਜਾਂਦੇ ਨੇ, ਅਜਿਹੀਆਂ ਸ਼ਖ਼ਸੀਅਤਾਂ ਵਿਸ਼ੇਸ਼ ਸਤਿਕਾਰ ਦੀਆਂ ਪਾਤਰ ਹੋਇਆ ਕਰਦੀਆਂ ਨੇ। ਚੰਦ ਦਿਨ ਪਹਿਲਾਂ ਸਾਥੋਂ ਵਿੱਛੜੀ ਸ਼ਖ਼ਸੀਅਤ ਸਵਰਨ ਸਿੰਘ ਭੰਗੂ ਵਿਦਿਅਕ, ਸਮਾਜਿਕ, ਸਾਹਿਤਕ, ਤਰਕਸ਼ੀਲ, ਜਮਹੂਰੀ, ਲੋਕ-ਪੱਖੀ ਅਤੇ ਅਗਾਂਹ-ਵਧੂ ਕਾਫ਼ਲੇ ਦੀ ਅਜਿਹੀ ਸ਼ਖ਼ਸੀਅਤ ਹੈ, ਜਿਸ ਦੀ ਸਮਾਜ ਅੰਦਰ ਨਿਵੇਕਲੀ ਪਹਿਚਾਣ ਹੈ।

ਸਮਾਂ ਇਹ ਤਿੱਖੀ ਚੁਣੌਤੀ ਲੈ ਕੇ ਆ ਰਿਹਾ ਹੈ ਕਿ ਬੰਦੇ ਨੂੰ ਬੰਦਾ ਨਹੀਂ, ਕਲਪੁਰਜ਼ਾ ਅਤੇ ਬਾਜ਼ਾਰ ਦੀ ਵਸਤ ਬਣਾ ਕੇ ਛੱਡਣਾ ਹੈ । ਸੰਵੇਦਨਹੀਣਤਾ, ਆਪੇ ਸਿਰਜੇ ਆਪਣੇ ਹੀ ਸੰਸਾਰ ਵਿੱਚ ਜਿਉਣ-ਮਰਨ ਤੱਕ ਮਹਿਦੂਦ ਕਰਕੇ ਦਮ ਘੁੱਟਵੇਂ ਵਾਤਾਵਰਣ ਵਿੱਚ ਮਾਰ ਮੁਕਾਉਣਾ ਹੈ ਅਤੇ ਮਰਨ ਲਈ ਆਪਣੀ ਮੌਤ ਆਪੇ ਸਹੇੜਨ ਦਾ ਜ਼ਿੰਮੇਵਾਰ ਵੀ ਉਸੇ ਨੂੰ ਬਣਾਉਣਾ ਹੈ। ਅਜਿਹੇ ਸਮੇਂ ਵੀ ਸ਼ਿਕਾਰੀਆਂ ਦੇ ਜਾਲ਼ ਵਿੱਚੋਂ ਪਰਵਾਜ਼ ਭਰਨ ਲਈ ਤਾਂਘਦੇ ਅਤੇ ਸੰਘਰਸ਼ਸ਼ੀਲ ਲੋਕਾਂ ਦੀ ਪਾਲ 'ਚ ਸ਼ਾਮਲ ਰਿਹਾ ਹੈ, ਸਾਡਾ ਸਵਰਨ ਸਿੰਘ ਭੰਗੂ।

ਦੁਨੀਆ ਭਰ ਦੇ ਸਮਾਜ ਸ਼ਾਸਤਰੀਆਂ, ਸਿੱਖਿਆ ਸ਼ਾਸਤਰੀਆਂ, ਵਿਗਿਆਨੀਆਂ, ਤਰਕਸ਼ੀਲਾਂ ਦੀ ਅਦੁੱਤੀ ਦੇਣ ਨੂੰ ਪੂਰੇ ਅਦਬ ਨਾਲ ਅਪਣਾਉਂਦਿਆਂ ਸਵਰਨ ਭੰਗੂ ਨੇ ਸਿਖਿਆਰਥੀਆਂ ਨੂੰ ਵੀ ਜ਼ਿੰਦਗੀ ਦੇ ਸਫ਼ਰ 'ਤੇ ਉਚੇਰੀ ਪਰਵਾਜ਼ ਭਰਨ ਦੇ ਯੋਗ ਬਣਾਇਆ । ਉਸ ਨੇ 'ਮੇਰੀ ਆਵਾਜ਼ ਸੁਣੋ' ਚੰਗੇ ਵਿਦਿਆਰਥੀ ਦੀ ਸਿਰਜਣਾ ਵਰਗੀਆਂ ਖ਼ੂਬਸੂਰਤ ਕਿਤਾਬਾਂ ਸਾਡੇ ਲੋਕਾਂ ਦੀ ਝੋਲੀ ਪਾਈਆਂ ਹਨ। ਉਹ ਵਿਸ਼ੇਸ਼ ਤੌਰ 'ਤੇ ਜਿੱਥੇ ਪੁੰਗਰਦੀ ਪਨੀਰੀ ਨੂੰ ਵਿਗਿਆਨ, ਸਾਹਿਤ, ਰੰਗ-ਮੰਚ ਅਤੇ ਵਿਦਿਅਕ



ਖੇਤਰ ਅੰਦਰ ਮੱਲਾਂ ਮਾਰਨ ਲਈ ਪ੍ਰੇਰਦੇ ਰਹੇ, ਉਥੇ ਸਮਾਜ ਦੇ ਬੁਰੀ ਤਰ੍ਹਾਂ ਹਾਸ਼ੀਏ ਤੋਂ ਵੀ ਬਾਹਰ ਧੱਕੇ ਗਏ ਦੱਬੇ-ਕੁਚਲੇ ਲੋਕਾਂ ਦੇ, ਆਰਥਿਕ ਤੰਗੀਆਂ ਦੇ ਝੰਬੇ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਸੂਰਜਾਂ ਦੇ ਹਮਸਫ਼ਰ ਬਣਾਉਣ ਲਈ ਸਦਾ ਹੀ ਤੱਤਪਰ ਰਹੇ।

ਗਲਿਆ-ਸੜਿਆ ਗੰਦੇ ਨਾਲੇ ਦਾ ਰੂਪ ਧਾਰ ਗਿਆ ਅਜੋਕਾ ਆਰਥਿਕ, ਸਮਾਜਿਕ ਪ੍ਰਬੰਧ ਸਾਡੇ ਸਵਰਨ ਭੰਗੂ ਨੂੰ ਨਿਗਲ ਗਿਆ। ਉਸ ਦੇ ਬੋਲ ਸਦਾ ਹੀ ਕੰਨਾਂ ਵਿੱਚ ਗੂੰਜਦੇ ਰਹਿਣਗੇ ਕਿ ਜਦੋਂ ਕਦੀ ਵੀ ਤੁਹਾਨੂੰ ਆਪਣੇ ਪਿਆਰੇ ਬੁਲਾਉਣ ਤਾਂ ਹੋਰ ਵੀ ਕੋਸ਼ਿਸ਼ ਕਰੋ ਕਿ ਜਿੰਨੀ ਜਲਦੀ ਹੋ ਸਕੇ, ਤੁਸੀਂ ਉਹਨਾਂ ਦੇ ਰੂਬਰੂ ਹੋਣ ਦਾ ਸੁਚੇਤ ਯਤਨ ਕਰੋ। ਬੁਰੀਆਂ ਬਲਾਵਾਂ ਨਾ ਜਾਣੇ ਕਦੋਂ ਤੁਹਾਡੇ ਪਿਆਰਿਆਂ 'ਤੇ ਝਪਟ ਪੈਣ। ਉਸ ਦਿਨ ਆਪਣੇ ਵਿਦਿਆਰਥੀਆਂ ਲਈ ਬਹੁਤ ਸਾਰੇ ਸਿਲੇਬਸ ਦਾ ਚਾਨਣ ਦੇਣ ਵਾਸਤੇ ਫੋਟੋ ਸਟੇਟ ਕਰਾਉਣ ਗਿਆ ਸਵਰਨ ਭੰਗੂ ਹਨੇਰੀ ਰਾਤ ਦੇ ਚੰਦਰੇ ਹਨੇਰੇ ਨੇ ਨਿਗਲ ਲਿਆ।

ਉਹ ਸਾਡੇ ਲਈ ਬਹੁਤ ਪਹਿਲਾਂ ਹੀ ਅੱਠ ਸਤੰਬਰ 2023 ਨੂੰ ਲਿਖੀ ਆਪਣੀ ਵਸੀਅਤ ਛੱਡ ਗਿਆ । ਕਿੰਨੀਆਂ ਹੀ ਖ਼ੂਬਸੂਰਤ ਗੱਲਾਂ ਤਿੰਨ ਵਰ੍ਹੇ ਪਹਿਲਾਂ ਹੀ ਆਪਣੇ ਸਵੈ-ਅਨੁਭਵ ਦੇ ਸਹਾਰੇ ਕਾਗਜ਼ 'ਤੇ ਉਤਾਰ ਜਾਣਾ ਤੇ ਆਪਣੇ ਲੋਕਾਂ ਦੇ ਨਾਂਅ ਵਸੀਅਤ ਛੱਡ ਜਾਣਾ ਪੜ੍ਹਿਆਂ ਹੀ ਪਤਾ ਲੱਗਦਾ ਹੈ ਕਿ ਅਸੀਂ ਕਿਹੋ ਜਿਹਾ ਅਨਮੋਲ ਹੀਰਾ ਗੁਆ ਲਿਆ ਹੈ।

ਸਵਰਨ ਭੰਗੂ ਦੀ ਜੀਵਨ ਸਾਥਣ ਗੁਰਪ੍ਰੀਤ ਭੰਗੂ ਜੋ ਲੰਮਾ ਸਮਾਂ ਗੁਰਸ਼ਰਨ ਭਾਅ ਜੀ ਦੇ ਲਾਏ ਬੂਟੇ, ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੀ ਸੂਬਾ ਕਮੇਟੀ ਮੈਂਬਰ ਰਹੇ ਅਤੇ ਲਗਾਤਾਰ ਹੀ ਪਲਸ ਮੰਚ ਦੇ ਵੱਡੇ ਸਮਾਗਮਾਂ, ਗਦਰੀ ਬਾਬਿਆਂ ਦੇ ਮੇਲੇ 'ਤੇ ਹੋਣ ਵਾਲੇ ਝੰਡੇ ਦੇ ਗੀਤ ਅਤੇ ਨਾਟਕਾਂ ਵਿੱਚ ਸ਼ੁਮਾਰ ਰਹੇ ਹਨ ।

ਸਵਰਨ ਭੰਗੂ ਅਤੇ ਗੁਰਪ੍ਰੀਤ ਭੰਗੂ ਦਾ ਸਪੁੱਤਰ ਬਾਗੀ ਭੰਗੂ ਆਪਣੇ ਬਾਬਲ ਦੀ ਮ੍ਰਿਤਕ ਦੇਹ ਨੂੰ ਫੁੱਲਾਂ ਨਾਲ ਸਿਜਦਾ ਕਰਦੇ ਹੋਏ ਵਿਸ਼ਾਲ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਾਫ ਸ਼ਬਦਾਂ ਵਿੱਚ ਕਹਿੰਦਾ ਸੁਣਿਆ ਗਿਆ ਕਿ, ਮੇਰੇ ਬਾਪ ਨੂੰ ਇਸ ਗੰਦੇ ਨਿਜ਼ਾਮ ਦੇ ਨਾਲੇ ਨੇ ਸਾਥੋਂ ਖੋਹ ਲਿਆ । ਸਾਡਾ ਫਰਜ਼ ਹੈ ਕਿ ਅਜਿਹੇ ਨਾਲੇ ਨੂੰ ਪੂਰਨ ਲਈ ਪੂਰੀ ਵਾਹ ਲਾਈਏ ਤਾਂ ਜੋ ਹੋਰ ਕੋਈ ਵੀ ਧਰਤੀ ਦਾ ਲਾਲ ਇਸ ਆਰਥਿਕ, ਸਮਾਜਿਕ ਨਾਲੇ ਦਾ ਸ਼ਿਕਾਰ ਨਾ ਹੋਵੇ। ਇਹ ਨਾਲਾ ਕਿਸੇ ਪਾਣੀਆਂ ਦਾ ਹੀ ਨਹੀਂ, ਇਹ ਸਾਡੇ ਆਰਥਿਕ, ਸਮਾਜਿਕ ਤੇ ਬੋਅ ਮਾਰਦੇ ਨਿਜ਼ਾਮ ਦੇ ਰਖੈਲਾਂ ਦੀ ਉਤਪਤੀ ਹੈ, ਇਸ ਨੂੰ ਜਿੰਨੀ ਜਲਦੀ ਅਸੀਂ ਸਮਝ ਲਵਾਂਗੇ, ਓਨਾ ਹੀ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਵਿੱਚ ਡੁੱਬਣ ਤੋਂ ਬਚਾ ਲਵਾਂਗੇ।

ਸਵਰਨ ਸਿੰਘ ਭੰਗੂ ਦੀ ਵਸੀਅਤ ਦੇ ਵਿੱਚੀਂ ਗੁਜ਼ਰਦਿਆਂ ਅਸੀਂ ਗਹਿਰੇ ਅਨੁਭਵ ਅਤੇ ਅਧਿਐਨ ਨਾਲ ਉਸ ਸ਼ਖ਼ਸੀਅਤ ਦੇ ਮਨ-ਮਸਤਕ ਦੀ ਕਿਤਾਬ ਨੂੰ ਪੜ੍ਹ ਸਕਦੇ ਹਾਂ। ਉਹ ਆਪਣੀ ਵਸੀਅਤ ਵਿੱਚ ਲਿਖਦੇ ਹਨ, ਮੈਨੂੰ ਆਪਣੇ ਨਾਲ ਹੀ ਨਹੀਂ, ਸਗੋਂ ਧਰਤੀ ਦੇ ਜੀਵਨ ਨਾਲ ਬਹੁਤ ਹੀ ਮੋਹ ਹੈ। ਕੁਦਰਤ ਦੀ ਕਰੋੜਾਂ ਵਰ੍ਹਿਆਂ ਦੀ ਸਿਰਜਣਾ ਨੂੰ ਮੈਂ ਸ਼ਿੱਦਤ ਨਾਲ ਮਹਿਸੂਸ ਕਰਦਾ ਹਾਂ। ਇਸ ਧਰਤੀ 'ਤੇ ਹਰੇਕ ਨੂੰ ਕੁਦਰਤੀ ਉਮਰ ਤੱਕ ਜੀਣ ਦਾ ਮੌਕਾ ਮਿਲਣਾ ਚਾਹੀਦਾ ਹੈ......।

ਮੈਂ ਜਦੋਂ ਵੀ ਮਨੁੱਖੀ ਜੀਵਨ ਉਮਰੋਂ ਪਹਿਲਾਂ ਹੀ ਖੋਹੇ ਜਾਣ ਬਾਰੇ ਕਦੇ ਪੜ੍ਹਿਆ, ਸੁਣਿਆ, ਮੈਂ ਟੁੱਟਦਾ ਰਿਹਾ ਹਾਂ। ਇਸ ਧਰਤੀ ਦੇ ਨਾਇਕਨੁਮਾ ਲੋਕਾਂ, ਦੇਸ਼ ਭਗਤਾਂ, ਸ਼ਹੀਦਾਂ, ਵਿਗਿਆਨੀਆਂ, ਦਰਦਾਂ ਨੂੰ ਬਿਆਨ ਕਰਨ ਵਾਲੇ ਲੋਕਾਂ, ਸਾਹਿਤਕਾਰਾਂ, ਪਰਬਤੋਂ ਭਾਰੇ ਗੁਣੀ-ਗਿਆਨੀ ਲੋਕਾਂ, ਮਨੁੱਖੀ ਸਮਾਜ ਨੂੰ ਮੁਕਤੀ ਦਾ ਸਿਧਾਂਤ ਦੇਣ ਵਾਲਿਆਂ, ਧਰਤੀ 'ਤੇ ਸਵਰਗ ਸਿਰਜਣ ਦੀ ਮਿਸਾਲ ਪੈਦਾ ਕਰਨ ਵਾਲਿਆਂ ਲੋਕਾਂ, ਪਰਬਤੋਂ ਭਾਰੇ ਵੱਖ-ਵੱਖ ਪ੍ਰਕਾਰ ਦੇ ਗੁਣੀਂ ਲੋਕਾਂ ਨੂੰ ਮੈਂ ਹਮੇਸ਼ਾ ਸਿਜਦਾ ਕਰਦਾ ਹਾਂ। ਹਾਸਲ ਸਮਝ ਦੀ ਕਥਨੀ ਅਤੇ ਕਰਨੀ ਦਾ ਸੁਮੇਲ ਬਣਾਉਂਦਿਆਂ ਮੈਂ ਵੀ ਆਪਣੇ ਆਪ ਨੂੰ ਇਹਨਾਂ ਦੇ ਪੈਰਾਂ ਕੋਲ ਬੈਠਿਆਂ ਪਾਇਆ ਹੈ ।

ਇੱਕ ਦਿਨ ਉਹ ਵੀ ਸੀ ਜਦੋਂ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ 'ਛਿਪਣ ਤੋਂ ਪਹਿਲਾਂ' ਨਾਟਕ ਖੇਡਦੇ ਸਮੇਂ ਭਗਤ ਸਿੰਘ ਦੀ ਮਾਂ ਦਾ ਅਭਿਨੈ ਕਰਦੀ ਗੁਰਪ੍ਰੀਤ ਭੰਗੂ ਨੇ ਕਿਹਾ ਸੀ ਸ਼ੀਹਣੀ ਮਾਂ ਦੇ ਸੂਰਮੇ ਪੁੱਤਰਾ ਤੂੰ ਸ਼ੇਰ ਵਾਂਗ ਗਰਜ਼, ਜਦੋਂ ਸਵਰਨ ਭੰਗੂ ਨੂੰ ਉਹਦੇ ਸਾਥੀਆਂ ਦਾ ਕਾਫ਼ਲਾ ਵਿਦਾ ਕਰ ਰਿਹਾ ਸੀ ਤਾਂ ਪੁੱਤ ਬਾਗੀ ਭੰਗੂ ਅਤੇ ਗੁਰਪ੍ਰੀਤ ਭੰਗੂ ਦੇ ਬੋਲ ਸਾਂਭਣਯੋਗ ਸਨ ਕਿ ਸਾਥੀਆ ! ਅਸੀਂ ਤੇਰੇ ਵੱਲੋਂ ਗਿਆਨ-ਵਿਗਿਆਨ ਦੀ ਜਗਾਈ ਮੋਮਬੱਤੀ ਜਗਦੀ ਰੱਖਾਂਗੇ।

ਗੰਧਲ਼ੇ ਪਾਣੀਆਂ ਵਿੱਚ ਹਰਕਤ ਕਰਨ ਲਈ ਕੰਕਰ ਮਾਰਦੇ ਰਹਾਂਗੇ ਤਾਂ ਜੋ ਇਸ ਧਰਤੀ ਦਾ ਕੋਈ ਸਵਰਨ ਇਸ ਗੰਧਲੇ ਨਿਜ਼ਾਮ ਦੇ ਬੋਅ ਮਾਰਦੇ ਪਾਣੀਆਂ ਦੀ ਭੇਟ ਨਾ ਚੜ੍ਹੇ।

ਅੱਜ 10 ਜੂਨ ਸਵੇਰੇ 10 ਵਜੇ ਬਸੀ ਗੁੱਜਰਾਂ ਸਵਰਨ ਭੰਗੂ ਅਤੇ ਸਾਥੀਆਂ ਦੀ ਵਿੱਦਿਅਕ ਫੁਲਵਾੜੀ ਵਿੱਚ ਭਵਿੱਖਮੁਖੀ ਖ਼ੂਬਸੂਰਤ ਫੁੱਲਾਂ ਵਰਗੇ ਵਿਚਾਰਾਂ ਦੀ ਖ਼ੁਸ਼ਬੋ ਵੰਡਣਗੇ ਸਵਰਨ ਭੰਗੂ ਦੇ ਪਰਵਾਰ ਦੇ ਮੈਂਬਰ, ਸੰਗੀ ਸਾਥੀ ਅਤੇ ਮਿੱਤਰ ਬੇਲੀ।

# ਸੰਪਰਕ: 98778 -68710

# ਨਰੇਗਾ ਮੁਲਾਜ਼ਮਾਂ ਵੱਲੋਂ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਧਰਨਾ 9ਵੇਂ ਦਿਨ 'ਚ


ਲੁਧਿਆਣਾ


ਜਲਾਲਾਬਾਦ


ਨਿਹਾਲ ਸਿੰਘ ਵਾਲਾ


ਗੁਰੂ ਹਰਸਹਾਏ

**ਲੁਧਿਆਣਾ/ਮੋਗਾ (ਰੈਕਟਰ ਕਥੂਰੀਆ, ਇਕਬਾਲ ਸਿੰਘ)**-ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਨਰੇਗਾ ਤਹਿਤ ਆਰਜ਼ੀ ਆਸਾਮੀਆਂ 'ਤੇ ਠੇਕਾ ਅਧਾਰਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਰਲਾ ਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਸੰਘਰਸ਼ਾਂ ਦੀ ਲੜੀ ਤਹਿਤ ਮੰਗਲਵਾਰ ਬਲਾਕ ਪੱਧਰੀ ਧਰਨਾ 9ਵੇਂ ਦਿਨ ਵੀ ਜਾਰੀ ਰਿਹਾ।ਰੋਹ ਭਰਪੂਰ ਨਾਅਰੇਬਾਜ਼ੀ ਤੋਂ ਬਾਅਦ ਪ੍ਰੈੱਸ ਨਾਲ ਗੱਲਬਾਤ ਸਾਂਝੀ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਬੱਬੂ ਨੇ ਦੱਸਿਆ ਕਿ ਪਿਛਲੇ ਲਗਭਗ 17-18 ਸਾਲ ਤੋਂ ਉਹ ਕੱਚੀ ਨੌਕਰੀ ਕਰ ਰਹੇ ਹਨ।ਹਰ ਸਮੇਂ ਨੌਕਰੀ ਤੋਂ ਕੱਢ ਦੇਣ, ਤਨਖ਼ਾਹ ਰੋਕ ਲੈਣ, ਦੂਰ-ਦੁਰਾਡੇ ਬਦਲੀ ਕਰਨ ਦਾ ਡਰ ਉਨ੍ਹਾਂ ਦੇ ਮਨਾਂ ਅੰਦਰ ਬਣਿਆ ਰਹਿੰਦਾ ਹੈ।ਅਫ਼ਸਰਸ਼ਾਹੀ ਵੱਲੋਂ ਨਰੇਗਾ ਤੋਂ ਇਲਾਵਾ ਹਰ ਤਰ੍ਹਾਂ ਦੇ ਪੇਂਡੂ ਵਿਕਾਸ ਨਾਲ ਸੰਬੰਧਤ ਕੰਮ ਨਰੇਗਾ ਮੁਲਾਜ਼ਮਾਂ ਤੋਂ ਲਏ ਜਾਂਦੇ ਹਨ।ਜੇਕਰ ਉਹ ਵਾਧੂ ਕੰਮਾਂ ਨੂੰ ਕਰਨ ਤੋਂ ਮਨ੍ਹਾਂ ਕਰਦੇ ਹਨ ਤਾਂ ਉਨ੍ਹਾਂ ਦਾ ਕੰਟਰੈਕਟ ਰੋਕ ਲੈਣ, ਬਦਲੀ ਕਰਨ ਵਰਗੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਮੂਹ ਨਰੇਗਾ ਮੁਲਾਜ਼ਮਾਂ ਦੀ ਭਰਤੀ ਪੂਰੇ ਪਾਰਦਰਸ਼ੀ ਢੰਗ ਨਾਲ ਰੈਗੂਲਰ ਭਰਤੀ ਲਈ ਅਪਣਾਏ ਜਾਂਦੇ ਤੈਅ ਮਾਪਦੰਡਾਂ ਅਨੁਸਾਰ ਬਿਲਕੁਲ ਨਿਗੂਣੀਆਂ ਤਨਖ਼ਾਹਾਂ 'ਤੇ ਕੀਤੀ ਗਈ ਸੀ।ਅੱਜ 18 ਸਾਲ ਬਾਅਦ ਵੀ ਪਿਛਲੇ ਛੇ ਮਹੀਨਿਆਂ ਤੋਂ ਤਨਖ਼ਾਹਾਂ ਬਕਾਇਆ ਹਨ। ਪਿਛਲੇ ਹਫ਼ਤੇ 1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਹੋਈ ਪੈਨਲ ਮੀਟਿੰਗ ਵਿੱਚ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਅਗਲੇ ਦੋ ਦਿਨਾਂ ਵਿੱਚ ਪ੍ਰੋਸੋਨਲ ਵਿਭਾਗ ਤੋਂ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਕਰਨ ਦਾ ਕੋਈ ਹੱਲ ਲੱਭ ਕੇ ਲਿਆਉਣਗੇ, ਪ੍ਰੰਤੂ ਅੱਜ 9 ਜੂਨ ਹੋ ਚੁੱਕੀ ਹੈ, ਫਿਰ ਵੀ ਨਾ ਤਾਂ ਕੋਈ ਅਫ਼ਸਰ ਇਸ ਮਸਲੇ ਨੂੰ ਸੁਲਝਾਉਣ ਲਈ ਕੁੱਝ ਕਰ ਰਿਹਾ ਹੈ ਤੇ ਨਾ ਹੀ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਯੂਨੀਅਨ ਨੂੰ ਕੋਈ ਅਗਾਮੀ ਮੀਟਿੰਗ ਸੰਬੰਧੀ ਜਾਣਕਾਰੀ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਕੱਲ੍ਹ 10 ਜੂਨ ਦੀ ਕੈਬਨਿਟ ਸਬ ਕਮੇਟੀ ਨੇ ਮੀਟਿੰਗ ਦਿੱਤੀ ਹੋਈ ਹੈ, ਜੇਕਰ ਮੀਟਿੰਗ ਨਾ ਹੋਈ ਜਾਂ ਮੀਟਿੰਗ ਵਿੱਚ ਵੀ ਮਸਲੇ ਦਾ ਕੋਈ ਢੁੱਕਵਾਂ ਹੱਲ ਨਾ ਕੱਢਿਆ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਨਰੇਗਾ ਮੁਲਾਜ਼ਮਾਂ ਦੇ ਜ਼ਬਰਦਸਤ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

**ਜਲਾਲਾਬਾਦ (ਜੀਤ ਕੁਮਾਰ)** : ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਨਰੇਗਾ ਤਹਿਤ ਆਰਜ਼ੀ ਆਸਾਮੀਆਂ 'ਤੇ ਠੇਕਾ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਸੰਘਰਸ਼ ਤਹਿਤ ਬਲਾਕ ਪੱਧਰੀ ਧਰਨਾ 9ਵੇਂ ਦਿਨ ਵੀ ਜਾਰੀ ਰਿਹਾ ਤੇ ਨਰੇਗਾ ਕਰਮਚਾਰੀ ਯੂਨੀਅਨ ਦੀ ਅਗਵਾਈ ਹੇਠ ਸਥਾਨਕ ਬੀ.ਡੀ.ਪੀ.ਓ. ਦਫਤਰ ਵਿਚ ਨਰੇਗਾ ਕਰਮਚਾਰੀਆਂ ਵੱਲੋਂ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਬੀਤੇ 17-18 ਸਾਲ ਤੋਂ ਨਰੇਗਾ ਕਰਮਚਾਰੀ ਕੱਚੀ ਨੌਕਰੀ ਕਰ ਰਹੇ ਹਨ। ਹਰ ਸਮੇਂ ਨੌਕਰੀ ਤੋਂ ਕੱਢ ਦੇਣ, ਤਨਖ਼ਾਹ ਰੋਕ ਲੈਣ, ਦੂਰ-ਦੁਰਾਡੇ ਬਦਲੀ ਕਰਨ ਦਾ ਡਰ ਉਨ੍ਹਾਂ ਦੇ ਮਨਾਂ ਅੰਦਰ ਬਣਿਆ ਰਹਿੰਦਾ ਹੈ। ਨਰੇਗਾ ਮੁਲਾਜ਼ਮਾਂ ਨੂੰ ਪਿਛਲੇ 18 ਸਾਲਾਂ ਦੌਰਾਨ ਕੋਈ ਵੀ ਮੈਡੀਕਲ ਸਹੂਲਤ ਨਹੀਂ ਦਿੱਤੀ ਜਾਂਦੀ, ਜਿਸ ਕਾਰਨ ਨਰੇਗਾ ਮੁਲਾਜ਼ਮਾਂ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ। ਇਸ ਸਮੇਂ ਜੀ ਆਰ ਐੱਸ ਸੁਰਿੰਦਰ ਸਿੰਘ, ਗੁਰਮੀਤ ਸਿੰਘ, ਬਲਦੇਵ ਸਿੰਘ, ਕੁਲਵਿੰਦਰ ਸਿੰਘ, ਮੰਗਤ ਸਿੰਘ, ਜਸਵੀਰ ਸਿੰਘ ਟੀ ਏ ਵਿਕਰਮ ਸਿੰਘ, ਸੀ ਏ ਜਸਵੀਰ, ਰਾਜ, ਇੰਦਰਪ੍ਰੀਤ ਕੌਰ ਹਾਜ਼ਰ ਸਨ।

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਨਰੇਗਾ ਤਹਿਤ ਆਰਜ਼ੀ ਆਸਾਮੀਆਂ 'ਤੇ ਠੇਕਾ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਸ਼ੰਘਰਸ਼ਾਂ ਦੀ ਲੜੀ ਤਹਿਤ ਮੰਗਲਵਾਰ ਨੂੰ ਬਲਾਕ ਪੱਧਰੀ ਧਰਨਾ 9 ਵੇਂ ਦਿਨ ਵੀ ਜਾਰੀ ਰਿਹਾ। ਰੋਹ ਭਰਪੂਰ ਨਾਅਰੇਬਾਜ਼ੀ ਤੋਂ ਬਾਅਦ ਪ੍ਰੈੱਸ ਨਾਲ ਗੱਲਬਾਤ ਸਾਂਝੀ ਕਰਦਿਆਂ ਬਲਾਕ ਪ੍ਰਧਾਨ ਹਰਕੰਵਲ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਲਗਭਗ 17-18 ਸਾਲ ਤੋਂ ਉਹ ਕੱਚੀ ਨੌਕਰੀ ਕਰ ਰਹੇ ਹਨ। ਹਰ ਸਮੇਂ ਨੌਕਰੀ ਤੋਂ ਕੱਢ ਦੇਣ, ਤਨਖ਼ਾਹ ਰੋਕ ਲੈਣ, ਦੂਰ-ਦੁਰਾਡੇ ਬਦਲੀ ਕਰਨ ਦਾ ਡਰ ਉਨ੍ਹਾਂ ਦੇ ਮਨਾਂ ਅੰਦਰ ਬਣਿਆ ਰਹਿੰਦਾ ਹੈ।ਅਫ਼ਸਰਸ਼ਾਹੀ ਵੱਲੋਂ ਨਰੇਗਾ ਤੋਂ ਇਲਾਵਾ ਹਰ ਤਰ੍ਹਾਂ ਦੇ ਪੇਂਡੂ ਵਿਕਾਸ ਨਾਲ ਸੰਬੰਧਿਤ ਕੰਮ ਨਰੇਗਾ ਮੁਲਾਜ਼ਮਾਂ ਤੋਂ ਲਏ ਜਾਂਦੇ ਹਨ।ਉਨ੍ਹਾਂ ਕਿਹਾ ਕਿ1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਹੋਈ ਪੈਨਲ ਮੀਟਿੰਗ ਵਿੱਚ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਅਗਲੇ ਦੋ ਦਿਨਾਂ ਵਿੱਚ ਪ੍ਰੋਸੋਨਲ ਵਿਭਾਗ ਤੋਂ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਕਰਨ ਦਾ ਕੋਈ ਹੱਲ ਲੱਭ ਕੇ ਲਿਆਉਣਗੇ ਪ੍ਰੰਤੂ ਅੱਜ 9 ਜੂਨ ਹੋ ਚੁੱਕੀ ਹੈ ਫਿਰ ਵੀ ਨਾ ਤਾਂ ਕੋਈ ਅਫ਼ਸਰ ਇਸ ਮਸਲੇ ਨੂੰ ਸੁਲਝਾਉਣ ਲਈ ਕੁੱਝ ਕਰ ਰਿਹਾ ਹੈ ਅਤੇ ਨਾ ਹੀ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਯੂਨੀਅਨ ਨੂੰ ਕੋਈ ਅਗਾਮੀ ਮੀਟਿੰਗ ਸੰਬੰਧੀ ਜਾਣਕਾਰੀ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ 10 ਜੂਨ ਦੀ ਕੈਬਨਿਟ ਸਬ ਕਮੇਟੀ ਨੇ ਮੀਟਿੰਗ ਦਿੱਤੀ ਹੋਈ ਹੈ ਜੇਕਰ ਮੀਟਿੰਗ ਨਾ ਹੋਈ ਜਾਂ ਮੀਟਿੰਗ ਵਿੱਚ ਵੀ ਮਸਲੇ ਦਾ ਕੋਈ ਢੁਕਵਾਂ ਹੱਲ ਨਾ ਕੱਢਿਆ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਨਰੇਗਾ ਮੁਲਾਜ਼ਮਾਂ ਦੇ ਜ਼ਬਰਦਸਤ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਇਸ ਸਮੇਂ ਜਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ, ਜਗਰਾਜ ਸਿੰਘ, ਰਮਨਦੀਪ ਸਿੰਘ ,ਗਗਨਪ੍ਰੀਤ ਸਿੰਘ ,ਮਹਾਵੀਰ ਸਿੰਘ ਆਦਿ ਹਾਜਰ ਸਨ।

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** : ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈਕੇ ਚੱਲ ਰਹੇ ਸ਼ੰਘਰਸ਼ਾਂ ਦੀ ਲੜੀ ਤਹਿਤ ਮੰਗਲਵਾਰ ਨੂੰ ਬਲਾਕ ਪੱਧਰੀ ਧਰਨਾ 9ਵੇਂ ਦਿਨ ਵੀ ਜਾਰੀ ਰਿਹਾ। ਰੋਹ ਭਰਪੂਰ ਨਾਅਰੇਬਾਜ਼ੀ ਤੋਂ ਬਾਅਦ ਧਰਨੇ-ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਲਗਭਗ 17 -18 ਸਾਲ ਤੋਂ ਉਹ ਕੱਚੀ ਨੌਕਰੀ ਕਰ ਰਹੇ ਹਨ ਤੇ ਉਨ੍ਹਾਂ ਨੂੰ ਲਾਰਿਆਂ ਵਿੱਚ ਰਖਿਆ ਜਾ ਰਿਹਾ ਹੈ। ਇਸ ਸਮੇਂ ਅਜੀਤ ਸਿੰਘ, ਲਖਵਿੰਦਰ ਸਿੰਘ, ਹਰਪ੍ਰੀਤ ਸਿੰਘ, ਰੀਤੂ ਬਾਲਾ, ਮਨਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਸੁਮਿਤ ਡੰਗ, ਅਮਨਦੀਪ ਕੌਰ, ਰਜਿੰਦਰ ਕੁਮਾਰ, ਮੋਹਿਤ, ਗੁਰਪ੍ਰੀਤ ਸਿੰਘ, ਕੁਲਵੰਤ ਸਿੰਘ, ਮਨੀਸ਼ ਕੁਮਾਰ, ਵੀਨਾ ਰਾਣੀ, ਅਕੁਸ਼ ਕੁਮਾਰ ਹਾਜ਼ਰ ਸਨ।

## ਚੇਅਰਮੈਨ ਕਰਮਜੀਤ ਸਿੰਘ ਨੂੰ ਸਦਮਾ, ਪਿਤਾ ਦਾ ਦਿਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਚਾਇਤ ਸੰਮਤੀ ਮਹਿਲ ਕਲਾਂ ਦੇ ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸ਼ੇਰ ਸਿੰਘ ਫੌਜੀ ਅਚਾਨਕ ਸਦੀਵੀ ਵਿਛੋੜਾ ਦੇ ਗਏ।ਇਸ ਦੁਖਦਾਈ ਮੌਕੇ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਬੀ ਡੀ ਪੀ ਓ ਰਜਿੰਦਰ ਸਿੰਘ, ਵਾਈਸ ਚੇਅਰਪਰਸਨ ਕਿਰਨਜੀਤ ਕੌਰ ਮਠਾੜੂ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਸੰਮਤੀ ਮੈਂਬਰ ਦਵਿੰਦਰ ਸਿੰਘ ਧਨੋਆ, ਗੁਰਜੀਤ ਸਿੰਘ ਧਾਲੀਵਾਲ, ਸੈਕਟਰੀ ਗੁਰਦੀਪ ਸਿੰਘ, ਹਰਜੀਤ ਸਿੰਘ ਗੋਗੀ ਠੁੱਲੀਵਾਲ, ਸਰਪੰਚ ਜਤਿੰਦਰਪਾਲ ਸਿੰਘ ਪੰਡੋਰੀ, ਸਰਪੰਚ ਹਰਪਾਲ ਸਿੰਘ ਮਹਿਲ ਖੁਰਦ, ਗੁਰਪ੍ਰੀਤ ਸ਼ਰਮਾ ਨਿਹਾਲੂਵਾਲ, ਸਰਪੰਚ ਪ੍ਰਦੀਪ ਸਿੰਘ ਕੁਤਬਾ, ਸਰਪੰਚ ਗੁਰਦੀਪ ਸਿੰਘ ਛਾਪਾ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਪੰਚ ਓਮਨਦੀਪ ਸਿੰਘ ਹਮੀਦੀ, ਸਰਪੰਚ ਬਚਿੱਤਰ ਸਿੰਘ ਧਾਲੀਵਾਲ ਤੋਂ ਇਲਾਵਾ ਪ੍ਰੈੱਸ ਕਲੱਬ ਮਹਿਲ ਕਲਾਂ, ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਆਪ ਵਲੰਟੀਅਰਾਂ ਨੇ ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ ਤੇ ਸਮੂਹ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਕਾਤਰਾਂ

### ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ : ਡੀ ਸੀ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਡਿਪਟੀ ਕਮਿਸ਼ਨਰ ਬਠਿੰਡਾ ਰਾਜੇਸ਼ ਧੀਮਾਨ ਨੇ ਮੰਗਲਵਾਰ ਨੂੰ ਮਹਾਰਾਜਾ ਰਣਜੀਤ ਸਿੰਘ ਐਵਾਰਡ ਪ੍ਰਾਪਤ ਕਰਨ ਵਾਲੇ ਬਠਿੰਡਾ ਦੇ ਚਾਰ ਖਿਡਾਰੀਆਂ ਨਾਲ ਮੁਲਾਕਾਤ ਕੀਤੀ।ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਹਾਲ ਹੀ ਵਿੱਚ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ 87 ਵਿਸ਼ੇਸ਼ ਖਿਡਾਰੀਆਂ ਨੂੰ ਇਹ ਐਵਾਰਡ ਦਿੱਤੇ ਸਨ।ਖਿਡਾਰੀਆਂ ਅਵਨੀਤ ਕੌਰ, ਹਰਸ਼ਦੀਪ ਸਿੰਘ, ਅਵਤਾਰ ਸਿੰਘ ਅਤੇ ਮਨਪ੍ਰੀਤ ਕੌਰ ਨਾਲ ਗੱਲਬਾਤ ਕਰਦਿਆਂ ਰਾਜੇਸ਼ ਧੀਮਾਨ ਨੇ ਜ਼ਿਲ੍ਹਾ ਬਠਿੰਡਾ ਦਾ ਨਾਂ ਰੌਸ਼ਨ ਕਰਨ ਲਈ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ, ਜਿਸ ਲਈ ਕਈ ਪਹਿਲਕਦਮੀਆਂ ਕੀਤੀਆਂ ਗਈਆਂ ਹਨ ਅਤੇ ਮੁੱਖ ਧਿਆਨ ਨੌਜਵਾਨ ਪੀੜ੍ਹੀ ਨੂੰ ਖੇਡ ਮੈਦਾਨਾਂ ਨਾਲ ਜੋੜਨ ਉੱਤੇ ਦਿੱਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਨੇ ਖਿਡਾਰੀਆਂ ਨੂੰ ਹਰ ਸਮੇਂ ਆਪਣੇ ਟੀਚਿਆਂ ਪ੍ਰਤੀ ਕੇਂਦਰਿਤ ਰਹਿਣ ਅਤੇ ਸਿਖਲਾਈ ਸੈਸ਼ਨਾਂ ਵਿੱਚ ਪੂਰੀ ਲਗਨ ਨਾਲ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

### ਦੁਕਾਨ ਦੇ ਬਾਹਰੋਂ ਰੇਡੀਏਟਰ ਚੋਰੀ

**ਮਲੋਟ (ਸ਼ਮਿੰਦਰਪਾਲ ਸਿੰਘ, ਪੂਜਾ)**-ਸ਼ਹਿਰ ਨਸ਼ੇੜੀਆਂ ਤੇ ਚੋਰਾਂ ਦੀ ਭਰਮਾਰ ਨੇ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ।ਮਲੋਟ ਕਾਰ ਬਜਾਰ ਅਤੇ ਕਬਾੜ ਦੀ ਮਾਰਕੀਟ ਹੋਣ ਕਰਕੇ ਸ਼ਹਿਰ ਹੀ ਨਹੀਂ ਆਸਪਾਸ ਮੰਡੀਆਂ ਤੋਂ ਵੀ ਚੋਰ ਇਥੇ ਆਉਂਦੇ ਹਨ। ਦੋ ਦਿਨ ਪਹਿਲਾਂ ਸਾਬਕਾ ਐਮ ਸੀ ਸਤੀਸ਼ ਗਰੋਵਰ ਦੀ ਸਤੀਸ਼ ਬੈਰਿੰਗ ਨਾਮੀ ਦੁਕਾਨ ਦੇ ਬਾਹਰ ਇਕ ਚੋਰ ਨੇ ਦੋ ਰੈਡੀਏਟਰ ਚੋਰੀ ਕਰ ਲਏ। ਚੋਰੀ ਦੀ ਇਹ ਵਾਰਦਾਤ ਸੀ.ਸੀ.ਟੀ.ਵੀ ਕੈਮਰੇ ਵਿਚ ਕੈਦ ਹੋ ਗਈ।ਉਕਤ ਵਿਅਕਤੀ ਦੁਬਾਰਾ ਫਿਰ ਚੋਰੀ ਕਰਨ ਦੀ ਮੰਸ਼ਾ ਨਾਲ ਦੁਕਾਨਾਂ ਦੇ ਨੇੜੇ ਆ ਗਿਆ।ਜਿਥੇ ਦੁਕਾਨ ਵਾਲਿਆਂ ਨੇ ਕਾਬੂ ਕਰਕੇ ਪੁਲਸ ਦੇ ਹਵਾਲੇ ਕਰ ਦਿੱਤਾ।

### ਸਾਬਕਾ ਬੈਂਕ ਮੈਨੇਜਰ ਖ਼ਿਲਾਫ਼ ਕਰਜ਼ਾ ਘਪਲੇ ਦਾ ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ/ਪੂਜਾ)**-ਮੁਕਤਸਰ ਕੇਂਦਰੀ ਸਹਿਕਾਰੀ ਬੈਂਕ ਨਾਲ ਕਥਿਤ ਤੌਰ 'ਤੇ ਧੋਖਾਧੜੀ ਅਤੇ ਹੇਰਾਫੇਰੀ ਕਰਨ ਦੇ ਦੋਸ਼ ਹੇਠ ਇੱਕ ਸਾਬਕਾ ਬੈਂਕ ਮੈਨੇਜਰ ਖ਼ਿਲਾਫ਼ ਥਾਣਾ ਸਿਟੀ ਮੁਕਤਸਰ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਲਖਵਿੰਦਰ ਸਿੰਘ ਬਰਾੜ, ਪ੍ਰਬੰਧ ਨਿਰਦੇਸ਼ਕ, ਮੁਕਤਸਰ ਕੇਂਦਰੀ ਸਹਿਕਾਰੀ ਬੈਂਕ ਲਿਮਟਿਡ, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਬੈਂਕ ਦੀ ਥਾਂਦੇਵਾਲਾ ਸ਼ਾਖਾ ਦੇ ਸਾਬਕਾ ਮੈਨੇਜਰ ਸੁਖਦੇਵ ਸਿੰਘ ਵੱਲੋਂ 27 ਜਨਵਰੀ 2009 ਨੂੰ ਕਥਿਤ ਤੌਰ 'ਤੇ ਜਾਅਲੀ ਦਸਤਾਵੇਜ਼ਾਂ ਦੇ ਆਧਾਰ 'ਤੇ ਬਿਨਾਂ ਕੋਈ ਜਾਇਦਾਦ ਬੈਂਕ ਦੇ ਹੱਕ ਵਿੱਚ ਗਿਰਵੀ ਰੱਖਵਾਏ 5 ਲੱਖ ਰੁਪਏ ਦਾ ਮਕਾਨ ਉਸਾਰੀ ਕਰਜ਼ਾ ਜਾਰੀ ਕੀਤਾ ਗਿਆ ਸੀ। ਸ਼ਿਕਾਇਤ ਅਨੁਸਾਰ ਇਸ ਕਾਰਵਾਈ ਨਾਲ ਬੈਂਕ ਨੂੰ ਵਿੱਤੀ ਨੁਕਸਾਨ ਪਹੁੰਚਿਆ ਅਤੇ ਧੋਖਾਧੜੀ ਕੀਤੀ ਗਈ। ਮਾਮਲੇ ਦੀ ਜਾਂਚ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਵੱਲੋਂ ਕੀਤੀ ਗਈ, ਜਿਸ ਤੋਂ ਬਾਅਦ ਪੁਲਿਸ ਨੇ ਦੋਸ਼ੀ ਖ਼ਿਲਾਫ਼ ਵੱਖ ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਬੇਰੁਜ਼ਗਾਰ ਈ ਟੀ ਟੀ ਅਧਿਆਪਕ ਪੈਟਰੋਲ ਦੀ ਬੋਤਲ ਸਣੇ ਮੋਬਾਈਲ ਟਾਵਰ 'ਤੇ ਚੜ੍ਹਿਆ, ਪ੍ਰਸ਼ਾਸਨ ਨੂੰ ਹੱਥਾਂ-ਪੈਰਾਂ ਦੀ ਪਈ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਸਥਾਨਕ ਟੈਲੀਫੋਨ ਐਕਸਚੇਂਜ ਦੇ ਮੋਬਾਈਲ ਟਾਵਰ 'ਤੇ ਮੰਗਲਵਾਰ ਸਵੇਰੇ ਉਸ ਵੇਲੇ ਸਥਿਤੀ ਬੇਹੱਦ ਤਣਾਅਪੂਰਨ ਹੋ ਗਈ, ਜਦੋਂ ਜ਼ਿਲ੍ਹਾ ਮਾਨਸਾ ਦੇ ਪਿੰਡ ਬਰਨਾਲਾ ਨਾਲ ਸਬੰਧਤ ਬੇਰੁਜ਼ਗਾਰ ਈ.ਟੀ.ਟੀ. ਅਧਿਆਪਕ ਹਰਜੀਤ ਸਿੰਘ ਆਪਣੇ ਨਾਲ ਪੈਟਰੋਲ ਦੀ ਬੋਤਲ ਲੈ ਕੇ ਸਵੇਰੇ ਤੜਕਸਾਰ ਕਰੀਬ 8 ਵਜੇ ਟਾਵਰ ਦੇ ਸਿਖਰ 'ਤੇ ਜਾ ਚੜ੍ਹਿਆ। ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪ੍ਰਸ਼ਾਸਨ ਤੇ ਪੁਲਸ ਮਹਿਕਮੇ ਨੂੰ ਭਾਜੜਾਂ ਪੈ ਗਈਆਂ। ਟਾਵਰ ਦੇ ਉੱਪਰੋਂ ਹੀ ਇੱਕ ਵੀਡੀਓ ਸੁਨੇਹਾ ਜਾਰੀ ਕਰਦਿਆਂ ਹਰਜੀਤ ਸਿੰਘ ਨੇ ਸਪੱਸ਼ਟ ਕੀਤਾ ਕਿ ਇਹ ਉਸ ਦਾ ਨਿੱਜੀ ਫੈਸਲਾ ਹੈ ਤੇ ਉਹ ਕਿਸੇ ਯੂਨੀਅਨ ਦੇ ਉਕਸਾਉਣ 'ਤੇ ਇੱਥੇ ਨਹੀਂ ਆਇਆ।ਉਸ ਨੇ ਦ੍ਰਿੜ੍ਹਤਾ ਨਾਲ ਆਖਿਆ ਕਿ ਇਹ ਆਰ-ਪਾਰ ਦੀ ਲੜਾਈ ਹੈ, ਜੋ ਹੁਣ ਕੋਈ ਠੋਸ ਨਤੀਜਾ ਨਿਕਲਣ ਤੋਂ ਬਾਅਦ ਹੀ ਖ਼ਤਮ ਹੋਵੇਗੀ।ਪ੍ਰਦਰਸ਼ਨਕਾਰੀ ਨੇ ਭਾਵੁਕ ਹੁੰਦਿਆਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਸ ਦੀਆਂ ਮੰਗਾਂ ਨੂੰ ਅਮਲੀ ਜਾਮਾ ਨਾ ਪਹਿਨਾਇਆ ਗਿਆ, ਤਾਂ ਉਹ ਪੈਟਰੋਲ ਪਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਵੇਗਾ।ਉਸ ਨੇ ਅਪੀਲ ਕੀਤੀ ਕਿ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਬੇਵਜ੍ਹਾ ਤੰਗ-ਪ੍ਰੇਸ਼ਾਨ ਨਾ ਕੀਤਾ ਜਾਵੇ।ਦਰਅਸਲ, ਇਹ ਪੂਰਾ ਵਿਵਾਦ 5994 ਈ.ਟੀ.ਟੀ. ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਨਾਲ ਜੁੜਿਆ ਹੋਇਆ ਹੈ।ਮਿਲੀ ਜਾਣਕਾਰੀ ਮੁਤਾਬਕ, ਕੁੱਲ ਅਸਾਮੀਆਂ ਵਿੱਚੋਂ 3000 ਅਧਿਆਪਕਾਂ ਦੀ ਨਿਯੁਕਤੀ ਹੋ ਚੁੱਕੀ ਹੈ, ਜਦਕਿ ਬਾਕੀ ਰਹਿੰਦੇ 2994 ਅਧਿਆਪਕਾਂ ਦਾ ਬੈਕਲਾਗ ਪੂਰਾ ਕਰਕੇ ਉਨ੍ਹਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਲੰਮੇ ਸਮੇਂ ਤੋਂ ਲਟਕ ਰਹੀ ਹੈ। ਕਿਸੇ ਵੀ ਅਣਸੁਖਾਵੀਂ ਜਾਂ ਅਣਹੋਣੀ ਘਟਨਾ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਮੌਕੇ 'ਤੇ ਐਂਬੂਲੈਂਸ ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤਾਇਨਾਤ ਕਰ ਦਿੱਤੀਆਂ ਗਈਆਂ ਹਨ ਤੇ ਸੁਰੱਖਿਆ ਦੇ ਲਿਹਾਜ਼ ਨਾਲ ਪੂਰੇ ਇਲਾਕੇ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਹੈ।


ਟਾਵਰ 'ਤੇ ਚੜ੍ਹਿਆ ਹਰਜੀਤ ਸਿੰਘ।

ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਸਮੇਤ ਹੋਰ ਸਿਆਸੀ ਨੇਤਾਵਾਂ ਨੇ ਪੀੜਤ ਨੌਜਵਾਨ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ।ਉਨ੍ਹਾਂ ਮੌਕੇ 'ਤੇ ਮੌਜੂਦ ਹੋਰ ਈ.ਟੀ.ਟੀ. ਅਧਿਆਪਕਾਂ ਨਾਲ ਗੱਲਬਾਤ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਸਰਕਾਰ ਨੂੰ ਨੌਜਵਾਨਾਂ ਦੇ ਮਸਲੇ ਹੱਲ ਕਰਨ ਦੀ ਅਪੀਲ ਕੀਤੀ।

ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੁਲਸ ਦੇ ਉੱਚ ਅਧਿਕਾਰੀ ਖੁਦ ਮੋਰਚਾ ਸੰਭਾਲੀ ਬੈਠੇ ਹਨ। ਐੱਸ.ਪੀ. ਦਵਿੰਦਰ ਅੱਤਰੀ, ਡੀ.ਐੱਸ.ਪੀ. ਗੁਰਪ੍ਰੀਤ ਸਿੰਘ, ਡੀ.ਐੱਸ.ਪੀ. (ਸੰਗਰੂਰ) ਦਲਬੀਰ ਸਿੰਘ, ਐੱਸ.ਐੱਚ.ਓ. ਸਿਟੀ ਜਸਵੀਰ ਸਿੰਘ ਤੂਰ ਤੇ ਐੱਸ.ਐੱਚ.ਓ. ਕਰਨਬੀਰ ਸਿੰਘ ਸੰਧੂ ਵੱਲੋਂ ਲਗਾਤਾਰ ਸਾਲਸ ਦੀ ਭੂਮਿਕਾ ਨਿਭਾਈ ਜਾ ਰਹੀ ਹੈ।ਉਹ ਟਾਵਰ 'ਤੇ ਚੜ੍ਹੇ ਨੌਜਵਾਨ ਨਾਲ ਮੁਸਤੈਦੀ ਨਾਲ ਰਾਬਤਾ ਕਾਇਮ ਕਰਕੇ ਤੇ ਉਸ ਨੂੰ ਹੇਠਾਂ ਉਤਾਰਨ ਲਈ ਮਨਾਉਣ ਦੀ ਕੋਸ਼ਿਸ਼ ਕਰ ਰਹੇ ਹਨ।

## ਪੰਜਾਬ ਦੇ ਜਲ ਸੰਕਟ 'ਤੇ ਵਿਸ਼ੇਸ਼ ਸੈਮੀਨਰ 20 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜ ਪਾਣੀਆਂ ਦੀ ਧਰਤੀ ਇਸ ਵਕਤ ਆਪਣੀ ਹੋਂਦ ਦੇ ਸੰਕਟ ਦਾ ਸਾਹਮਣਾ ਕਰ ਰਹੀ ਹੈ।ਧਰਤੀ ਹੇਠਲਾਂ ਪਾਣੀ ਖਤਮ ਹੋਣ ਜਾਂ ਰਿਹਾ ਹੈ।15 ਲੱਖ ਦੇ ਕਰੀਬ ਟਿਊਬਵੈੱਲ ਲਗਾਤਾਰ ਪਾਣੀ ਕੱਢ ਰਹੇ ਹਨ, ਜਦੋਂਕਿ ਕਈ ਜ਼ਿਲ੍ਹਿਆਂ ਵਿੱਚ ਸਾਲਾਨਾ ਰਿਚਾਰਜ ਨਾਲੋਂ 300 ਪ੍ਰਤੀਸ਼ਤ ਤੋਂ ਵੱਧ ਪਾਣੀ ਕੱਢਿਆ ਜਾਂ ਰਿਹਾ ਹੈ। ਇਹ ਵਿਚਾਰ ਡਾ. ਹਰਨੇਕ ਸਿੰਘ ਰੋਡੇ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ।ਡਾ. ਰੋਡੇ ਨੇ ਕਿਹਾ ਕਿ 20 ਜੂਨ 2026 ਨੂੰ ਸਵੇਰੇ 10 ਵਜੇ ਸ਼ਹੀਦ ਨਛੱਤਰ ਸਿੰਘ ਯਾਦਗਰੀ ਹਾਲ ਵਿੱਚ ਮੋਗਾ ਵਿਖੇ ਵਿਸ਼ੇਸ਼ ਪਾਣੀ ਦੇ ਸੰਕਟ ਤੇ ਸੈਮੀਨਰ ਕਰਵਾਇਆ ਜਾਂ ਰਿਹਾ ਹੈ, ਜਿਸ ਵਿੱਚ ਪ੍ਰਸਿੱਧ ਪੱਤਰਕਾਰ ਹਮੀਰ ਸਿੰਘ, ਡਾ. ਪਿਆਰੇ ਲਾਲ ਗਰਗ, ਸੰਤ ਬਾਬਾ ਗੁਰਮੀਤ ਸਿੰਘ ਖੋਸਿਆਂ ਵਾਲੇ, ਬਲਵੀਰ ਸਿੰਘ, ਹਰਿੰਦਰ ਸਿੰਘ ਲੱਖੋਵਾਲ, ਹਰਮੀਤ ਸਿੰਘ ਕਾਦੀਆਂ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਪ੍ਰੋਫੈਸਰ ਜਗਮੋਹਨ ਸਿੰਘ, ਡਾ. ਸਤਨਾਮ ਸਿੰਘ ਅਜਨਾਲਾ, ਸਤਨਾਮ ਸਿੰਘ ਪੰਨੂ, ਬਲਵਿੰਦਰ ਸਿੰਘ ਸਿੱਧੂ ਆਦਿ ਸੈਮੀਨਾਰ ਨੂੰ ਸੰਬੋਧਨ ਕਰਨਗੇ।

## ਮਾਨ ਸਰਕਾਰ ਸਮੇਂ ਦਲਿਤਾਂ 'ਤੇ ਅੱਤਿਆਚਾਰਾਂ 'ਚ ਹੋਇਆ ਵਾਧਾ : ਸਮਾਓਂ

**ਨੌਜਵਾਨ ਦੀ ਕੁੱਟਮਾਰ ਕਰਨ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ**



**ਮਾਨਸਾ (ਆਤਮਾ ਸਿੰਘ ਪਮਾਰ)**

ਮਜ਼ਦੂਰ ਮੁਕਤੀ ਮੋਰਚਾ ਅਜ਼ਾਦ ਦੇ ਸੂਬਾਈ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਦੱਸਿਆ ਕਿ ਪਿੰਡ ਬੁਰਜ ਢਿੱਲਵਾਂ ਦੇ ਇੱਕ ਨੌਜਵਾਨ ਨੂੰ ਪਿੰਡ ਦੇ ਹੀ ਕੁੱਝ ਵਿਅਕਤੀਆਂ ਵੱਲੋਂ ਲੰਘੀ 31 ਮਈ ਨੂੰ ਘੇਰ ਕੇ ਕੁੱਟਿਆ ਗਿਆ, ਜਿਸ ਕਾਰਨ ਉਸ ਦੀਆਂ ਦੋਵੇਂ ਬਾਹਾਂ ਟੁੱਟ ਗਈਆਂ। ਮਜ਼ਦੂਰ ਆਗੂ ਨੇ ਕਿਹਾ ਕਿ ਵੋਟਾਂ ਸਮੇਂ ਜੱਫੀਆਂ ਪਾਉਣ ਵਾਲੇ ਦਲਿਤਾਂ ਉੱਪਰ ਹੁੰਦੇ ਜਬਰ ਖ਼ਿਲਾਫ ਜ਼ੁਬਾਨ ਤੱਕ ਨਹੀਂ ਖੋਲ੍ਹਦੇ।ਘਟਨਾ ਦੇ 10 ਦਿਨ ਬੀਤ ਜਾਣ ਦੇ ਬਾਵਜੂਦ ਪੁਲਸ ਥਾਣਾ ਜੋਗਾ ਵੱਲੋਂ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕਰਨ ਤੇ ਪਰਚੇ 'ਚ ਐੱਸ ਸੀ/ਐੱਸ ਟੀ ਐਕਟ, ਇਰਾਦਾ ਕਤਲ ਦੀਆਂ ਧਾਰਾਵਾਂ ਲਗਾਉਣ ਦੀ ਥਾਂ ਮਾਮੂਲੀ ਧਾਰਾਵਾਂ ਲਗਾਉਣ ਖ਼ਿਲਾਫ਼ ਪਿੰਡ ਅੰਦਰ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਰੈਲੀ ਕੀਤੀ ਗਈ।

ਇਸ ਸਮੇਂ ਸੰਬੋਧਨ ਕਰਦਿਆਂ ਸਮਾਓਂ ਨੇ ਕਿਹਾ ਕਿ ਭਲਕੇ ਪੁਲਸ ਥਾਣਾ ਜੋਗਾ ਅੱਗੇ ਧਰਨਾ ਵੀ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸੰਘਰਸ਼ ਲਈ ਇੱਕ 11 ਮੈਂਬਰੀ ਐਕਸ਼ਨ ਕਮੇਟੀ ਦਾ ਵੀ ਗਠਨ ਕੀਤਾ ਗਿਆ ਹੈ। ਸੂਬਾ ਪ੍ਰਧਾਨ ਭਗਵੰਤ ਸਮਾਓਂ ਨੇ ਕਿਹਾ ਕਿ ਭਾਵੇਂ ਪਹਿਲੀਆਂ ਸਰਕਾਰਾਂ ਅੰਦਰ ਵੀ ਗਰੀਬਾਂ 'ਤੇ ਅੱਤਿਆਚਾਰ ਹੁੰਦੇ ਸਨ, ਪ੍ਰੰਤੂ ਆਪ ਦੀ ਸਰਕਾਰ ਦੇ ਰਾਜ 'ਚ ਤਾਂ ਦਲਿਤਾਂ 'ਤੇ ਹੁੰਦੇ ਅੱਤਿਆਚਾਰਾਂ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ।ਉਨ੍ਹਾਂ ਕਿਹਾ ਕਿ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦਲਿਤਾਂ ਉਪਰ ਹੁੰਦੇ ਅੱਤਿਆਚਾਰ ਨੂੰ ਚੁੱਪ ਚਾਪ ਬਰਦਾਸ਼ਤ ਨਹੀਂ ਕਰੇਗਾ।ਜੇਕਰ ਦਲਿਤ ਨੌਜਵਾਨ ਦੀਆਂ ਦੋਵੇਂ ਬਾਹਾਂ ਤੋੜਨ ਵਾਲੇ ਧਨਾਢਾਂ ਦੇ ਗੁੰਡਿਆਂ 'ਤੇ ਦਰਜ ਪਰਚੇ 'ਚ ਐੱਸ ਸੀ/ਐੱਸ ਟੀ ਐਕਟ ਤੇ ਇਰਾਦਾ ਕਤਲ ਦੀਆਂ ਧਾਰਾਵਾਂ ਲਗਾ ਕੇ ਜਲਦੀ ਗ੍ਰਿਫ਼ਤਾਰ ਨਾ ਕੀਤਾ ਤਾਂ ਸਰਕਾਰ ਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਜ਼ਿਲ੍ਹਾ ਪੱਧਰੀ ਅੰਦੋਲਨ ਵੀ ਚਲਾਇਆ ਜਾਵੇਗਾ।

ਉਧਰ ਦੂਜੇ ਪਾਸੇ ਸਾਡੇ ਇਸ ਪ੍ਰਤੀਨਿਧ ਵੱਲੋਂ ਥਾਣਾ ਜੋਗਾ ਦੇ ਮੁੱਖ ਅਫਸਰ ਨਾਲ ਫੋਨ 'ਤੇ ਇਸ ਮਸਲੇ ਸਬੰਧੀ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਦਰਜ ਕਰ ਦਿੱਤਾ ਗਿਆ ਹੈ।ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ ਤੇ ਜਲਦ ਹੀ ਗ੍ਰਿਫ਼ਤਾਰ ਕਰ ਲਏ ਜਾਣਗੇ।

ਐੱਸ ਸੀ/ ਐੱਸ ਟੀ ਐਕਟ ਨਾ ਲਗਾਉਣ ਸਬੰਧੀ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਇਹ ਤਫਤੀਸ਼ ਦਾ ਹਿੱਸਾ ਹੈ, ਤਫਤੀਸ਼ ਉਪਰੰਤ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਵੀ ਕੀਤੀ ਜਾਵੇਗੀ।ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਜ਼ਿਲ੍ਹਾ ਆਗੂ ਭੋਲਾ ਸਿੰਘ ਝੱਬਰ, ਬਲਾਕ ਦੇ ਆਗੂ ਜੱਗਾ ਸਿੰਘ ਉੱਭਾ, ਹਰਕੀਰਤ ਸਿੰਘ, ਸੁਖਦੇਵ ਸਿੰਘ ਖਾਲਸਾ ਹਾਜ਼ਰ ਸਨ।

## ਕਾਰਖਾਨਾ ਮਜ਼ਦੂਰਾਂ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਮੁਜ਼ਾਹਰਾ



**ਲੁਧਿਆਣਾ (ਰੈਕਟਰ ਕਥੂਰੀਆ)**

ਡੀ. ਸੀ. ਲੁਧਿਆਣਾ ਦੇ ਦਫਤਰ 'ਤੇ ਤਨਖਾਹ ਵਾਧੇ ਤੇ ਹੋਰ ਮੰਗਾਂ ਲਾਗੂ ਕਰਵਾਉਣ ਲਈ ਕਾਰਖਾਨਾ ਮਜ਼ਦੂਰ ਯੂਨੀਅਨ ਤੇ ਟੈਕਸਟਾਇਲ-ਹੌਜਰੀ ਕਾਮਗਾਰ ਯੂਨੀਅਨ ਦੇ ਸੱਦੇ ਉੱਤੇ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ।ਮਜ਼ਦੂਰਾਂ ਦੀਆਂ ਹੱਕੀ ਮੰਗਾਂ ਤੇ ਸੰਘਰਸ਼ ਨੂੰ ਹਮਾਇਤ ਦਿੰਦਿਆਂ ਅਨੇਕਾਂ ਹੋਰ ਜਨਤਕ ਜਮਹੂਰੀ ਜੱਥੇਬੰਦੀਆਂ ਵੱਲੋਂ ਰੋਸ ਮੁਜ਼ਾਹਰੇ ਵਿੱਚ ਸ਼ਮੂਲੀਅਤ ਕੀਤੀ ਗਈ।ਡੀ.ਸੀ. ਲੁਧਿਆਣਾ ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਜੱਥੇਬੰਦੀਆਂ ਨੇ ਮੰਗ ਕੀਤੀ ਕਿ ਅੱਠ ਘੰਟੇ ਕੰਮ ਦਿਹਾੜੀ ਲਾਗੂ ਕੀਤੀ ਜਾਵੇ, ਮਹੀਨਾਵਰ ਘੱਟੋ-ਘੱਟ ਤਨਖ਼ਾਹ 30,000 ਰੁਪਏ ਲਾਗੂ ਹੋਵੇ (ਪੀਸ-ਰੇਟ/ਦਿਹਾੜੀ ਵੀ ਇਸੇ ਮੁਤਾਬਿਕ ਤੈਅ ਹੋਵੇ), ਓਵਰਟਾਈਮ ਦਾ ਦੁੱਗਣਾ ਭੁਗਤਾਨ, ਔਰਤ ਮਜ਼ਦੂਰਾਂ ਨੂੰ ਮਰਦ ਮਜ਼ਦੂਰਾਂ ਬਰਾਬਰ ਤਨਖ਼ਾਹ, ਹਫ਼ਤਾਵਾਰੀ, ਸਰਕਾਰੀ, ਤਿਉਹਾਰ, ਬਿਮਾਰੀ ਆਦਿ ਤਨਖ਼ਾਹ ਸਮੇਤ ਛੁੱਟੀਆਂ ਤੇ ਸਾਰੇ ਕਾਨੂੰਨੀ ਕਿਰਤ ਹੱਕ ਲਾਗੂ ਕੀਤੇ ਜਾਣ, ਮਜ਼ਦੂਰ ਵਿਰੋਧੀ ਚਾਰ ਨਵੇਂ ਕਿਰਤ ਕੋਡ ਰੱਦ ਕੀਤੇ ਜਾਣ, ਲੱਕ ਤੋੜ ਮਹਿੰਗਾਈ ਨੂੰ ਨੱਥ ਪਾਈ ਜਾਵੇ।ਦੇਸ਼ ਵਿੱਚ ਵੱਖ-ਵੱਖ ਥਾਵਾਂ ਉੱਤੇ ਜਾਰੀ ਮਜ਼ਦੂਰਾਂ ਦੀਆਂ ਹੜਤਾਲਾਂ ਦੀ ਹਮਾਇਤ ਕਰਦਿਆਂ ਮੰਗ ਕੀਤੀ ਹੈ ਕਿ ਸਰਕਾਰਾਂ ਮਜ਼ਦੂਰ ਸੰਘਰਸ਼ ਨੂੰ ਜਬਰ ਰਾਹੀਂ ਦਬਾਉਣ ਦੀਆਂ ਕੋਝੀਆਂ ਸਾਜ਼ਿਸ਼ਾਂ ਬੰਦ ਕਰਨ, ਗ੍ਰਿਫ਼ਤਾਰ ਮਜ਼ਦੂਰਾਂ, ਮਜ਼ਦੂਰ ਆਗੂਆਂ, ਸਮਾਜਕ ਕਾਰਕੁੰਨਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਵੀ ਕੀਤੀ।ਪੰਜਾਬ ਸਮੇਤ ਦੇਸ਼ ਭਰ ਵਿੱਚ ਸੰਘਰਸ਼ਸ਼ੀਲ ਮਜ਼ਦੂਰ-ਮੁਲਾਜ਼ਮਾਂ 'ਤੇ ਲਗਾਤਾਰ ਵਧ ਰਹੇ ਹਕੂਮਤੀ ਜਬਰ ਦਾ ਤਿੱਖਾ ਵਿਰੋਧ ਕੀਤਾ।ਰੋਸ ਮੁਜ਼ਾਹਰੇ ਨੂੰ ਕਾਰਖਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ, ਟੈਕਸਟਾਇਲ ਹੌਜਰੀ ਕਾਮਗਾਰ ਯੂਨੀਅਨ ਦੇ ਪ੍ਰਧਾਨ ਜਗਦੀਸ਼ ਸਿੰਘ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ, ਨੌਜਵਾਨ ਭਾਰਤ ਸਭਾ ਦੀ ਸੂਬਾ ਆਗੂ ਰਵਿੰਦਰ ਕੌਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲਾ ਸਕੱਤਰ ਸੁਦਾਗਰ ਸਿੰਘ ਘੁਡਾਨੀ, ਪੰਜਾਬ ਲੋਕ ਸੱਭਿਆਚਾਰਕ ਮੰਚ ਤੋਂ ਕਸਤੂਰੀ ਲਾਲ ਜੀ, ਸੰਘਰਸ਼ੀਲ ਮਜਦੂਰ ਮੋਰਚਾ ਤੋਂ ਆਰਜੂ ਖਾਨ, ਮਜ਼ਦੂਰ ਯੂਨੀਅਨ ਖੰਨਾ ਸਮਰਾਲਾ ਤੋਂ ਮਲਕੀਤ ਸਿੰਘ, ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਤੋਂ ਹਰਪ੍ਰੀਤ ਕੌਰ ਨੇ ਸੰਬੋਧਨ ਕੀਤਾ।ਆਗੂਆਂ ਨੇ ਕਿਹਾ ਕਿ ਜੇ ਸਰਕਾਰ ਨੇ ਆਪਣਾ ਲੋਕ ਦੋਖੀ ਰਵੱਈਆ ਇਸੇ ਤਰ੍ਹਾਂ ਬਣਾਈ ਰੱਖਿਆ ਤਾਂ ਮਜ਼ਦੂਰ ਹੋਰ ਮਜ਼ਬੂਤੀ ਨਾਲ ਇੱਕਮੁੱਠ ਹੋ ਕੇ ਵੱਡੇ ਸੰਘਰਸ਼ਾਂ ਦੇ ਰਾਹ ਪੈਣਗੇ, ਜਿਸ ਦੇ ਜ਼ਿੰਮੇਵਾਰ ਸਰਮਾਏਦਾਰ ਜਮਾਤ ਤੇ ਸਰਕਾਰਾਂ ਹੋਣਗੇ।

## ਸਿੱਖਿਆਰਥੀ ਲਾਈਨਮੈਨਾਂ 'ਤੇ ਲਾਠੀਚਾਰਜ ਵਿਰੁੱਧ ਪ੍ਰਦਰਸ਼ਨ

**ਰਾਏਕੋਟ (ਸੰਤੋਖ ਗਿੱਲ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਸੱਦੇ 'ਤੇ ਬੁਢੇਲ ਚੌਕ (ਭੋਰਾ ਸਾਹਿਬ) ਨੇੜੇ ਕਿਸਾਨ, ਮਜ਼ਦੂਰ ਕਾਰਕੁਨਾਂ ਵੱਲੋਂ ਰੈਲੀ ਤੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖ਼ਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਥੇਦਾਰ ਗੁਰਮੇਲ ਸਿੰਘ ਢੱਟ ਨੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਵਰਕਾਮ ਤੋਂ ਸਿਖਲਾਈ ਪ੍ਰਾਪਤ 2600 ਦੇ ਕਰੀਬ ਬੇਰੁਜ਼ਗਾਰ ਨੌਜਵਾਨ ਰੈਗੂਲਰ ਰੁਜ਼ਗਾਰ ਦੀ ਮੰਗ ਲਈ ਪਾਵਰਕਾਮ ਮੁੱਖ ਦਫ਼ਤਰ ਪਟਿਆਲਾ ਸਾਹਮਣੇ ਪੁਰਅਮਨ ਢੰਗ ਨਾਲ ਪੰਜਾਬ ਦੀ ਤਾਨਾਸ਼ਾਹ ਭਗਵੰਤ ਮਾਨ ਸਰਕਾਰ ਤੋਂ ਇਨਸਾਫ਼ ਦੀ ਮੰਗ ਕਰ ਰਹੇ ਸਨ।ਉਨ੍ਹਾਂ ਦੋਸ਼ ਲਾਇਆ ਕਿ ਖ਼ਿਲਾਫ਼ ਸਰਕਾਰੀ ਹੁਕਮਾਂ 'ਤੇ ਜ਼ਾਲਮ ਪੁਲਸ ਅਧਿਕਾਰੀਆਂ ਨੇ ਵਹਿਸ਼ੀਆਨਾ ਲਾਠੀਚਾਰਜ ਕਰ ਕੇ ਦਰਜਨਾਂ ਨੌਜਵਾਨਾਂ ਨੂੰ ਲਹੂ-ਲੁਹਾਨ ਕਰ ਦਿੱਤਾ।ਆਗੂਆਂ ਨੇ ਵਹਿਸ਼ੀ ਪੁਲਸ ਅਧਿਕਾਰੀਆਂ ਖ਼ਿਲਾਫ਼ ਕੇਸ ਦਰਜ ਕਰਕੇ ਢੁੱਕਵੀਆਂ ਸਜ਼ਾਵਾਂ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸੰਵਿਧਾਨ, ਜਮਹੂਰੀ ਹੱਕਾਂ ਤੇ ਸ਼ਹਿਰੀ ਆਜ਼ਾਦੀਆਂ ਨਾਂ ਦੀ ਕੋਈ ਚੀਜ਼ ਬਾਕੀ ਨਹੀਂ ਰਹੀ ਹੈ।ਜ਼ੋਰਦਾਰ ਨਾਅਰੇਬਾਜ਼ੀ ਦੌਰਾਨ ਆਗੂਆਂ ਨੇ ਹੱਕੀ ਮੰਗਾਂ ਲਈ ਸੰਘਰਸ਼ਸ਼ੀਲ ਨੌਜਵਾਨਾਂ ਦੀ ਹਮਾਇਤ ਦਾ ਐਲਾਨ ਕੀਤਾ।



## ਭਗੌੜਾ ਅਪਰਾਧੀ ਕਾਬੂ, 4 ਨਜਾਇਜ਼ ਪਿਸਤੌਲ ਤੇ ਕਾਰ ਬਰਾਮਦ



**ਸੰਗਰੂਰ (ਪ੍ਰਵੀਨ ਸਿੰਘ)**

ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ (ਆਈ.ਪੀ.ਐੱਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਸੁਨਾਮ ਦੇ ਖੇਤਰ ਵਿੱਚੋਂ ਇਕ ਅਪਰਾਧੀ ਨੂੰ ਕਾਬੂ ਕਰਕੇ ਉਸ ਪਾਸੋਂ 4 ਨਜਾਇਜ਼ ਪਿਸਤੌਲ 32 ਬੋਰ, 3 ਮੈਗਜ਼ੀਨ ਤੇ 8 ਜਿੰਦਾ ਰੌਂਦ 32 ਬੋਰ ਸਮੇਤ ਕਾਰ ਡਿਜਾਇਰ ਕਾਰ ਨੰਬਰ ਐੱਚ ਆਰ-14 ਐੱਮ-4194 ਬ੍ਰਾਮਦ ਕਰਵਾਏ ਗਏ।ਡਾ. ਰਵਜੋਤ ਗਰੇਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁਲਜ਼ਮ ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਜਗਤਪੁਰਾ ਬਸਤੀ ਸੁਨਾਮ, ਮੁਕੱਦਮਾ ਨੰਬਰ 261 ਮਿਤੀ 08.12.2025 ਅ/ਧ 109, 115(2), 333, 324(4), 351(3), 3(5) ਬੀ ਐੱਨ ਐੱਸ ਥਾਣਾ ਸਿਟੀ ਸੁਨਾਮ ਵਿੱਚ ਕਰੀਬ 06 ਮਹੀਨੇ ਤੋਂ ਭਗੌੜਾ ਚੱਲਿਆ ਆ ਰਿਹਾ ਸੀ ਅਤੇ ਇਸ ਖਿਲਾਫ ਵੱਖ-ਵੱਖ ਸੰਗੀਨ ਜੁਰਮਾਂ ਤਹਿਤ ਕਰੀਬ 10 ਮੁਕੱਦਮੇ ਦਰਜ ਰਜਿਸਟਰ ਹਨ।ਕਪਤਾਨ ਪੁਲਸ (ਇਨਵੈਸਟੀਗੇਸ਼ਨ) ਸੰਗਰੂਰ ਦਵਿੰਦਰ ਅੱਤਰੀ ਦੀ ਯੋਗ ਅਗਵਾਈ ਹੇਠ ਉੱਪ ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਸੰਗਰੂਰ ਹਰਸਿਮਰਨ ਸਿੰਘ ਦੀ ਨਿਗਰਾਨੀ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ. ਸੰਗਰੂਰ ਦੀ ਟੀਮ ਨੇ 5 ਮਈ 2026 ਨੂੰ ਮੁਖਬਰ ਖਾਸ ਦੀ ਇਤਲਾਹ 'ਤੇ ਮਨਪ੍ਰੀਤ ਸਿੰਘ ਉਰਫ ਮਨੀ ਉਕਤ ਨੂੰ ਕਾਬੂ ਕਰਕੇ ਉਸ ਪਾਸੋਂ 4 ਨਜਾਇਜ਼ ਪਿਸਤੌਲ 32 ਬੋਰ, 3 ਮੈਗਜ਼ੀਨ ਤੇ 8 ਜਿੰਦਾ ਰੌਂਦ 32 ਬੋਰ ਸਮੇਤ ਕਾਰ ਡਿਜਾਇਰ ਕਾਰ ਨੰਬਰ ਐਚ.ਆਰ-14ਐਮ-4194 ਬਰਾਮਦ ਕਰਵਾਏ ਗਏ।ਮੁਲਜ਼ਮ ਦੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਉਸ ਨੇ ਇਸ ਅਸਲੇ ਨਾਲ ਲਖਵਿੰਦਰ ਸਿੰਘ ਉਰਫ ਲੱਖੀ ਉਰਫ ਪੱਥਰ ਵਾਸੀ ਪਰਮਾਨੰਦ ਬਸਤੀ ਸੁਨਾਮ ਦਾ ਕਤਲ ਕਰਨਾ ਸੀ, ਇਸ ਤਰ੍ਹਾਂ ਦੋਸ਼ੀ ਮਨਪ੍ਰੀਤ ਸਿੰਘ ਉਰਫ ਮਨੀ ਨੂੰ ਗ੍ਰਿਫਤਾਰ ਕਰਕੇ ਅਣਸੁਖਾਂਵੀ ਘਟਨਾ ਵਾਪਰਨ ਤੋਂ ਰੋਕਿਆ ਗਿਆ ਹੈ। ਦੋਸ਼ੀ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾਵੇਗੀ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## 'ਸਾਮਰਾਜੀ ਜੰਗਾਂ ਤੇ ਭਾਰਤ ਦੀ ਭੂਮਿਕਾ' ਵਿਸ਼ੇ 'ਤੇ ਪ੍ਰਭਾਵਸ਼ਾਲੀ ਸੈਮੀਨਾਰ



**ਬਠਿੰਡਾ (ਬਖਤੌਰ ਢਿੱਲੋਂ)**-'ਸਾਮਰਾਜੀ ਜੰਗਾਂ ਤੇ ਭਾਰਤ ਦੀ ਭੂਮਿਕਾ' ਵਿਸ਼ੇ ਉੱਪਰ ਟੀਚਰਜ਼ ਹੋਮ ਟਰੱਸਟ ਬਠਿੰਡਾ ਵੱਲੋਂ ਹੋਰ ਜਨਤਕ ਜਥੇਬੰਦੀਆਂ ਤੇ ਸਾਹਿਤ ਸਭਾਵਾਂ ਦੇ ਸਹਿਯੋਗ ਨਾਲ ਇੱਕ ਸੈਮੀਨਾਰ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਡਾ: ਸੁਖਦੇਵ ਸਿੰਘ ਸਿਰਸਾ ਨੇ ਕੀਤੀ ਤੇ ਮੁੱਖ ਬੁਲਾਰੇ ਡਾ: ਕੁਲਦੀਪ ਸਿੰਘ ਦੀਪ ਸਨ। ਪ੍ਰਧਾਨਗੀ ਮੰਡਲ ਵਿੱਚ ਉਨ੍ਹਾਂ ਸਮੇਤ ਸ੍ਰੀ ਬੀਰਬਲ ਦਾਸ, ਰਘਵੀਰ ਚੰਦ ਸਰਮਾ ਵੀ ਸ਼ਾਮਲ ਸਨ। ਸੈਮੀਨਾਰ ਦੀ ਮਹੱਤਤਾ ਇਸ ਕਰਕੇ ਵਧੇਰੇ ਬਣਦੀ ਹੈ ਕਿ ਇਹ ਉਦੋਂ ਕਰਵਾਇਆ ਗਿਆ ਜਦੋਂ ਆਲਮੀ ਪੱਧਰ ਤੇ ਰੂਸ ਤੇ ਯੂਕਰੇਨ ਦੀ ਲੰਮੇ ਸਮੇਂ ਤੋਂ ਜੰਗ ਚਲਦੀ ਆ ਰਹੀ ਹੈ, ਫਲਸਤੀਨ ਤੇ ਇਜ਼ਰਾਈਲ ਦੀ ਜੰਗ ਹਮੇਸ਼ਾਂ ਚਲਦੀ ਰਹਿੰਦੀ ਹੈ। ਇਸ ਤੋਂ ਇਲਾਵਾ ਈਰਾਨ, ਅਮਰੀਕਾ ਤੇ ਇਜ਼ਰਾਈਲ ਦੀ ਜੰਗ ਭਾਵੇਂ ਘੱਟ ਚੱਲੀ, ਪਰ ਇਸ ਨੇ ਸਾਰੀ ਦੁਨੀਆ ਨੂੰ ਪ੍ਰਭਾਵਿਤ ਕੀਤਾ ਹੈ।

ਸਮਾਗਮ ਦੀ ਸ਼ੁਰੂਆਤ ਕਰਦਿਆਂ ਸ੍ਰੀ ਰਘਵੀਰ ਸ਼ਰਮਾ ਨੇ ਪਹੁੰਚੇ ਮਹਿਮਾਨਾਂ ਤੇ ਸਰੋਤਿਆਂ ਨੂੰ ਜੀ ਆਇਆਂ ਕਿਹਾ। ਇਸ ਉਪਰੰਤ ਡਾ: ਕੁਲਦੀਪ ਸਿੰਘ ਦੀਪ ਨੇ ਜੰਗਾਂ ਦੇ ਇਤਿਹਾਸ ਸੰਬੰਧੀ ਪੂਰੇ ਤੱਥਾਂ ਸਮੇਤ ਪ੍ਰੋਜੈਕਟਰ ਦੀ ਮਦਦ ਨਾਲ ਕਰੀਬ ਸਵਾ ਘੰਟਾ ਗੰਭੀਰ ਸਰੋਤਿਆਂ ਨੂੰ ਆਪਣੇ ਨਾਲ ਜੋੜ ਕੇ ਰੱਖਿਆ। ਉਨ੍ਹਾਂ ਈਸਵੀ ਪੂਰਵ ਦੀਆਂ ਜੰਗਾਂ ਤੋਂ ਲੈ ਕੇ ਵੀਹਵੀਂ ਸਦੀ ਤੱਕ ਦੀਆਂ ਜੰਗਾਂ ਦੀ ਭਿਆਨਕਤਾ ਤੇ ਕਰੂਰਤਾ ਨੂੰ ਸਰੋਤਿਆਂ ਦੇ ਰੂਬਰੂ ਕੀਤਾ। ਉਨ੍ਹਾਂ ਕਿਹਾ ਕਿ ਜੰਗਾਂ ਸਾਡੀਆਂ ਸੜਕਾਂ, ਸਾਡੇ ਘਰਾਂ ਤੱਕ ਪਹੁੰਚ ਜਾਂਦੀਆਂ ਹਨ, ਰੁਜ਼ਗਾਰ ਖੋਹਦੀਆਂ ਹਨ ਤੇ ਵਾਤਵਰਣ ਤੇ ਸਿਹਤ ਸਹੂਲਤਾਂ ਵਿੱਚ ਵਿਗਾੜ ਪੈਦਾ ਕਰਦੀਆਂ ਹਨ। ਸਾਮਰਾਜੀ ਧਿਰਾਂ ਮਾਰੂ ਹਥਿਆਰ ਤੇ ਬਰੂਦ ਵੇਚਦੀਆਂ ਹਨ।

ਉਨ੍ਹਾਂ ਪ੍ਰੋਜੈਕਟਰ ਰਾਹੀਂ ਜੰਗ ਨਾਲ ਤਬਾਹ ਹੋਏ ਵੀਅਤਨਾਮ ਦੇ ਇੱਕ ਪਿੰਡ ਦੀ ਤਸਵੀਰ ਵੀ ਸਾਂਝੀ ਕੀਤੀ, ਜਿੱਥੇ ਬੰਬਾਂ ਦੀ ਕਰੂਰਤਾ ਸਾਫ਼ ਵਿਖਾਈ ਦਿੰਦੀ ਹੈ। ਡਾ: ਦੀਪ ਨੇ ਦੱਸਿਆ ਕਿ ਸਪੇਨ ਵਿੱਚ ਕਰੀਬ 235 ਸੰਸਾਰ ਪ੍ਰਸਿੱਧੀ ਵਾਲੇ ਲੇਖਕਾਂ ਨੇ ਵੀ ਇਕੱਠੇ ਹੋ ਕੇ ਮਨੁੱਖਤਾ ਨੂੰ ਬਚਾਉਣ ਦਾ ਹੋਕਾ ਦਿੱਤਾ ਸੀ, ਜਿਨ੍ਹਾਂ ਵਿੱਚ ਲੋਰਕਾ ਤੇ ਪਾਬਲੋ ਨੇਰੂਦਾ ਵਰਗੇ ਲੇਖਕ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਸੰਸਾਰ ਪੱਧਰ ਤੇ ਜੰਗਾਂ ਖਿਲਾਫ਼ ਅਮਨ ਲਹਿਰ ਖੜੀ ਕਰਨ ਲਈ ਯਤਨ ਅਰੰਭੇ ਗਏ ਸਨ। ਇਸ ਤੋਂ ਬਾਅਦ ਪੰਜਾਬੀ ਦੇ ਨਾਵਲਕਾਰ ਜਸਪਾਲ ਮਾਨਖੇੜਾ ਨੇ ਸੰਬੋਧਨ ਕਰਦਿਆਂ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਦੇ ਨਾਂ ਸਰੋਤਿਆਂ ਨਾਲ ਸਾਂਝੇ ਕੀਤੇ ਤੇ ਇਸ ਯਤਨ ਨੂੰ ਅੱਗੇ ਵਧਾਉਣ ਲਈ ਅਪੀਲ ਕੀਤੀ। ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਉੱਘੇ ਚਿੰਤਕ ਡਾ: ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਸਾਮਰਾਜੀ ਜੰਗਾਂ ਜਿੱਥੇ ਮਨੁੱਖਤਾ ਦੀ ਹੋਂਦ ਲਈ ਖ਼ਤਰਾ ਬਣੀਆਂ ਹੋਈਆਂ ਹਨ, ਉੱਥੇ ਇਸ ਗ੍ਰਹਿ 'ਤੇ ਜ਼ਹਿਰਾਂ ਦਾ ਛਿੜਕਾਅ ਵੀ ਕਰ ਰਹੀਆਂ ਹਨ ਤੇ ਹਵਾ ਰਾਹੀਂ ਵੀ ਮੌਤ ਪਰੋਸ ਰਹੀਆਂ ਹਨ। ਪੁਰਾਣੇ ਸਮਿਆਂ ਵਿੱਚ ਜੰਗ ਦੇ ਕੁੱਝ ਅਸੂਲ ਹੁੰਦੇ ਸਨ, ਸੂਰਜ ਛਿਪਣ ਤੋਂ ਬਾਅਦ ਹਮਲਾ ਨਹੀਂ ਸਨ ਕਰਦੇ, ਬੱਚਿਆਂ ਤੇ ਔਰਤਾਂ ਉੱਪਰ ਹਮਲਾ ਕਰਨ ਦੀ ਮਨਾਹੀ ਸੀ। ਉਨ੍ਹਾਂ ਕਿਹਾ ਕਿ ਜੰਗਾਂ ਦਾ ਇਤਿਹਾਸ ਮਨੁੱਖ ਦੀ ਬੌਧਿਕ ਕੰਗਾਲੀ ਨਾਲ ਜੁੜਿਆ ਹੋਇਆ ਹੈ। ਜੰਗ ਦਾ ਰੁਝਾਨ ਮਨੁੱਖ ਦੀ ਲੋੜ ਵਿੱਚੋਂ ਪੈਦਾ ਹੋਇਆ ਹੈ ਤੇ ਦਮਨ ਦੇ ਵਿਰੁੱਧ ਲੜਨ ਦੀ ਚੇਤਨਾ ਵੀ ਦਿੰਦਾ ਹੈ। ਟੈਕਨਾਲੋਜੀ ਨਾਲ ਇਸ ਦੀ ਮਹੱਤਤਾ ਵਧੀ ਹੈ ਤੇ ਜੰਗ ਨੇ ਮਨੁੱਖ ਨੂੰ ਤਰਕਸ਼ੀਲ ਵੀ ਬਣਾਇਆ ਹੈ। ਅਖ਼ੀਰ 'ਚ ਉਨ੍ਹਾਂ ਸਾਰੇ ਸੁਹਿਰਦ ਤੇ ਪ੍ਰਗਤੀਸ਼ੀਲ ਲੋਕਾਂ ਨੂੰ ਜੰਗਾਂ ਵਿਰੁੱਧ ਲਾਮਬੰਦ ਹੋਣ ਦਾ ਸੱਦਾ ਦਿੱਤਾ। ਸੈਮੀਨਾਰ ਨੂੰ ਦਿਲਚਸਪ ਤੇ ਖਿੱਚ ਭਰਪੂਰ ਬਣਾਉਣ ਲਈ ਨੌਜਵਾਨ ਗਾਇਕ ਗੁਲਜਾਰ ਖਾਂ ਹਰਮੀਤ, ਜਗਸੀਰ ਜੀਦਾ ਤੇ ਅਜਮੇਰ ਅਕਲੀਆ ਨੇ ਇਨਕਲਾਬੀ ਗੀਤਾਂ ਰਾਹੀਂ ਖੂਬ ਰੰਗ ਬੰਨ੍ਹਿਆ। ਜਨਤਕ ਜਥੇਬੰਦੀਆਂ ਤੇ ਟਰੱਸਟ ਦੇ ਨੁਮਾਇੰਦਿਆਂ ਵੱਲੋਂ ਡਾ: ਸਿਰਸਾ ਤੇ ਡਾ: ਦੀਪ ਦਾ ਸਨਮਾਨ ਕੀਤਾ ਗਿਆ। ਟਰੱਸਟ ਦੇ ਚੇਅਰਮੈਨ ਸ੍ਰੀ ਬੀਰਬਲ ਦਾਸ ਨੇ ਸਭਨਾ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਸ੍ਰੀ ਲਛਮਣ ਮਲੂਕਾ ਨੇ ਬਾਖੂਬੀ ਨਿਭਾਈ।

## ਨਦੀਆਂ, ਨਾਲਿਆਂ ਦੀ ਸਫ਼ਾਈ ਨਾ ਹੋਣ ਕਾਰਨ ਪਟਿਆਲ਼ਾ ਜ਼ਿਲ੍ਹੇ 'ਚ ਖ਼ਤਰੇ ਦੀ ਘੰਟੀ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਲਗਭਗ ਮਾਨਸੂਨ ਸਿਰ 'ਤੇ ਆ ਚੁਕਿਆ ਹੈ, ਪਰ ਪਟਿਆਲਾ ਸ਼ਹਿਰ ਤੇ ਜ਼ਿਲ੍ਹੇ ਨੂੰ ਡੋਬਦੀਆਂ ਨਦੀਆਂ, ਜਿਨ੍ਹਾਂ 'ਚ ਘੱਗਰ, ਪਟਿਆਲਾ ਨਦੀ, ਛੋਟੀ ਨਦੀ, ਮਾਰਕੰਡਾ, ਟਾਂਗਰੀ ਆਦਿ ਦੀ ਅਜੇ ਤੱਕ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਸਫਾਈ ਤੱਕ ਸ਼ੁਰੂ ਨਹੀਂ ਕਰਵਾਈ, ਜਿਸ ਕਾਰਨ ਮੁੜ ਪਟਿਆਲਾ ਡੁੱਬ ਸਕਦਾ ਹੈ ਤੇ ਹਾਹਾਕਾਰ ਮਚ ਸਕਦੀ ਹੈ, ਜਦਕਿ ਡੀ. ਸੀ. ਪਟਿਆਲਾ ਗਹਿਰੀ ਨੀਂਦ ਵਿੱਚ ਏ ਸੀ ਦਫਤਰ ਦਾ ਆਨੰਦ ਮਾਣ ਰਹੇ ਹਨ।ਅੱਜ ਤੱਕ ਕਿਸੇ ਵੀ ਅਧਿਕਾਰੀ ਨੇ ਇਨ੍ਹਾਂ ਦਰਿਆਵਾਂ ਦਾ ਮੁਆਇਨਾ ਨਹੀਂ ਕੀਤਾ।ਦਰਿਆਵਾਂ ਨੂੰ ਜਾ ਕੇ ਨਹੀਂ ਦੇਖਿਆ। ਪਟਿਆਲਾ ਨਦੀ, ਛੋਟੀ ਨਦੀ, ਮਾਰਕੰਡਾ, ਟਾਂਗਰੀ ਦੀ ਸਫਾਈ ਵੱਲ ਕਿਸੇ ਦਾ ਕੋਈ ਧਿਆਨ ਨਹੀਂ ਗਿਆ, ਕਿਉਂਕਿ ਇਹ ਹਮੇਸ਼ਾ ਹੁੰਦਾ ਹੈ ਕਿ ਪਹਿਲਾਂ ਪਟਿਆਲਾ ਡੁੱਬਦਾ ਹੈ, ਫਿਰ ਕਰੋੜਾਂ ਰੁਪਏ ਦੇ ਫੰਡ ਬਚਾਅ ਕਾਰਜਾਂ ਲਈ ਆਉਂਦੇ ਹਨ, ਜਿਸ 'ਚੋਂ ਅੱਧੇ ਤੋਂ ਵਧ ਰਾਜਸੀ ਲੋਕਾਂ ਤੇ ਅਧਿਕਾਰੀਆਂ ਦੀਆਂ ਜੇਬਾਂ 'ਚ ਚਲੇ ਜਾਂਦੇ ਹਨ।ਇਸ ਤਰ੍ਹਾਂ ਲੱਗਦਾ ਹੈ ਕਿ ਪਟਿਆਲਾ ਨੂੰ ਇਕ ਸਾਜ਼ਿਸ਼ ਤਹਿਤ ਹੀ ਡੋਬਿਆ ਜਾਂਦਾ ਹੈ, ਕਿਉਂਕਿ ਇਹ ਕਰੋੜਾਂ ਅਰਬਾਂ ਰੁਪਏ ਦੀ ਗੇਮ ਹੈ।

ਸਾਲ 2023 ਵਿੱਚ ਸਿਰਫ 3 ਸਾਲ ਪਹਿਲਾਂ ਪਟਿਆਲਾ ਅੰਦਰ ਹੜ੍ਹ ਆਇਆ ਸੀ।ਪਟਿਆਲਾ ਨਦੀ, ਟਾਂਗਰੀ, ਮਾਰਕੰਡਾ, ਘੱਗਰ, ਛੋਟੀ ਨਦੀ ਸਮੇਤ ਹਰ ਨਦੀ ਨਾਲੇ ਨੇ ਤਬਾਹੀ ਮਚਾਈ ਸੀ।ਤਬਾਹੀ ਦਾ ਮੰਜਰ ਇਨਾ ਕੁ ਡਰਾਉਣਾ ਸੀ ਕਿ ਸ਼ਹਿਰ ਪਟਿਆਲਾ ਦੇ ਅਰਬਨ ਅਸਟੇਟ ਵਰਗੇ ਵੀ. ਵੀ. ਆਈ. ਪੀ. ਏਰੀਆ ਵੀ ਡੁੱਬ ਗਏ ਸਨ।ਇਨ੍ਹਾਂ ਨੂੰ ਪਟਿਆਲਾ ਨਦੀ, ਛੋਟੀ ਨਦੀ ਡੁਬਾਉਂਦੀ ਹੈ।ਤਿੰਨ ਸਾਲ ਬੀਤਣ ਤੋਂ ਬਾਅਦ ਵੀ ਮੌਜੂਦਾ ਸਰਕਾਰ ਦੇ ਕਿਸੇ ਅਧਿਕਾਰੀ ਦਾ ਇਸ ਦੀ ਸਫਾਈ ਵੱਲ, ਕੰਢਿਆਂ ਦੀ ਮਜ਼ਬੂਤੀ ਲਈ ਕੋਈ ਵੀ ਧਿਆਨ ਨਹੀਂ ਗਿਆ।ਅਧਿਕਾਰੀ ਤੇ ਰਾਜਸੀ ਲੋਕ ਗੱਲਾਂ ਦਾ ਕੜਾਹ ਪਕਾ ਰਹੇ ਹਨ, ਜਦੋਂ ਕਿ ਗਰਾਊਂਡ ਵਿੱਚ ਰਿਪੋਰਟ ਜ਼ੀਰੋ ਹੈ।ਘੱਗਰ ਦੇ ਹਾਲਾਤ ਬਦ ਤੋਂ ਬਦਤਰ ਹਨ।ਟਾਂਗਰੀ, ਮਾਰਕੰਡਾ ਦਾ ਮਾੜਾ ਹਾਲ ਹੈ।ਤਿੰਨ ਸਾਲ ਪਹਿਲਾਂ ਹਲਕਾ ਸਨੌਰ, ਘਨੌਰ, ਰਾਜਪੁਰਾ, ਸਮਾਣਾ ਤੇ ਪਾਤੜਾਂ ਦੇ ਪਿੰਡਾਂ ਦੇ ਪਿੰਡ ਡੁੱਬ ਗਏ ਸਨ।ਲੱਖਾਂ ਕਰੋੜਾਂ ਰੁਪਏ ਦਾ ਲੋਕਾਂ ਦਾ ਨੁਕਸਾਨ ਹੋਇਆ ਸੀ। ਉਦੋਂ ਵੀ ਵੱਡੀਆਂ-ਵੱਡੀਆਂ ਡੀਂਗਾਂ ਮੌਜੂਦਾ ਸਰਕਾਰ ਦੇ ਅਧਿਕਾਰੀਆਂ ਨੇ ਮਾਰੀਆਂ ਸੀ ਕਿ ਆਉਣ ਵਾਲੇ ਸਮੇਂ ਅੰਦਰ ਸਭ ਕੁਝ ਸਹੀ ਹੋ ਜਾਵੇਗਾ, ਪਰ ਅਜਿਹਾ ਕੁਝ ਨਹੀਂ ਹੋਇਆ।ਇਸ ਸਮੇਂ ਹਾਲਾਤ ਹਾਲੋ-ਬੇਹਾਲ ਹਨ, ਜੇਕਰ ਮਾਨਸੂਨ ਜ਼ੋਰਾਂ ਨਾਲ ਪੈ ਗਈ ਤਾਂ ਪਟਿਆਲਾ ਨੂੰ ਡੁੱਬਣ ਤੋਂ ਕੋਈ ਨਹੀਂ ਰੋਕ ਸਕਦਾ। ਪਟਿਆਲਾ ਨੂੰ ਡੁਬਾਉਣ ਲਈ ਸਿੱਧੇ ਤੌਰ 'ਤੇ ਜ਼ਿਲ੍ਹਾ ਪ੍ਰਸ਼ਾਸਨ ਖਾਸ ਕਰ ਕੇ ਜ਼ਿਲ੍ਹਾ ਪ੍ਰਸ਼ਾਸਨ ਦੇ ਮੁਖੀ ਡੀ. ਸੀ. ਪਟਿਆਲਾ ਜ਼ਿੰਮੇਵਾਰ ਹੋਣਗੇ।

3 ਸਾਲ ਪਹਿਲਾਂ ਜਦੋਂ ਪਟਿਆਲਾ 'ਚ ਹੜ੍ਹ ਆਏ ਤਾਂ ਉਸ ਸਮੇਂ ਜ਼ਿਲ੍ਹਾ ਪ੍ਰਸ਼ਾਸਨ ਦੇ ਹੱਥ ਖੜ੍ਹੇ ਹੋ ਗਏ ਸਨ।ਆਖਰ ਲੋਕਾਂ ਨੂੰ ਡੁਬਦਿਆਂ ਦੇਖ ਕੇ ਮਿਲਟਰੀ ਨੇ ਆ ਕੇ ਮੋਰਚਾ ਸੰਭਾਲਿਆ ਸੀ।ਇਸ ਲਈ ਇਥੇ ਬੇਹੱਦ ਜ਼ਰੂਰੀ ਹੈ ਕਿ ਨਦੀਆਂ, ਨਾਲਿਆਂ ਦੀ ਸਫਾਈ ਸਹੀ ਢੰਗ ਨਾਲ ਕਰਵਾਈ ਜਾਵੇ ਤੇ ਉਨ੍ਹਾਂ ਦੇ ਕਿਨਾਰਿਆਂ ਨੂੰ ਪੱਕਾ ਕੀਤਾ ਜਾਵੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਬਾਗੀ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ, ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਹਲਕਾ ਸਨੌਰ ਦੇ ਕਾਂਗਰਸ ਆਗੂ ਬਲਿਹਾਰ ਸਿੰਘ, ਹਲਕਾ ਸਨੌਰ ਤੋਂ ਬੀਜੇਪੀ ਦੇ ਸੀਨੀਅਰ ਆਗੂ ਸਤਪਾਲ ਪੂਨੀਆਂ, ਸੀਨੀਅਰ ਕਾਂਗਰਸੀ ਨੇਤਾ ਗੌਰਵ ਸੰਧੂ ਯੋਗੀ, ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਪਟਿਆਲਾ ਕਈ ਵਾਰ ਸਰਕਾਰਾਂ ਦੀ ਲਾਪ੍ਰਵਾਹੀ ਕਾਰਨ ਡੁੱਬ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨਾ ਜਾਗੀ ਤੇ ਮਾਨਸੂਨ ਜ਼ਿਆਦਾ ਜ਼ੋਰ ਨਾਲ ਪੈ ਗਈ ਤਾਂ ਪਟਿਆਲਾ ਦਾ ਹਾਲ ਪਿਛਲੇ 3 ਸਾਲ ਵਰਗਾ ਹੀ ਹੋ ਜਾਵੇਗਾ।ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਨੂੰ ਤੁਰੰਤ ਜਾਗ ਕੇ ਨਦੀਆਂ ਨਾਲਿਆਂ ਦੀ ਸਫਾਈ ਕਰਵਾਉਣੀ ਚਾਹੀਦੀ ਹੈ।

## ਐੱਲ ਪੀ ਯੂ ਦੇ ਵਿਦਿਆਰਥੀਆਂ ਨੇ 20 ਕਰੋੜ ਕਮਾਏ ਤੇ 400 ਤੋਂ ਵੱਧ ਸਟਾਰਟਅੱਪ ਲਾਂਚ ਕੀਤੇ

**ਜਲੰਧਰ (ਸ਼ੈਲੀ ਐਲਬਰਟ)**- ਅਜਿਹੇ ਸਮੇਂ ਜਦੋਂ ਉੱਚ ਸਿੱਖਿਆ ਵਿੱਚ ਰੁਜ਼ਗਾਰ ਯੋਗਤਾ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਦਿਆਰਥੀਆਂ




ਦੇ ਭਵਿੱਖ ਲਈ ਤਿਆਰ ਕਰਨ ਦੇ ਤਰੀਕੇ ਨੂੰ ਮੁੜ ਪਰਿਭਾਸ਼ਿਤ ਕਰ ਰਹੀ ਹੈ। ਯੂਨੀਵਰਸਿਟੀ ਦੀ 'ਐਡੂ ਰੈਵੋਲਿਊਸ਼ਨ' ਪਹਿਲਕਦਮੀ ਨੇ ਵਿਦਿਆਰਥੀਆਂ ਨੂੰ ਸਟਾਰਟਅੱਪ, ਉੱਦਮਤਾ, ਫ੍ਰੀਲਾਂਸਿੰਗ, ਇੰਟਰਨਸ਼ਿਪ, ਨਵੀਨਤਾ ਅਤੇ ਉਦਯੋਗ ਨਾਲ ਸਹਿਯੋਗ ਰਾਹੀਂ 20 ਕਰੋੜ ਤੋਂ ਵੱਧ ਕਮਾਉਣ ਵਿੱਚ ਮਦਦ ਕੀਤੀ ਹੈ। ਇਸ ਪਹਿਲਕਦਮੀ ਨੇ 400 ਤੋਂ ਵੱਧ ਸਟਾਰਟਅੱਪ ਸਫਲਤਾਪੂਰਵਕ ਲਾਂਚ ਕੀਤੇ ਹਨ ਅਤੇ 15,000 ਤੋਂ ਵੱਧ ਵਿਦਿਆਰਥੀਆਂ ਨੂੰ ਅਨੁਭਵੀ ਸਿੱਖਿਆ ਵਿੱਚ ਸ਼ਾਮਲ ਕੀਤਾ ਹੈ।ਐੱਲ ਪੀ ਯੂ ਵਿਖੇ 'ਐਡੂ ਰੈਵੋਲਿਊਸ਼ਨ' ਤਹਿਤ, ਵਿਦਿਆਰਥੀਆਂ ਨੇ ਏਆਈ-ਅਧਾਰਤ ਡਰੋਨ, ਸੂਰਜੀ ਊਰਜਾ ਨਾਲ ਚੱਲਣ ਵਾਲੀਆਂ ਸਵੈ-ਡਰਾਈਵਿੰਗ ਬੱਸਾਂ, ਐਗਰੀ-ਡਰੋਨ, ਰੋਬੋਟਿਕ ਹਥਿਆਰ, ਆਈਓਟੀ-ਅਧਾਰਤ ਸਿਹਤ ਸੰਭਾਲ, ਉੱਨਤ ਸੈਨੀਟੇਸ਼ਨ ਤਕਨਾਲੋਜੀ ਤੇ ਸਮਾਰਟ ਮੋਬਿਲਿਟੀ ਵਰਗੀਆਂ ਨਵੀਨਤਾਵਾਂ ਵਿਕਸਤ ਕੀਤੀਆਂ ਹਨ। ਐੱਲ ਪੀ ਯੂ ਦੇ ਵਿਦਿਆਰਥੀਆਂ ਨੇ ਸਮਾਰਟ ਇੰਡੀਆ ਹੈਕਾਥਨ, ਡਰੋਨ ਓਲੰਪੀਆਡ, ਰੋਬੋਟਿਕਸ ਚੈਂਪੀਅਨਸ਼ਿਪ, ਡਿਵਾਇਨ ਇਨੋਵੇਸ਼ਨ ਚੈਲੇਂਜ, ਨੈਸ਼ਨਲ ਇਨੋਵੇਸ਼ਨ ਮੁਕਾਬਲੇ, ਅਤੇ ਕਈ ਗਲੋਬਲ ਇਨੋਵੇਸ਼ਨ ਅਤੇ ਤਕਨਾਲੋਜੀ ਮੁਕਾਬਲਿਆਂ ਵਿੱਚ ਲਗਾਤਾਰ ਵਧੀਆ ਪ੍ਰਦਰਸ਼ਨ ਕੀਤਾ ਹੈ।ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਐੱਲਪੀਯੂ ਇੱਕ ਅਜਿਹਾ ਈਕੋਸਿਸਟਮ ਬਣਾ ਰਿਹਾ ਹੈ ਜਿੱਥੇ ਵਿਦਿਆਰਥੀ ਸਿਰਫ਼ ਪ੍ਰੀਖਿਆਵਾਂ ਲਈ ਪੜ੍ਹਾਈ ਨਹੀਂ ਕਰਦੇ, ਸਗੋਂ ਨਵੀਨਤਾ ਕਰਨਾ, ਸਮੱਸਿਆਵਾਂ ਨੂੰ ਹੱਲ ਕਰਨਾ, ਅਤੇ ਕਰੀਅਰ ਬਣਾਉਣਾ ਸਿੱਖਦੇ ਹਨ। ਸਾਡਾ ਦ੍ਰਿਸ਼ਟੀਕੋਣ ਨੌਜਵਾਨ ਨੇਤਾਵਾਂ, ਉੱਦਮੀਆਂ, ਖੋਜਕਰਤਾਵਾਂ ਅਤੇ ਪੇਸ਼ੇਵਰਾਂ ਨੂੰ ਤਿਆਰ ਕਰਨਾ ਹੈ ਜੋ ਗ੍ਰੈਜੂਏਟ ਹੋਣ ਵਾਲੇ ਦਿਨ ਤੋਂ ਹੀ ਭਵਿੱਖ ਲਈ ਤਿਆਰ ਹਨ। ਸਾਡੇ ਵਿਦਿਆਰਥੀਆਂ ਦੁਆਰਾ ਪੈਦਾ ਹੋਣ ਵਾਲਾ ਮਾਲੀਆ ਸਿਰਫ਼ ਇੱਕ ਅੰਕੜਾ ਨਹੀਂ ਹੈ, ਇਹ ਵਿਸ਼ਵਾਸ, ਯੋਗਤਾ, ਨਵੀਨਤਾ ਅਤੇ ਅਸਲ ਨਤੀਜਿਆਂ 'ਤੇ ਅਧਾਰਤ ਸਿੱਖਿਆ ਮਾਡਲ ਦੀ ਸਫਲਤਾ ਨੂੰ ਦਰਸਾਉਂਦਾ ਹੈ।'

## ਲੱਕੀ ਵੱਲੋਂ ਤਿੰਨ ਵਿਧਾਨ ਸਭਾ ਹਲਕਿਆਂ ਲਈ ਇੰਚਾਰਜਾਂ ਦੀ ਨਿਯੁਕਤੀ ਦਾ ਸਵਾਗਤ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਭਾਰਤੀ ਜਨਤਾ ਪਾਰਟੀ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਭਾਜਪਾ ਪੰਜਾਬ ਦੇ ਸੂਬਾ ਲੀਡਰਸ਼ਿਪ ਵੱਲੋਂ ਜ਼ਿਲ੍ਹੇ ਦੇ ਤਿੰਨ ਵਿਧਾਨ ਸਭਾ ਹਲਕਿਆਂ ਲਈ ਇੰਚਾਰਜਾਂ ਦੀ ਕੀਤੀ ਨਿਯੁਕਤੀ ਦਾ



ਚਰਨਜੀਤ ਸਿੰਘ ਬਰਾੜ ਸੁਖਵਿੰਦਰ ਸਿੰਘ ਗੋਲਡੀ ਜਤਿੰਦਰ ਸਿੰਘ ਅਠਵਾਲ

ਸਵਾਗਤ ਕਰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਲੱਕੀ ਨੇ ਦੱਸਿਆ ਕਿ ਭਾਜਪਾ ਪੰਜਾਬ ਵੱਲੋਂ ਸੁਖਵਿੰਦਰ ਸਿੰਘ ਗੋਲਡੀ ਨੂੰ ਬਲਾਚੌਰ ਵਿਧਾਨ ਸਭਾ ਹਲਕੇ, ਜਤਿੰਦਰ ਸਿੰਘ ਅਠਵਾਲ ਨੂੰ ਨਵਾਂਸ਼ਹਿਰ ਵਿਧਾਨ ਸਭਾ ਹਲਕੇ ਅਤੇ ਚਰਨਜੀਤ ਸਿੰਘ ਬਰਾੜ ਨੂੰ ਬੰਗਾ ਵਿਧਾਨ ਸਭਾ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਤਿੰਨੇ ਆਗੂ ਲੰਮੇ ਸਮੇਂ ਤੋਂ ਭਾਰਤੀ ਜਨਤਾ ਪਾਰਟੀ ਦੀ ਵਿਚਾਰਧਾਰਾ ਨੂੰ ਸਮਰਪਤ ਹੋ ਕੇ ਪਾਰਟੀ ਦੀ ਮਜ਼ਬੂਤੀ ਅਤੇ ਲੋਕ ਭਲਾਈ ਲਈ ਨਿਰੰਤਰ ਕੰਮ ਕਰ ਰਹੇ ਹਨ। ਪਾਰਟੀ ਪ੍ਰਤੀ ਉਨ੍ਹਾਂ ਦੀ ਨਿਸ਼ਠਾ, ਮਿਹਨਤ ਅਤੇ ਸੰਗਠਨਾਤਮਕ ਯੋਗਦਾਨ ਨੂੰ ਦੇਖਦਿਆਂ ਪਾਰਟੀ ਹਾਈਕਮਾਂਡ ਵੱਲੋਂ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸੁਖਵਿੰਦਰ ਸਿੰਘ ਗੋਲਡੀ, ਜਤਿੰਦਰ ਸਿੰਘ ਅਠਵਾਲ ਅਤੇ ਚਰਨਜੀਤ ਸਿੰਘ ਬਰਾੜ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਗੇ।

## ਅਕਾਲੀ ਦਲ ਦੇ ਵਪਾਰ ਵਿੰਗ ਵੱਲੋਂ ਜੇਤੂ ਕੌਂਸਲਰਾਂ ਦਾ ਸਨਮਾਨ

**ਮੁਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਵਿੰਗ ਵੱਲੋਂ ਸਰਬਜੀਤ ਸਿੰਘ ਪਾਰਸ ਦੀ ਅਗਵਾਈ ਹੇਠ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਪਾਰਟੀ ਦੇ ਨਵੇਂ ਜੇਤੂ ਕੌਂਸਲਰ ਕੁਲਦੀਪ ਕੌਰ ਕੰਗ, ਇੰਦਰਪ੍ਰੀਤ ਕੌਰ, ਹਰਵਿੰਦਰ ਸਿੰਘ ਤੇ ਸੁਖਬੀਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਦੌਰਾਨ ਜਿੱਥੇ ਕੌਂਸਲਰਾਂ ਦੀ ਹੌਸਲਾ ਅਫ਼ਜ਼ਾਈ ਹੋਈ, ਉੱਥੇ ਹੀ ਮੁਹਾਲੀ ਸ਼ਹਿਰ ਨੂੰ ਦਰਪੇਸ਼ ਵੱਖ-ਵੱਖ ਮੁਸ਼ਕਿਲਾਂ ਅਤੇ ਜਨਤਕ ਸਮੱਸਿਆਵਾਂ ਦੇ ਹੱਲ ਲਈ ਗੰਭੀਰ ਵਿਚਾਰ-ਵਟਾਂਦਰਾ ਕਰਦਿਆਂ ਭਵਿੱਖ ਦੀ ਰਣਨੀਤੀ ਤਿਆਰ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਇੰਚਾਰਜ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸ਼ਹਿਰ ਨਿਵਾਸੀਆਂ ਦੀਆਂ ਉਮੀਦਾਂ 'ਤੇ ਖ਼ਰਾ ਉਤਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸ਼ਹਿਰ ਦੀਆਂ ਜੋ ਵੀ ਜਾਇਜ਼ ਮੰਗਾਂ ਹਨ, ਉਨ੍ਹਾਂ ਨੂੰ ਪੂਰਾ ਕਰਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ ਅਤੇ ਜੇਤੂ ਕੌਂਸਲਰਾਂ ਨੂੰ ਵਧਾਈ ਦਿੱਤੀ। ਸਮਾਗਮ ਦੀ ਅਗਵਾਈ ਕਰ ਰਹੇ ਵਪਾਰ ਵਿੰਗ ਦੇ ਆਗੂ ਸਰਬਜੀਤ ਸਿੰਘ ਪਾਰਸ ਅਤੇ ਹਾਜ਼ਰ ਜੇਤੂ ਕੌਂਸਲਰਾਂ ਨੇ ਸ਼ਹਿਰ ਵਾਸੀਆਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ। ਕੌਂਸਲਰਾਂ ਨੇ ਸਾਂਝੇ ਤੌਰ 'ਤੇ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਵਾਸੀਆਂ ਦੀ ਹਰ ਮੰਗ ਅਤੇ ਸਮੱਸਿਆ ਨੂੰ ਹੱਲ



ਕਰਵਾਉਣ ਲਈ ਹਮੇਸ਼ਾ ਤਤਪਰ ਰਹਿਣਗੇ। ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਪਤਵੰਤਿਆਂ ਸਮੇਤ ਬਲਬੀਰ ਸਿੰਘ, ਦੀਪਕ ਅਗਰਵਾਲ, ਅੰਮ੍ਰਿਤਪਾਲ ਸਿੰਘ, ਧਨਜੀਤ ਸਿੰਘ, ਪਰਵਿੰਦਰ ਸਿੰਘ, ਸੁਰਜੀਤ ਸਿੰਘ, ਬਲਜੀਤ ਸਿੰਘ, ਵਿਜੇਂਦਰ ਸਿੰਘ, ਪਰਮਜੀਤ ਸਿੰਘ, ਨਰਿੰਦਰ, ਏ.ਕੇ. ਸੋਢੀ, ਤੇਜਿੰਦਰ ਸਿੰਘ, ਰਮਨ ਚਾਵਲਾ, ਗੁਰਦੀਪ ਸਿੰਘ ਤੇ ਅਜੈ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਸ਼ਹਿਰ ਦੀ ਪ੍ਰਗਤੀ ਲਈ ਆਪਣੇ ਵਿਚਾਰ ਸਾਂਝੇ ਕੀਤੇ।

## ਬਾਬਾ ਬੂੜ ਸ਼ਾਹ ਚਿਸ਼ਤੀ ਦੀ ਯਾਦ 'ਚ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**- ਹਜ਼ਰਤ ਸ਼ੇਖ ਹਾਫਿਜ਼ ਸਦੀਕ ਗਨੀ ਝੰਡੀ ਚਿਸ਼ਤੀ ਸਰਕਾਰ ਦੀ ਅਪਾਰ ਕਿਰਪਾ ਸਦਕਾ ਰੌਜ਼ਾ ਸ਼ਰੀਫ਼ ਪੀਰ ਬਾਬਾ ਬੂੜ ਸ਼ਾਹ ਜੀ ਚਿਸ਼ਤੀ, ਪੀਰ ਬਾਬਾ ਊਧੋ ਸ਼ਾਹ ਜੀ ਚਿਸ਼ਤੀ ਪਿੰਡ ਕਟਾਰੀਆ ਵਿਖੇ ਹਜ਼ਰਤ ਸ਼ੇਖ ਪੀਰ ਬਾਬਾ ਬੂੜ ਸ਼ਾਹ ਚਿਸ਼ਤੀ



ਦੀ ਯਾਦ ਚ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਬਾਬਾ ਸਾਧੂ ਸ਼ਾਹ ਚਿਸ਼ਤੀ ਦੀ ਰਹਿਨੁਮਾਈ, ਐਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਚਾਦਰ ਚੜ੍ਹਾਉਣ ਦੀ ਰਸਮ, ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦੂਸਰੇ ਦਿਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ, ਕਵਾਲ ਅਤੇ ਨਕਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਗੱਦੀ ਨਸ਼ੀਨ ਬਾਬਾ ਸਾਧੂ ਸ਼ਾਹ ਚਿਸ਼ਤੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਗੁਰਮੇਲ ਚੰਦ ਬੰਗਾ, ਅਮਰਜੀਤ ਕਲਸੀ ਤਲਵੰਡੀ ਜੱਟਾਂ, ਨਛੱਤਰ ਸਿੰਘ ਬਹਿਰਾਮ, ਸੱਤਾ ਜੱਖੂ, ਪਰਮਵੀਰ ਪੰਮੀ , ਪੰਕਜ ਸੋਨੂੰ, ਸੋਮ ਨਾਥ ਬੰਗਾ ਆਦਿ ਹਾਜ਼ਰ ਸਨ।

## ਸੈਣੀ ਸਮਾਜ ਦੇ 12 ਨੂੰ ਵਿਸ਼ਾਲ ਮਹਾਂ-ਸੰਮੇਲਨ ਦੀਆਂ ਤਿਆਰੀਆਂ ਸੰਬੰਧੀ ਇਕੱਤਰਤਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਰਾਜਪੁਰਾ ਵਿਖੇ ਹੋਣ ਜਾ ਰਹੇ ਸੈਣੀ ਸਮਾਜ ਦੇ ਵਿਸ਼ਾਲ ਮਹਾਂ ਸੰਮੇਲਨ ਦੀਆਂ ਤਿਆਰੀਆਂ ਨੂੰ ਲੈ ਕੇ ਡੇਰਾਬੱਸੀ ਦੇ ਮੁਦਰਾ ਫਾਰਮ ਵਿਖੇ ਸੈਣੀ ਬਿਰਾਦਰੀ ਦੀ ਇੱਕ ਵਿਸ਼ੇਸ਼ ਅਤੇ ਅਹਿਮ ਇਕੱਤਰਤਾ ਹੋਈ। ਇਸ ਉੱਚ ਪੱਧਰੀ ਬੈਠਕ



ਵਿੱਚ ਸਮਾਜ ਦੀ ਇਕਜੁੱਟਤਾ, ਭਵਿੱਖੀ ਤਰੱਕੀ ਅਤੇ ਸਮਾਜਿਕ ਸਰੋਕਾਰਾਂ ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਬੈਠਕ ਦੌਰਾਨ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਡੇਰਾਬੱਸੀ ਅਤੇ ਆਸ-ਪਾਸ ਦੇ ਪੂਰੇ ਇਲਾਕੇ ਤੋਂ ਵੱਡੀ ਗਿਣਤੀ ਵਿੱਚ ਬਿਰਾਦਰੀ ਦੇ ਲੋਕ ਇਸ ਮਹਾਂ ਸੰਮੇਲਨ ਵਿੱਚ ਇੱਕ ਵਿਸ਼ਾਲ ਕਾਫ਼ਲੇ ਦੇ ਰੂਪ ਵਿੱਚ ਸ਼ਾਮਲ ਹੋਣਗੇ। ਬੈਠਕ ਦੀ ਅਗਵਾਈ ਕਰ ਰਹੇ ਪ੍ਰਮੁੱਖ ਆਗੂਆਂ—ਜੈਲਦਾਰ ਜਸਵਿੰਦਰ ਸਿੰਘ ਸ਼ਾਮਦੂ (ਸਰਪੰਚ ਤੇ ਚੇਅਰਮੈਨ ਸੈਣੀ ਸਮਾਜ ਰਾਜਪੁਰਾ ਸਰਕਲ), ਮਹਿੰਦਰ ਸਿੰਘ (ਇੰਸਪੈਕਟਰ ਰਿਟਾਇਰਡ, ਮਨੌਲੀ ਸੂਰਤ, ਸਰਪ੍ਰਸਤ), ਜਤਿੰਦਰ ਸਿੰਘ ਰੋਮੀ (ਸਾਬਕਾ ਸਰਪੰਚ ਅਬਰਾਵਾਂ), ਅਵਤਾਰ ਸਿੰਘ ਬਬਲਾ (ਸਾਬਕਾ ਐੱਮ ਸੀ ਬਨੂੜ) ਅਤੇ ਹੈਪੀ ਸੈਣੀ ਬਨੂੜ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੈਣੀ ਸਮਾਜ ਸਰਕਲ ਰਾਜਪੁਰਾ ਵੱਲੋਂ ਇਸ ਵਾਰ ਇਤਿਹਾਸਕ ਮਹਾਂ ਸੰਮੇਲਨ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਸੰਮੇਲਨ 12 ਜੂਨ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ, ਨਲਾਸ ਫਾਰਮ (ਪਿੰਡ ਨਲਾਸ, ਰਾਜਪੁਰਾ, ਪਟਿਆਲਾ) ਵਿਖੇ ਪੂਰੀ ਸ਼ਾਨੋ-ਸ਼ੌਕਤ ਨਾਲ ਹੋਵੇਗਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਖੁਲਾਸਾ ਕੀਤਾ ਕਿ ਇਸ ਮਹਾਂ ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

## ਸਟ੍ਰੀਟ ਚਾਈਲਡ ਵਰਲਡ ਕੱਪ 'ਚ ਰਨਰ-ਅੱਪ ਰਹੀ ਟੀਮ ਦਾ ਸਨਮਾਨ

**ਗੁਰਾਇਆ (ਬਿੰਦਰ ਸੁਮਨ)**- ਭਾਰਤ ਅਤੇ ਅਫਗਾਨਿਸਤਾਨ ਦਰਮਿਆਨ ਮੁੱਲਾਂਪੁਰ ਸਥਿਤ ਮਹਾਰਾਜਾ ਯਾਦਵਿੰਦਰਾ ਸਿੰਘ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਹੋਏ ਅੰਤਰਰਾਸ਼ਟਰੀ ਕ੍ਰਿਕਟ ਮੁਕਾਬਲੇ ਦੌਰਾਨ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਵਾਈ ਐੱਫ ਸੀ ਰੁੜਕਾ



ਕਲਾਂ ਦੀ ਸਟ੍ਰੀਟ ਚਾਈਲਡ ਵਰਲਡ ਕੱਪ ਰਨਰ-ਅੱਪ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦੇ ਕੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਨੌਜਵਾਨ ਖਿਡਾਰੀਆਂ ਦੀ ਪ੍ਰਾਪਤੀ ਨੂੰ ਸਮਰਪਿਤ ਸੀ, ਜਿਨ੍ਹਾਂ ਨੇ ਮੈਕਸੀਕੋ ਵਿੱਚ ਆਯੋਜਿਤ ਸਟ੍ਰੀਟ ਚਾਈਲਡ ਵਰਲਡ ਕੱਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਵਿਸ਼ਵ ਪੱਧਰ 'ਤੇ ਰਨਰ-ਅੱਪ ਦਾ ਮਾਣ ਹਾਸਲ ਕੀਤਾ।ਗੁਰਮੀਤ ਸਿੰਘ ਮੀਤ ਹੇਅਰ ਅਤੇ ਵਾਈਐੱਫਸੀ ਰੁੜਕਾ ਕਲਾਂ ਦਾ ਸੰਬੰਧ ਕਈ ਸਾਲਾਂ ਤੋਂ ਬਣਿਆ ਹੋਇਆ ਹੈ। ਜਦੋਂ ਟੀਮ ਦੋਹਾ (ਕਤਰ) ਵਿਖੇ ਹੋਣ ਵਾਲੇ ਸਟ੍ਰੀਟ ਚਾਈਲਡ ਵਰਲਡ ਕੱਪ ਵਿੱਚ ਭਾਗ ਲੈਣ ਲਈ ਰਵਾਨਾ ਹੋ ਰਹੀ ਸੀ, ਉਸ ਸਮੇਂ ਮੀਤ ਹੇਅਰ ਨੇ ਖੁਦ ਵਾਈ ਐੱਫ ਸੀ ਰੁੜਕਾ ਕਲਾਂ ਦਾ ਦੌਰਾ ਕਰਕੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਸਨ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਸੀ। ਉਸ ਸਮੇਂ ਤੋਂ ਲੈ ਕੇ ਅੱਜ ਤੱਕ ਉਹ ਵਾਈ ਐੱਫ ਸੀ ਰੁੜਕਾ ਕਲਾਂ ਦੀਆਂ ਵੱਖ-ਵੱਖ ਖੇਡ, ਸਮਾਜਿਕ ਅਤੇ ਵਿਕਾਸਮੁਖੀ ਗਤੀਵਿਧੀਆਂ ਨੂੰ ਨਿਰੰਤਰ ਸਹਿਯੋਗ ਤੇ ਉਤਸ਼ਾਹ ਪ੍ਰਦਾਨ ਕਰਦੇ ਆ ਰਹੇ ਹਨ।ਇਸ ਮੌਕੇ 'ਤੇ ਖਿਡਾਰੀਆਂ ਨੂੰ ਭਾਰਤੀ ਕ੍ਰਿਕਟ ਟੀਮ ਦੇ ਸਟਾਰ ਬੱਲੇਬਾਜ਼ ਸ਼ੁਭਮਨ ਗਿੱਲ ਦੇ ਪਿਤਾ ਲਖਵਿੰਦਰ ਸਿੰਘ ਗਿੱਲ ਨਾਲ ਵੀ ਮਿਲਣ ਦਾ ਮੌਕਾ ਪ੍ਰਾਪਤ ਹੋਇਆ। ਖਿਡਾਰੀਆਂ ਨੇ ਆਪਣੇ ਤਜਰਬੇ ਅਤੇ ਉਪਲਬਧੀਆਂ ਉਨ੍ਹਾਂ ਨਾਲ ਸਾਂਝੀਆਂ ਕੀਤੀਆਂ। ਇਹ ਮੁਲਾਕਾਤ ਨੌਜਵਾਨ ਖਿਡਾਰੀਆਂ ਲਈ ਬੇਹੱਦ ਪ੍ਰੇਰਨਾਦਾਇਕ ਅਤੇ ਯਾਦਗਾਰ ਸਾਬਤ ਹੋਈ।

## 2 ਆਜ਼ਾਦ ਕੌਂਸਲਰ ਕਾਂਗਰਸ 'ਚ ਸ਼ਾਮਲ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਦੇ ਵੱਖ ਵੱਖ ਵਾਰਡਾਂ ਤੋਂ ਆਜ਼ਾਦ ਤੌਰ ਤੇ ਜਿਤੇ ਦੋ ਕੌਂਸਲਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਸੰਬੰਧੀ ਪ੍ਰੈਸ ਕਾਨਫਰੰਸ ਨੂੰ



ਸੰਬੋਧਨ ਕਰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਦਸਿਆ ਕਿ ਨਗਰ ਕੌਂਸਲ ਮੋਰਿੰਡਾ ਦੀਆਂ ਤਾਜ਼ਾ ਹੋਈਆਂ ਚੋਣਾਂ ਵਿੱਚ ਵਾਰਡ ਨੰਬਰ 5 ਅਤੇ 6 ਤੋਂ ਅਜ਼ਾਦ ਤੌਰ ਤੇ ਜਿਤੇ ਕੌਂਸਲਰ ਮਨਦੀਪ ਸਿੰਘ ਬਾਜਵਾ ਤੇ ਸੁਰਿੰਦਰ ਕੌਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਚਰਨਜੀਤ ਸਿੰਘ ਚੰਨੀ ਨੇ ਉਪਰੋਕਤ ਕੌਂਸਲਰਾਂ ਨੂੰ ਸਿਰੋਪਾਓ ਪਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਉਹ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਜ਼ਰੂਰ ਦੇਣਗੇ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਮੋਰਿੰਡਾ ਦੇ ਕੁਲ 15 ਵਾਰਡਾਂ ਦੀਆਂ ਤਾਜ਼ਾ ਹੋਈਆਂ ਚੋਣਾਂ ਵਿੱਚ ਕਾਂਗਰਸ 10 ਕੌਂਸਲਰ ਜੇਤੂ ਰਹੇ ਸਨ । ਜਦੋਂ ਕਿ 4 ਅਜਾਦ ਉਮੀਦਵਾਰ ਜੇਤੂ ਰਹੇ ਅਤੇ ਇਕ ਕੌਂਸਲਰ ਅਕਾਲੀ ਦਲ ਦੇ ਤੱਕੜੀ ਨਿਸ਼ਾਨ ਤੇ ਚੁਣਿਆ ਗਿਆ ਹੈ। ਹੁਣ 4 ਅਜਾਦ ਜਿਤੇ ਕੌਂਸਲਰਾਂ ਵਿੱਚੋਂ ਦੋ ਕੌਂਸਲਰ ਮਨਦੀਪ ਸਿੰਘ ਬਾਜਵਾ ਅਤੇ ਸੁਰਿੰਦਰ ਕੌਰ ਦੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਕਾਂਗਰਸ ਦੇ ਕੌਂਸਲਰਾਂ ਦੀ ਗਿਣਤੀ 12 ਹੋ ਗਈ ਹੈ।

## ਮਨਰੇਗਾ ਯੂਨੀਅਨ ਨੇ ਮੰਗਾਂ ਸੰਬੰਧੀ ਵਿਧਾਇਕ ਨੂੰ ਦਿੱਤਾ ਮੰਗ ਪੱਤਰ



**ਦਸੂਹਾ (ਕਰਨੈਲ ਮਾਂਗਟ)**- ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਖੇੜਾ ਕੋਟਲੀ ਵਿਖੇ ਮਨਰੇਗਾ ਯੂਨੀਅਨ ਹੁਸ਼ਿਆਰਪੁਰ ਵੱਲੋਂ ਕੁਲਬੀਰ ਕੌਰ ਜਿਲਾ ਪ੍ਰਧਾਨ ਮਨਰੇਗਾ ਹੁਸ਼ਿਆਰਪੁਰ ਦੀ ਅਗਵਾਈ ਹੇਠ ਮਨਰੇਗਾ ਮੁਲਾਜ਼ਮਾਂ ਨੂੰ ਪੰਚਾਇਤੀ ਵਿਭਾਗ ਵਿੱਚ ਮਰਜ ਕਰਨ ਸਬੰਧੀ ਮੰਗ ਪੱਤਰ ਦਿੱਤਾ ਗਿਆ। ਇਸ ਸੰਬੰਧੀ ਮੋਹਿਤ ਕੁਮਾਰ ਕਾਰਜਕਾਰੀ ਪ੍ਰਧਾਨ ਹੁਸ਼ਿਆਰਪੁਰ ਵੱਲੋਂ ਮੰਗ ਪੱਤਰ ਦਿੰਦੇ ਹੋਏ ਦੱਸਿਆ ਗਿਆ ਕੀ ਮਨਰੇਗਾ ਮੁਲਾਜ਼ਮ ਪਿਛਲੇ 18 ਤੋਂ 20 ਸਾਲਾਂ ਤੋਂ ਨਿਗੂਣੀਆ ਤਨਖਾਹ ਨਾਲ ਕੰਮ ਕਰ ਰਹੇ ਹਨ ਤੇ ਪਿਛਲੇ 6-6 ਮਹੀਨੇ ਤੋਂ ਕਰਮਚਾਰੀਆਂ ਨੂੰ ਤਨਖਾਹ ਨਹੀਂ ਮਿਲ ਰਹੀ ਹੈ , ਜਿਸ ਕਾਰਨ ਘਰ ਦਾ ਗੁਜ਼ਾਰਾ ਬੜੀ ਮੁਸ਼ਕਿਲ ਨਾਲ ਚੱਲ ਰਿਹਾ ਹੈ। ਇਸ ਸੰਬੰਧੀ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਵੱਲੋਂ ਵਿਸ਼ਵਾਸ਼ ਦਵਾਇਆ ਗਿਆ ਕੀ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨਾਲ ਉਹ ਗੱਲ ਕਰਨਗੇ ਅਤੇ ਮਨਰੇਗਾ ਮੁਲਾਜ਼ਮਾਂ ਨੂੰ ਆ ਰਹੀਆਂ ਦਿੱਕਤਾਂ ਦਾ ਜਲਦ ਤੋਂ ਜਲਦ ਹੱਲ ਕਰਨਗੇ। ਇਸ ਮੌਕੇ ਤੇ ਬਲਾਕ ਪ੍ਰਧਾਨ ਗੁਰਮੇਲ ਸਿੰਘ, ਵਿਲੀਅਮ ਮਸੀਹ, ਸਤਪਾਲ ਸਿੰਘ, ਮਨਜ਼ੂਰ ਲਾਲ, ਵਿਸ਼ਾਲ ਸ਼ਰਮਾ, ਰਮਨਦੀਪ ਬੱਧਣ, ਸ਼ਾਮ ਲਾਲ, ਨਵਦੀਪ ਕੁਮਾਰ, ਖੁਸ਼ਵੰਤ ਸਿੰਘ ਆਦਿ ਹਾਜ਼ਰ ਸਨ।

## ਚਾਰ ਲੇਬਰ ਕੋਡ ਲਾਗੂ ਕਰਕੇ ਮਜ਼ਦੂਰਾਂ ਨੂੰ ਲੁੱਟਣ ਦਾ ਕਾਰਪੋਰੇਟ ਘਰਾਣਿਆਂ ਨੂੰ ਲਾਇਸੈਂਸ ਜਾਰੀ ਕੀਤਾ : ਸੀ ਪੀ ਆਈ ਐੱਮ



**ਜਲੰਧਰ (ਲਖਵਿੰਦਰ ਸਿੰਘ ਆਧੀ, ਸ਼ੈਲੀ ਐਲਬਰਟ)**- ਪ੍ਰੈੱਸ ਕਲੱਬ ਜਲੰਧਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ ਪੀ ਆਈ ਐੱਮ ਦੇ ਜਰਨਲ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਲਾਗੂ ਕਰਕੇ ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰ ਜਮਾਤ ਨੂੰ ਲੁੱਟਣ ਦਾ ਕਾਰਪੋਰੇਟ ਘਰਾਣਿਆਂ ਨੂੰ ਲਾਇਸੈਂਸ ਜਾਰੀ ਕਰ ਦਿੱਤਾ ਹੈ। ਦੇਸ਼ ਦੀ ਮਜ਼ਦੂਰ ਜਮਾਤ ਨੇ ਕੁਰਬਾਨੀਆਂ ਨਾਲ ਕੰਮ ਦੀ ਪ੍ਰਾਪਤੀ, ਤਨਖਾਹਾਂ ਦੀ ਘੱਟੋ-ਘੱਟ ਗਾਰੰਟੀ, ਸਮਾਜਿਕ ਸੁਰੱਖਿਆ ਅਤੇ ਜਥੇਬੰਦ ਹੋਣ, ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦੇ ਕਾਨੂੰਨੀ ਹੱਕ ਪ੍ਰਾਪਤ ਕੀਤੇ ਸਨ। ਉਪਰੋਕਤ ਕਾਨੂੰਨਾਂ ਦੀ ਮਾਲਕਾਂ ਵੱਲੋਂ ਉਲੰਘਣਾ ਕਰਨ 'ਤੇ ਜਿੱਥੇ ਹੜਤਾਲਾਂ ਕਰਨ ਦਾ ਅਧਿਕਾਰ ਸੀ, ਉੱਥੇ ਕਾਨੂੰਨੀ ਪ੍ਰਕਿਰਿਆ ਰਾਹੀਂ ਵੀ ਮਜ਼ਦੂਰ ਆਪਣਾ ਹੱਕ ਪ੍ਰਾਪਤ ਕਰ ਲੈਂਦੇ ਸਨ।

ਕਾਨੂੰਨਾਂ ਦੀ ਉਲੰਘਣਾ ਕਰਨ 'ਤੇ ਮਾਲਕਾਂ ਨੂੰ ਜੁਰਮਾਨੇ ਅਤੇ ਜੇਲ੍ਹਾਂ ਵਿੱਚ ਭੇਜਣ ਦਾ ਪ੍ਰਬੰਧ ਵੀ ਸੀ। ਉਨ੍ਹਾਂ ਕਿਹਾ ਕਿ ਚਾਰ ਲੇਬਰ ਕੋਡ ਲਾਗੂ ਹੋਣ 'ਤੇ ਵਰਕਰਾਂ ਨੂੰ ਮਾਲਕ ਨਿਸ਼ਚਿਤ ਸਮੇਂ ਰੁਜ਼ਗਾਰ ਦੇਣਗੇ। ਇਹ ਨਿਸ਼ਚਿਤ ਸਮਾਂ ਮਾਲਕਾਂ ਦੇ ਇਕਰਾਰਨਾਮਿਆਂ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ। ਕੰਮ ਤੋਂ ਕੱਢੇ ਜਾਣ 'ਤੇ ਵਰਕਰ ਕਿਸੇ ਕਾਨੂੰਨ ਦਾ ਸਹਾਰਾ ਵੀ ਨਹੀਂ ਲੈ ਸਕਣਗੇ।ਇਸ ਮੌਕੇ ਤੇ ਸੀ ਪੀ ਆਈ ਐੱਮ ਦੇ ਜਰਨਲ ਸਕੱਤਰ ਕਾਮਰੇਡ ਸੁਖਵਿੰਦਰ ਸੇਖੋਂ, ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਸੁਖਪ੍ਰੀਤ ਸਿੰਘ ਜੋਹਲ ਵਰਿੰਦਰਪਾਲ ਸਿੰਘ ਕਾਲਾ, ਮੇਹਰ ਸਿੰਘ ਖੁਰਲ੍ਹਾਪੁਰ,ਨਰਿੰਦਰ ਜੌਹਲ,ਗੁਰਮੀਤ ਸਿੰਘ, ਵਿਜੇ ਕੁਮਾਰ ਮੌਜੂਦ ਸਨ।

## ਡੇਢ ਕਰੋੜ ਦੀ ਲਾਟਰੀ ਨਾਲ ਕੁਲਵਿੰਦਰ ਸਿੰਘ ਦੀ ਚਮਕੀ ਕਿਸਮਤ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਬਲਾਕ ਨੂਰਪੁਰ ਬੇਦੀ ਦੇ ਪਿੰਡ ਸਾਊਪੁਰ ਦੇ ਰਹਿਣ ਵਾਲੇ ਕੁਲਵਿੰਦਰ ਸਿੰਘ ਦੀ ਕਿਸਮਤ ਉਸ ਸਮੇ ਚਮਕ ਉਠੀ ਜਦੋ ਉਸ ਵੱਲੋ ਪੰਜਾਬ ਸਰਕਾਰ ਦੀ ਮਹੀਨਾਵਾਰ ਖਰੀਦੀ ਗਈ ਲਾਟਰੀ ਤੇ ਡੇਢ ਕਰੋੜ ਰੁਪਏ ਦਾ ਇਨਾਮ ਨਿਕਲ ਗਿਆ। ਜਾਣਕਾਰੀ ਦਿੰਦਿਆ ਕੁਲਵਿੰਦਰ ਸਿੰਘ ਨੇ ਦੱਸਿਆ ਕੀ ਉਹ ਖੇਤੀਬਾੜੀ ਕਰਦਾ ਤੇ ਨੂਰਪੁਰ ਬੇਦੀ ਵਿਖੇ ਛੋਲੇ ਭੁੱਲਰ ਖਾਣ ਲਈ ਆਇਆ ਹੋਇਆ ਸੀ। ਇਸ ਦੌਰਾਨ ਉਸ ਨੂੰ ਕੁਝ ਖੁੱਲੇ ਪੈਸੇ ਕਰਵਾਉਣ ਦੀ ਲੋੜ ਪਈ ਜਿਸ ਲਈ ਉਹ ਮਹਿਤਾ ਲਾਟਰੀ ਸਟਾਲ ਮੋਰਿੰਡਾ ਦੇ ਨੂਰਪੁਰ ਬੇਦੀ ਵਿਖੇ ਉਪ ਵਿਕਰੇਤਾ ਸ਼ੁਕਲਾ ਲਾਟਰੀ ਸਟਾਲ ਤੇ ਗਿਆ। ਉਥੇ ਸਟਾਲ ਮਾਲਕ ਨੇ ਮਜਾਕ ਚ ਇੱਕ ਲਾਟਰੀ ਖਰੀਦਣ ਲਈ ਕਿਹਾ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਸ ਨੇ 200 ਰੁਪਏ ਇਕ ਲਾਟਰੀ ਟਿਕਟ ਖਰੀਦ ਲਈ ਤੇ ਇਸ ਤੋਂ ਬਾਅਦ ਆਪਣੇ ਕੰਮ ਵਿਚ ਰੁਝ ਗਿਆ। ਉਸ ਨੂੰ ਇਹ ਉਮੀਦ ਵੀ ਨਹੀਂ ਸੀ ਕਿ ਇਹ ਛੋਟਾ ਜਿਹਾ ਫੈਸਲਾ ਉਸ ਦੀ ਜ਼ਿੰਦਗੀ ਬਦਲ ਦੇਵੇਗਾ। ਡਰਾਅ ਨਿਕਲਣ ਤੋਂ ਬਾਅਦ ਸ਼ੁਕਲਾ ਲਾਟਰੀ ਸਟਾਲ ਦੇ ਮਾਲਕ ਚੰਦਰ ਪ੍ਰਕਾਸ਼ ਸ਼ੁਕਲਾ ਵੱਲੋਂ ਉਸ ਨੂੰ ਫੋਨ ਕਰ ਕੇ ਦੱਸਿਆ ਗਿਆ ਕਿ ਉਸ ਦੀ ਲਾਟਰੀ ਤੇ ਡੇਢ ਕਰੋੜ ਰੁਪਏ ਦਾ ਪਹਿਲਾ ਇਨਾਮ ਨਿਕਲਿਆ ਹੈ।

## ਚੰਨੀ ਨੇ ਗੁਰਨਾਮ ਸਿੰਘ ਧਾਲੀਵਾਲ ਦੇ ਪਰਵਾਰ ਨਾਲ ਦੁੱਖ ਕੀਤਾ ਸਾਂਝਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਜੌਕੀ ਫਤਿਹਪੁਰ ਦੇ ਘਰ ਪਹੁੰਚ ਕੇ ਉਨ੍ਹਾਂ ਦੇ ਪਿਤਾ ਗੁਰਨਾਮ ਸਿੰਘ ਧਾਲੀਵਾਲ ਦੇ ਅਕਾਲ ਚਲਾਣਾ ਕਰ ਜਾਣ ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਗੁਰਨਾਮ ਸਿੰਘ ਧਾਲੀਵਾਲ ਬਹੁਤ ਹੀ ਨੇਕ ਇਨਸਾਨ ਸਨ ਜਿਨ੍ਹਾਂ ਹਮੇਸ਼ਾ ਹੀ



ਸਮਾਜ ਸੇਵਾ ਦੇ ਕੰਮਾਂ ਨੂੰ ਪਹਿਲ ਦਿੱਤੀ ਜਿਸ ਸਦਕਾ ਉਨ੍ਹਾਂ ਨੇ ਸ਼ੂਗਰ ਮਿੱਲ ਮੋਰਿੰਡਾ ਅਤੇ ਪਿੰਡ ਫਤਿਹਪੁਰ ਦੇ ਗੁਰਦੁਆਰਾ ਸਾਹਿਬ ਦੀ ਲੰਮਾ ਸਮਾਂ ਸੇਵਾ ਕੀਤੀ ਤੇ ਕਾਂਗਰਸ ਪਾਰਟੀ ਲਈ ਵੀ ਕੰਮ ਕੀਤਾ। ਗੁਰਨਾਮ ਸਿੰਘ ਧਾਲੀਵਾਲ ਦੀ ਪਤਨੀ ਜਸਪਾਲ ਕੌਰ ਪਿੰਡ ਦੇ ਸਰਪੰਚ ਰਹੇ ਤੇ ਉਨ੍ਹਾਂ ਦੇ ਸਪੁੱਤਰ ਗੁਰਵਿੰਦਰ ਸਿੰਘ ਜੌਕੀ ਕਾਂਗਰਸ ਪਾਰਟੀ ਦੇ ਜੁਝਾਰੂ ਆਗੂ ਹਨ। ਉਨ੍ਹਾਂ ਪਰਵਾਰ ਨਾਲ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਗੁਰਨਾਮ ਸਿੰਘ ਧਾਲੀਵਾਲ ਦੀ ਮੌਤ ਨਾਲ ਪਰਿਵਾਰ ਅਤੇ ਕਾਂਗਰਸ ਪਾਰਟੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਹਰਮਿੰਦਰ ਸਿੰਘ ਲੱਕੀ, ਬਲਾਕ ਪ੍ਰਧਾਨ ਦਰਸ਼ਨ ਸਿੰਘ ਸੰਧੂ, ਦਲਜੀਤ ਸਿੰਘ ਮਿੰਟਾ ਤੂਰ, ਸਤਵਿੰਦਰ ਸਿੰਘ ਬੁੱਗਾ, ਕਰਨਵੀਰ ਸਿੰਘ ਗਰੇਵਾਲ, ਸਾਬਕਾ ਸਰਪੰਚ ਜਸਪਾਲ ਕੌਰ, ਸਰਪੰਚ ਪਰਮਜੀਤ ਕੌਰ, ਸ਼ਰਨਜੀਤ ਕੌਰ, ਸ਼ਮਸ਼ੇਰ ਸਿੰਘ ਸ਼ੇਰਾ, ਬਲਜੀਤ ਸਿੰਘ, ਜਸਵੀਰ ਕੌਰ ਜੱਸੀ, ਮਨਜੀਤ ਕੌਰ ਅਤੇ ਲਾਲੀ ਫਤਿਹਪੁਰ ਆਦਿ ਹਾਜ਼ਰ ਸਨ।

## ਪੀਰ ਬਾਬਾ ਤਗੜੀ ਸ਼ਾਹ ਦਾ ਸਾਲਾਨਾ ਮੇਲਾ 14, 15 ਨੂੰ

**ਸ਼ਾਹਕੋਟ (ਅਮਨਦੀਪ ਸੈਦਪੁਰੀ)**- ਮੋਗਾ ਰੋਡ ਸ਼ਾਹਕੋਟ 'ਤੇ ਸਥਿਤ ਸ਼ਹਿਨਸ਼ਾਹ ਪੀਰ ਬਾਬਾ ਤਗੜੀ ਸ਼ਾਹ ਦਾ ਸਾਲਾਨਾ ਮੇਲਾ 14 ਅਤੇ 15 ਜੂਨ ਨੂੰ ਦਰਬਾਰ ਦੇ ਮੁੱਖ ਸੇਵਾਦਾਰ ਸਾਂਈ ਚੇਤਨ ਸ਼ਾਹ ਦੀ ਅਗਵਾਈ ਵਿੱਚ ਕਰਵਾਇਆ ਜਾ ਰਿਹਾ ਹੈ। 14 ਜੂਨ ਦਿਨ ਐਤਵਾਰ ਨੂੰ ਝੰਡੇ ਅਤੇ ਚਾਦਰ ਦੀ ਪਵਿੱਤਰ ਰਸਮ ਸਵੇਰੇ 10 ਵਜੇ ਕੀਤੀ ਜਾਵੇਗੀ। ਰਾਤ 8 ਵਜੇ ਮਹਿਫ਼ਲ-ਏ-ਕਵਾਲੀ ਸ਼ੁਰੂ ਹੋਵੇਗੀ। ਇਸੇ ਤਰ੍ਹਾਂ 15 ਜੂਨ ਸਵੇਰੇ 10 ਵਜੇ ਪੰਜਾਬ ਦੇ ਪ੍ਰਸਿੱਧ ਕਲਾਕਾਰ ਆਪਣਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਸਾਂਈ ਚੇਤਨ ਸ਼ਾਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੇਲੇ ਵਿੱਚ ਰਾਮਾ ਅਹਿਤਰਾਮ ਕਾਦਰੀ, ਮੁਸਕਾਨ ਕੁਰੈਸ਼ੀ, ਰੀਤੂ ਮੀਰ, ਗੁਲਸ਼ਨ ਮੀਰ- ਸਾਹਿਲ ਮੀਰ, ਅੰਮ੍ਰਿਤ ਸਾਬ (ਯੂ.ਕੇ), ਮਾਹੀ ਅੰਮ੍ਰਿਤਸਰ, ਨੂਰ ਸਿੱਧੂ, ਮਾਈਕਲ ਤੇ ਹੋਰ ਬਹੁਤ ਸਾਰੇ ਕਲਾਕਾਰ ਆਪਣੀ ਮਾਣਮੱਤੀ ਹਾਜ਼ਰੀ ਕਰਨਗੇ। ਉਨ੍ਹਾਂ ਦੱਸਿਆ ਕਿ ਦੋਵੇਂ ਦਿਨ ਲੰਗਰ ਅਤੁੱਟ ਵਰਤਾਇਆ ਜਾਵੇਗਾ।



## ਸਤਿਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸਮਾਗਮ ਨੂੰ ਵਿਸ਼ਵ ਪੱਧਰੀ ਯਾਦਗਾਰੀ ਮਨਾਉਣ ਲਈ ਮੀਟਿੰਗ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਬੀਤੇ ਦਿਨ ਰਵਿਦਾਸੀਆ ਕੌਮ ਦੇ ਮਹਾਨ ਤੀਰਥ ਅਸਥਾਨ ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਦੇ ਵੱਡੇ ਸਤਿਗੁਰੂ ਰਵਿਦਾਸ ਸਤਿਸੰਗ ਹਾਲ 'ਚ ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ (ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰਸਟ ਕਾਂਸ਼ੀ ਬਨਾਰਸ (ਉੱਤਰ ਪ੍ਰਦੇਸ਼) ਵਾਲਿਆਂ ਦੇ ਆਦੇਸ਼ਾਂ ਤਹਿਤ 20 ਫਰਵਰੀ 2027 ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਾਵਨ ਪ੍ਰਕਾਸ਼ ਪੁਰਬ ਸਮਾਗਮ ਨੂੰ ਵਿਸ਼ਵ ਪੱਧਰੀ ਯਾਦਗਾਰੀ ਮਨਾਉਣ ਸਬੰਧੀ ਸ੍ਰੀ ਗੁਰੂ ਰਵਿਦਾਸ ਪਬਲਿਕ ਚੈਰੀਟੇਬਲ ਟਰੱਸਟ (ਕਾਂਸ਼ੀ) ਬਨਾਰਸ, ਡੇਰੇ ਦੇ ਸਮੂਹ ਸੇਵਾਦਾਰਾਂ ਅਤੇ ਅਖਿਲ ਭਾਰਤੀਆਂ ਰਵਿਦਾਸੀਆਂ ਸੰਗਠਨ ਦੀ ਸਾਂਝੀ ਅਗਵਾਈ 'ਚ ਵਿਸ਼ੇਸ਼ ਤੇ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਉਕਤ ਮੀਟਿੰਗ ਦੌਰਾਨ ਮਿਸ਼ਨਰੀ ਗੀਤਕਾਰ, ਗਾਇਕ ਕਲਾਕਾਰਾਂ, ਰਵਿਦਾਸੀਆ ਸਮਾਜ ਦੇ ਬੁੱਧੀਜੀਵੀ ਵਰਗ, ਲੇਖਕ ਤੇ ਪੱਤਰਕਾਰ ਭਾਈਚਾਰੇ ਵੱਲੋਂ ਉਚੇਚੇ ਤੌਰ 'ਤੇ ਸਮੂਲੀਅਤ





ਕੀਤੀ ਗਈ। ਮੀਟਿੰਗ ਦੌਰਾਨ ਸੇਵਾਦਾਰ ਹਰਦੇਵ ਦਾਸ, ਸੇਵਾਦਾਰ ਵਰਿੰਦਰ ਦਾਸ ਬੱਬੂ, ਮੈਨੇਜਰ ਬਾਬੂ ਧਰਮਪਾਲ ਸਿਮਕ, ਨਿਰੰਜਨ ਦਾਸ ਚੀਮਾ, ਸੇਠ ਦੇਸ਼ਰਾਜ ਫਗਵਾੜਾ, ਬਾਬੂ ਜੋਗਿੰਦਰ ਪਾਲ, ਡਾਕਟਰ ਬਲਵੀਰ ਮੰਨਣ,ਗਾਇਕ ਐਸ ਐਸ ਆਜ਼ਾਦ, ਪ੍ਰਸਿੱਧ ਗੀਤਕਾਰ ਮਹਿੰਦਰ ਸੰਧੂ ਮਹੇੜੂ, ਗੀਤਕਾਰ ਮਦਨ ਜਲੰਧਰੀ, ਲੇਖਕ ਤੇ ਗੀਤਕਾਰ ਸਤਪਾਲ ਸਾਹਲੋਂ, ਪ੍ਰਸਿੱਧ ਗਾਇਕਾ ਰਜਨੀ ਠੱਕਰਵਾਲ, ਗਾਇਕਾ ਪ੍ਰੀਆ ਬੰਗਾ ਆਦਿ ਸਭ ਵੱਲੋਂ ਸਮੂਹ ਹਾਜ਼ਰੀਨ ਨੂੰ ਪੁਰਜ਼ੋਰ ਪ੍ਰੇਰਿਤ ਕੀਤਾ ਕਿ ਫਰਵਰੀ 2027 ਵਿੱਚ ਆ ਰਹੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650 ਵੇਂ ਪਾਵਨ ਪ੍ਰਕਾਸ਼ ਪੁਰਬ ਸਮਾਗਮ ਨੂੰ ਉਹਨਾਂ ਦੇ ਪਾਵਨ ਜਨਮ ਅਸਥਾਨ ਮੰਦਰ ਸੀਰ ਗੋਵਰਧਨਪੁਰ ਕਾਂਸ਼ੀ ਬਨਾਰਸ ਵਿਖੇ ਇਤਿਹਾਸਿਕ ਯਾਦਗਾਰੀ ਬਣਾਉਣ ਲਈ ਸਮੁੱਚਾ ਸੰਤ ਸਮਾਜ, ਮਿਸ਼ਨਰੀ ਗਾਇਕ ਕਲਾਕਾਰ ਤੇ ਗੀਤਕਾਰ, ਸਮਾਜ ਦਾ ਬੁਧੀਜੀਵੀ ਵਰਗ, ਲੇਖਕ ਤੇ ਪੱਤਰਕਾਰ ਭਾਈਚਾਰਾ, ਸਮੁੱਚਾ ਰਵਿਦਾਸੀਆ ਸਮਾਜ, ਸਿਵਲ ਤੇ ਪੁਲਿਸ ਪ੍ਰਸ਼ਾਸਨ ਆਪੋ ਆਪਣੀਆਂ ਸੇਵਾਵਾਂ ਨਾਲ ਸਰਬਪੱਖੀ ਸਹਿਯੋਗ ਯਕੀਨੀ ਬਣਾਉਣ।

## 13.5 ਕਰੋੜ ਦੇ ਵਿਕਾਸ ਕਾਰਜਾਂ ਨਾਲ ਬਾਹੋਵਾਲ ਦੀ ਬਦਲੀ ਨੁਹਾਰ : ਵਿਧਾਇਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਬਾਹੋਵਾਲ ਸਥਿਤ ਬਾਬਾ ਜੱਖ ਸਾਹਿਬ ਦੇ ਸਾਲਾਨਾ ਜੋੜ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕੀਤੀ। ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਵੀ ਸ਼ਾਮਲ ਹੋਏ ਤੇ ਪਵਿੱਤਰ ਅਸਥਾਨ 'ਤੇ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨੇ ਸੰਗਤ ਤੇ ਸਥਾਨਕ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਸਾਰਿਆਂ ਨੂੰ ਇਸ ਆਧਿਆਤਮਿਕ ਉਤਸਵ ਦੀਆਂ ਵਧਾਈਆਂ ਦਿੱਤੀਆਂ।



ਉਨ੍ਹਾਂ ਜਾਣਕਾਰੀ ਦਿੱਤੀ ਕਿ ਬਾਹੋਵਾਲ ਪਿੰਡ ਵਿੱਚ 13.5 ਕਰੋੜ ਤੋਂ ਵੱਧ ਦੇ ਵਿਕਾਸ ਕਾਰਜ ਪੂਰੇ ਹੋ ਚੁੱਕੇ ਹਨ ਜਾਂ ਪ੍ਰਗਤੀ ਅਧੀਨ ਹਨ, ਜਿਸ ਨਾਲ ਪਿੰਡ ਦੇ ਵਿਕਾਸ ਨੂੰ ਨਵੀਆਂ ਉਚਾਈਆਂ ਮਿਲੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਬਾਹੋਵਾਲ ਤੋਂ ਬਾਬਾ ਜੱਖ ਸਾਹਿਬ ਤੱਕ ਸੜਕ ਦੇ ਨਿਰਮਾਣ ਅਤੇ ਅਪਗ੍ਰੇਡੇਸ਼ਨ ਦਾ ਕੰਮ ਵੀ ਸ਼ਾਮਲ ਹੈ, ਜਿਸ 'ਤੇ ?1.57 ਕਰੋੜ ਦੀ ਲਾਗਤ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸੜਕ ਨਾ ਸਿਰਫ਼ ਸਥਾਨਕ ਨਿਵਾਸੀਆਂ ਅਤੇ ਕਿਸਾਨਾਂ ਲਈ ਲਾਭਦਾਇਕ ਸਾਬਤ ਹੋਵੇਗੀ, ਸਗੋਂ ਬਾਬਾ ਜਾਖੂ ਸਾਹਿਬ ਆਉਣ ਵਾਲੀ ਸੰਗਤ ਲਈ ਵੀ ਆਵਾਜਾਈ ਨੂੰ ਸੁਗਮ ਬਣਾਏਗੀ।ਡਾ. ਈਸ਼ਾਂਕ ਕੁਮਾਰ ਨੇ ਅੱਗੇ ਦੱਸਿਆ ਕਿ ਇਸ ਪ੍ਰੋਜੈਕਟ ਤੋਂ ਇਲਾਵਾ ਖੇਤਰ ਵਿੱਚ ਸੰਪਰਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਭਗ 9.32 ਕਰੋੜ ਦੀਆਂ ਹੋਰ ਸੜਕ ਪ੍ਰੋਜੈਕਟਾਂ 'ਤੇ ਵੀ ਕੰਮ ਜਾਰੀ ਹੈ। ਇਨ੍ਹਾਂ ਵਿੱਚ ਹੁਸ਼ਿਆਰਪੁਰ-ਮਾਹਿਲਪੁਰ ਰੋਡ ਤੋਂ ਬਾਹੋਵਾਲ-ਭਾਮ ਸੜਕ ਵਾਇਆ ਬਾੜੀਆਂ ਕਲਾਂ-ਮੱਖਣਗੜ੍ਹ ਦੀ 10.50 ਕਿਲੋਮੀਟਰ ਲੰਬੀ ਸੜਕ ਦਾ ਅਪਗ੍ਰੇਡੇਸ਼ਨ 8.03 ਕਰੋੜ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਬਾਹੋਵਾਲ ਤੋਂ ਖੇਤੀਬਾੜੀ ਭਵਨ ਬਾੜੀਆਂ ਤੱਕ ਦੀ ਸੜਕ ਦੇ ਸੁਧਾਰ 'ਤੇ ?1.28 ਕਰੋੜ ਖਰਚ ਕੀਤੇ ਜਾ ਰਹੇ ਹਨ। ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਬਿਹਤਰ ਸੜਕਾਂ, ਸਿੰਚਾਈ ਸਹੂਲਤਾਂ, ਸਫ਼ਾਈ ਢਾਂਚਾ ਅਤੇ ਖੇਡ ਸਹੂਲਤਾਂ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾ ਰਹੀਆਂ ਹਨ। ਬਾਹੋਵਾਲ ਦੇ ਸਰਪੰਚ ਹਰਦੀਪ ਸਿੰਘ ਨੇ ਡਾ. ਈਸ਼ਾਂਕ ਕੁਮਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਹੋਵਾਲ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕ ਉਨ੍ਹਾਂ ਦੀ ਵਿਕਾਸਮੁਖੀ ਸੋਚ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਚੱਲ ਰਹੇ ਸੜਕ ਪ੍ਰੋਜੈਕਟ ਖੇਤਰ ਦੀ ਸੰਪਰਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਸਮੁੱਚੇ ਵਿਕਾਸ ਨੂੰ ਨਵੀਂ ਦਿਸ਼ਾ ਦੇਣਗੇ।

## ਕੇਂਦਰ ਸਰਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਜਲਦ ਕਰਾਏ : ਮਨਜੀਤ ਸਿੰਘ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਦੇਸ਼ ਦੀ ਕੇਂਦਰ ਸਰਕਾਰ ਸਿੱਖਾਂ ਦੀ ਪਾਰਲੀਮੈਂਟ ਵੱਲੋਂ ਜਾਣੀ ਜਾਂਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦ ਕਰਾਵੇ ਜਿਸਦੀ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਬੜੀ ਬੇਸਬਰੀ ਨਾਲ ਉਡੀਕ ਕਰ ਰਹੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲਾ ਹੁਸ਼ਿਆਰਪੁਰ ਦੇ ਪ੍ਰਧਾਨ ਮਨਜੀਤ



ਸਿੰਘ ਦਸੂਹਾ ਨੇ ਸੀਨੀਅਰ ਅਕਾਲੀ ਆਗੂਆਂ ਦੇ ਵਰਕਰਾਂ ਦੀ ਹਾਜ਼ਰੀ ਵਿੱਚ ਵਿਸ਼ੇਸ਼ ਗੱਲਬਾਤ ਦੌਰਾਨ ਕਰਦਿਆਂ ਕੀਤਾ। ਇਸ ਮੌਕੇ ਪਾਰਟੀ ਦੇ ਸੀਨੀਅਰ ਜਰਨਲ ਸਕੱਤਰ ਅਵਤਾਰ ਸਿੰਘ ਜੌਹਲ, ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਹਰਬੰਸ ਸਿੰਘ ਮੰਝਪੁਰ, ਕੌਮੀ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਜੰਡਾ, ਸਕੱਤਰ ਜਨਰਲ ਸੁਖਵਿੰਦਰ ਸਿੰਘ ਮੂਨਕ, ਹਲਕਾ ਸੇਵਾਦਾਰ ਸ਼ਾਮ ਚੁਰਾਸੀ ਮਦਨ ਮੋਹਨ ਸਿੰਘ ਮੂਸਾ, ਸਰਕਲ ਪ੍ਰਧਾਨ ਮੁਕੇਰੀਆਂ ਚੀਫ ਨਿਰਮਲ ਸਿੰਘ, ਸਰਕਲ ਪ੍ਰਧਾਨ ਦਸੂਹਾ ਲਖਵੰਤ ਸਿੰਘ ਚੀਮਾ ਨੇ ਵੀ ਕੇਂਦਰ ਸਰਕਾਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦੀ ਕਰਾਉਣ ਦੀ ਮੰਗ ਕੀਤੀ।

## ਵਿਦਿਆਰਥੀਆਂ ਨੇ ਭਾਰਤ-ਅਫਗਾਨਿਸਤਾਨ ਟੈਸਟ ਮੈਚ ਦਾ ਆਨੰਦ ਮਾਣਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ ਸੀ ਏ) ਦੇ ਸਕੱਤਰ ਅਤੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਦੇ ਸੱਦੇ ਉੱਤੇ ਬਰਨਾਲਾ ਦੇ ਸਰਕਾਰੀ ਸਕੂਲਾਂ ਦੇ 1100 ਵਿਦਿਆਰਥੀਆਂ ਨੇ ਨਿਊ ਚੰਡੀਗੜ੍ਹ ਸਥਿਤ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿਖੇ ਭਾਰਤ-ਅਫਗਾਨਿਸਤਾਨ ਟੈਸਟ ਮੈਚ ਦਾ ਆਨੰਦ ਮਾਣਿਆ। ਮੀਤ ਹੇਅਰ ਅਤੇ ਭਾਰਤੀ ਕਪਤਾਨ ਸ਼ੁਭਮਨ ਗਿੱਲ ਦੇ ਪਿਤਾ ਲਖਵਿੰਦਰ ਸਿੰਘ ਗਿੱਲ ਨੇ ਵਿਦਿਆਰਥੀਆਂ ਨਾਲ ਯੁਵਰਾਜ ਸਿੰਘ ਸਟੈਂਡ ਅੰਦਰ ਬੈਠ ਕੇ ਮੈਚ ਵੇਖਿਆ। ਭਾਰਤ ਨੇ ਇਹ ਟੈਸਟ ਮੈਚ ਇਕ ਪਾਰੀ ਅਤੇ 300 ਦੌੜਾਂ ਨਾਲ ਜਿੱਤਿਆ।ਬਰਨਾਲਾ ਦੇ ਸਕੂਲ ਆਫ਼ ਐਮੀਨੈਂਸ ਅਤੇ ਵੱਖ-ਵੱਖ ਸਰਕਾਰੀ ਸਕੂਲਾਂ ਦੇ 1100 ਵਿਦਿਆਰਥੀਆਂ ਨੇ ਕ੍ਰਿਕਟ ਸਟੇਡੀਅਮ ਅੰਦਰ ਪੂਰਾ ਦਿਨ ਰੰਗ ਬੰਨ੍ਹੀ ਰੱਖਿਆ ਅਤੇ ਨਿਰੰਤਰ ਤਾੜੀਆਂ ਦੀ ਗੜਗੜਾਹਟ ਨਾਲ ਖਿਡਾਰੀਆਂ ਦੀ ਹੌਸ਼ਲਾ ਅਫਜਾਈ ਕੀਤੀ। ਯੁਵਰਾਜ ਸਿੰਘ ਸਟੈਂਡ ਵਿੱਚ ਬੈਠੇ ਵਿਦਿਆਰਥੀਆਂ ਨੂੰ ਉਚੇਚੇ ਤੌਰ ਉੱਤੇ ਮਿਲਣ ਗਏ ਮੀਤ ਹੇਅਰ ਨੇ ਵਿਦਿਆਰਥੀਆਂ ਨਾਲ ਬੈਠ ਕੇ ਦੂਜੇ ਸੈਸ਼ਨ ਦੀ ਖੇਡ ਦਾ ਆਨੰਦ ਮਾਣਿਆ। ਵਿਦਿਆਰਥੀ ਬਹੁਤ ਉਤਸ਼ਾਹਤ ਸਨ ਜਿਨ੍ਹਾਂ ਹੱਥਾਂ ਵਿੱਚ ਖਿਡਾਰੀਆਂ ਤੇ ਟੀਮ ਦੇ ਸਪੋਰਟ ਵਿੱਚ ਬੈਨਰ, ਪੋਸਟਰ ਬਣਾਏ ਹੋਏ ਸਨ।ਸਾਰੇ ਵਿਦਿਆਰਥੀ ਉਹ ਸਨ, ਜੋ ਪਹਿਲੀ ਵਾਰ ਸਟੇਡੀਅਮ ਅੰਦਰ ਮੈਚ ਵੇਖਣ ਆਏ ਸਨ। ਵਿਦਿਆਰਥੀਆਂ ਨੇ ਮੀਤ ਹੇਅਰ ਅਤੇ ਪੀ ਸੀ ਏ ਦਾ ਵਿਸ਼ੇਸ਼ ਧੰਨਵਾਦ ਕੀਤਾ। ਵਿਦਿਆਰਥੀਆਂ ਨੇ ਸ਼ੁਭਮਨ ਗਿੱਲ ਦੇ ਪਿਤਾ ਤੋਂ ਪੋਸਟਰਾਂ ਉੱਪਰ ਆਟੋਗ੍ਰਾਫ ਵੀ ਲਏ। ਮੀਤ ਹੇਅਰ ਨੇ ਸਾਰੇ ਵਿਦਿਆਰਥੀਆਂ ਦਾ ਪੀ ਸੀ ਏ ਵੱਲੋਂ ਸਵਾਗਤ ਕਰਦਿਆਂ ਜੀ ਆਇਆਂ ਆਖਿਆ।

## ਮੁੱਖ ਸਕੱਤਰ ਨੇ ਕੀਤੀ ਯਮੁਨਾ ਪੁਨਰ-ਉਧਾਰ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਕਿਹਾ ਕਿ ਰਾਜ ਸਰਕਾਰ ਤਾਲਮੇਲ, ਸਮਾਂਬੱਧ ਅਤੇ ਤਕਨੀਕ ਅਧਾਰਤ ਪਹੁੰਚ ਰਾਹੀਂ ਯਮੁਨਾ ਨੂੰ ਸਵੱਛ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਸਬੰਧਤ ਵਿਭਾਗਾਂ ਨੂੰ ਸੀਵੇਜ ਸੋਧਣ, ਉਦਯੋਗਿਕ ਕੂੜਾ ਪ੍ਰਬੰਧਨ ਅਤੇ ਪ੍ਰਦੂਸ਼ਣ ਕੰਟਰੋਲ ਨਾਲ ਜੁੜੇ ਮੌਜੂਦਾ ਅਤੇ ਪ੍ਰਸਤਾਵਿਤ, ਸਾਰੇ ਪ੍ਰੋਜੈਕਟਾਂ ਦੇ ਲਾਗੂਕਰਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਇਨ੍ਹਾਂ ਨੂੰ 31 ਦਸੰਬਰ, 2027 ਤੱਕ ਪੂਰਾ ਕੀਤਾ ਜਾਵੇ ਤਾਂ ਜੋ ਯਮੁਨਾ ਨਦੀ ਅਤੇ ਉਸ ਨਾਲ ਜੁੜੇ ਸਹਾਇਕ ਨਾਲਿਆਂ ਦੇ ਪਾਣੀ ਦੀ ਗੁਣਵੱਤਾ ਵਿੱਚ ਸੁਧਾਰ ਯਕੀਨੀ ਬਣਾਇਆ ਜਾ ਸਕੇ।ਸ੍ਰੀ ਰਸਤੋਗੀ ਇੱਥੇ ਇੱਕ ਉਚ ਪੱਧਰੀ ਮੀਟਿੰਗ ਵਿੱਚ ਯਮੁਨਾ ਐਕਸ਼ਨ ਪਲਾਨ ਦੀ ਪ੍ਰਗਤੀ ਦੀ ਸਮੀਖਿਆ ਕਰ ਰਹੇ ਸਨ।

## ਕ੍ਰਿਸ਼ੀ ਵਿਗਿਆਨ ਕੇਂਦਰ ਨੇ ਸਿਖਲਾਈ ਕੈਂਪ ਲਗਾਇਆ

**ਨਵਾਂ ਸ਼ਹਿਰ (ਮਨੋਜ ਲਾਡੀ)**- ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਬਲਾਚੌਰ ਵਿਖੇ ਸਿਖਲਾਈ ਕੈਂਪ ਦਾ ਆਯੋਜਨ ਕੀਤਾ। ਪੀ ਏ ਯੂ ਲੁਧਿਆਣਾ ਅਤੇ



ਆਈ ਸੀ ਏ ਆਰ-ਅਟਾਰੀ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ।ਇਹ ਮੁਹਿੰਮ ਡਾ. ਪ੍ਰਦੀਪ ਕੁਮਾਰ, ਐਸੋਸੀਏਟ ਡਾਇਰੈਕਟਰ (ਸਿਖਲਾਈ) ਦੀ ਯੋਗ ਰਹਿਨੁਮਾਈ ਹੇਠ ਚਲਾਈ ਜਾ ਰਹੀ ਹੈ।ਇਸ ਤਕਨੀਕੀ ਸੈਸ਼ਨ ਨੂੰ ਹੋਰ ਮਜ਼ਬੂਤ ਕਰਦਿਆਂ, ਮੁੱਖ ਖੇਤੀਬਾੜੀ ਅਫ਼ਸਰ ਡਾ. ਲੇਖ ਰਾਜ ਅਤੇ ਖੇਤੀਬਾੜੀ ਅਫ਼ਸਰ ਡਾ. ਜਗਮਨਦੀਪ ਕੌਰ ਨੇ ਕਿਸਾਨਾਂ ਨਾਲ ਸਿੱਧਾ ਸੰਵਾਦ ਰਚਾਇਆ। ਉਨ੍ਹਾਂ ਨੇ ਵੱਖ-ਵੱਖ ਸਰਕਾਰੀ ਖੇਤੀਬਾੜੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜੋ ਇਸ ਵਾਤਾਵਰਣਕ ਤਬਦੀਲੀ ਦੌਰਾਨ ਕਿਸਾਨਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਦੀਆਂ ਹਨ। ਇਸ ਤੋਂ ਇਲਾਵਾ, ਉਨ੍ਹਾਂ ਨੇ ਹਾਜ਼ਰੀਨ ਨੂੰ ਖਾਦਾਂ ਦੀ ਸੰਤੁਲਿਤ ਅਤੇ ਸਮਝਦਾਰੀ ਨਾਲ ਵਰਤੋਂ ਬਾਰੇ ਸਿਖਲਾਈ ਦਿੱਤੀ ਅਤੇ ਖੇਡ ਰਾਹੀਂ ਸਮਝਾਇਆ ਕਿ ਕਿਸ ਤਰ੍ਹਾਂ ਹਿਸਾਬ-ਕਿਤਾਬ ਨਾਲ ਪਾਈ ਗਈ ਖਾਦ ਲਾਗਤ ਖਰਚਿਆਂ ਨੂੰ ਘਟਾਉਂਦੀ ਹੈ ਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵੀ ਸੁਰੱਖਿਅਤ ਰੱਖਦੀ ਹੈ।ਖੇਤ ਬਚਾਓ ਅਭਿਆਨ ਸਪੱਸ਼ਟ ਤੌਰ 'ਤੇ ਰੇਖਾਂਕਿਤ ਕਰਦਾ ਹੈ ਕਿ ਰਸਾਇਣਕ-ਸੰਘਣੀ ਖੇਤੀ ਤੋਂ ਕਿਨਾਰਾ ਕਰਨਾ ਵਾਤਾਵਰਣ ਦੀ ਲੋੜ ਵੀ ਹੈ ਤੇ ਆਰਥਿਕ ਲਾਭ ਵੀ ਬਾਇਓ-ਫਾਰਮੂਲੇਸ਼ਨਾਂ ਹਰੀ ਖਾਦ ਅਤੇ ਸਰਕਾਰੀ ਸਕੀਮਾਂ ਦੇ ਲਾਭਾਂ ਬਾਰੇ ਅਮਲੀ ਸਿਖਲਾਈ ਦੇ ਕੇ, ਕੇ.ਵੀ.ਕੇ. ਲੰਗੜੋਆ ਪੰਜਾਬ ਦੇ ਕਿਸਾਨਾਂ ਨੂੰ ਇੱਕ ਸਵੈ-ਨਿਰਭਰ, ਜ਼ਹਿਰ-ਮੁਕਤ ਅਤੇ ਮੁਨਾਫ਼ੇ ਵਾਲਾ ਖੇਤੀਬਾੜੀ ਤੰਤਰ ਸਿਰਜਣ ਲਈ ਸਫ਼ਲਤਾਪੂਰਵਕ ਸਮਰੱਥ ਬਣਾ ਰਿਹਾ ਹੈ।

## ਡਿਪਟੀ ਸਪੀਕਰ ਦੀ ਅਗਵਾਈ 'ਚ ਮਿਲੀ ਸ਼ਾਨਦਾਰ ਜਿੱਤ 'ਤੇ ਪੰਚਾਇਤ ਨੇ ਦਿੱਤੀ ਵਧਾਈ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਗੜ੍ਹਸ਼ੰਕਰ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮਿਲੀ ਸ਼ਾਨਦਾਰ ਜਿੱਤ ਤੋਂ ਬਾਅਦ ਪਿੰਡ



ਮੋਰਾਂਵਾਲੀ ਦੀ ਪੰਚਾਇਤ, ਪਾਰਟੀ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ। ਡਿਪਟੀ ਸਪੀਕਰ ਦੇ ਦਫ਼ਤਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਕੇਕ ਕੱਟ ਕੇ ਜਿੱਤ ਦਾ ਜਸ਼ਨ ਮਨਾਇਆ ਗਿਆ ਅਤੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਸਾਂਝੀ ਕੀਤੀ ਗਈ। ਸਮਾਗਮ ਦੌਰਾਨ ਬੋਲਦਿਆਂ ਪੰਚਾਇਤ ਮੈਂਬਰਾਂ ਅਤੇ ਪਾਰਟੀ ਆਗੂਆਂ ਨੇ ਕਿਹਾ ਕਿ ਇਹ ਜਿੱਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਦੂਰਅੰਦੇਸ਼ੀ ਅਗਵਾਈ, ਲੋਕਾਂ ਨਾਲ ਨਿਰੰਤਰ ਜੁੜਾਅ ਅਤੇ ਵਿਕਾਸ ਪੱਖੀ ਸੋਚ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਦੇ ਲੋਕਾਂ ਨੇ ਵਿਕਾਸ, ਪਾਰਦਰਸ਼ਤਾ ਅਤੇ ਲੋਕ ਭਲਾਈ ਦੀ ਰਾਜਨੀਤੀ ਨੂੰ ਸਮਰਥਨ ਦਿੰਦਿਆਂ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਆਪਣਾ ਫ਼ੈਸਲਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਵਿੱਚ ਮਿਲੀ ਇਹ ਜਿੱਤ ਸ਼ਹਿਰ ਦੇ ਵਿਕਾਸ ਨੂੰ ਹੋਰ ਗਤੀ ਦੇਵੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਤੇ ਓ ਐੱਸ ਡੀ ਚਰਨਜੀਤ ਸਿੰਘ, ਯੂਥ ਪ੍ਰਧਾਨ ਅਤੇ ਐੱਮ.ਸੀ. ਪ੍ਰਿੰਸ ਚੌਧਰੀ, ਸਰਪੰਚ ਅਮਨਦੀਪ ਸਿੰਘ ਰਾਏ, ਦਰਸ਼ਨ ਰਾਮ ਪੰਚ, ਹਰਪ੍ਰੀਤ ਕੌਰ ਪੰਚ, ਰਾਜੂ ਬਾਲਾ ਪੰਚ, ਨਰਿੰਦਰ ਸਿੰਘ, ਜਸਵਿੰਦਰ ਕੌਰ ਪੰਚ, ਪਵਨਦੀਪ ਕੌਰ, ਕਮਲਜੀਤ ਕੌਰ, ਜਸਵੀਰ ਕੌਰ, ਜਸਪਾਲ ਕੌਰ ਸਮੇਤ ਮੋਰਾਂਵਾਲੀ ਪੰਚਾਇਤ ਦੇ ਮੈਂਬਰ, ਪਾਰਟੀ ਵਰਕਰ, ਸਮਾਜ ਸੇਵੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



ਆਮ ਆਦਮੀ ਪਾਰਟੀ ਹਲਕਾ ਫਿਲੌਰ ਦੀ ਇੰਚਾਰਜ ਬੀਬੀ ਹਰਜੋਤ ਕੌਰ ਲੋਹਟੀਆ ਆਪਣੇ ਸਾਥੀਆਂ ਨਾਲ ਡਾ: ਭੀਮ ਰਾਓ ਅੰਬੇਦਕਰ ਚੌਂਕ ਫਿਲੌਰ ਪੁਜੇ ਤੇ ਡਾ: ਭੀਮ ਰਾਓ ਅੰਬੇਦਕਰ ਦੇ ਬੁੱਤ ਤੇ ਫੁੱਲ ਮਲਾਵਾਂ ਭੇਂਟ ਕੀਤੀਆਂ। ਇਸ ਮੌਕੇ ਪਾਰਟੀ ਵਰਕਰ ਭਾਰੀ ਗਿਣਤੀ ਵਿੱਚ ਹਾਜ਼ਰ ਸਨ। (ਫੋਟੋ ਤੇ ਵੇਰਵਾ ਨਿਰਮਲ ਫਿਲੌਰ)

